ਸਾਂਝੀ ਸੋਚ ਅਖ਼ਬਾਰ ਅਤੇ ਟੀ.ਵੀ ਨਾਲ ਜੁੜਨ ਲਈ ਸੰਪਰਕ ਕਰੋ
ਅੰਮ੍ਰਿਤਸਰ +91 81463 20009
ਪਟਿਆਲਾ +91 79735 07533

# ਸਾਂਝੀ ਸੋਚ
SANJHI SOCH
ਸਾਂਝੀ ਸੋਚ
ਰੋਜ਼ਾਨਾ ਪੰਜਾਬੀ ਅਖ਼ਬਾਰ
ਪੰਜਾਬੀਅਤ ਦੀ ਸੋਚ 'ਤੇ ਪਹਿਰਾ

DOWNLOAD THE APP
NOW AVAILABLE ON
24x7
LIVE STREAMING
ਸਾਂਝੀ ਸੋਚ ਟੀ ਵੀ Mobile App 'ਤੇ ਵੀ ਉਪਲਬਧ

VOL-13 ISSUE 2455 | 5 May, 2026 Tuesday | www.sanjhisoch.com | ਕੈਲੀਫੋਰਨੀਆ ★ ਪੰਜਾਬ ★ ਹਿਮਾਚਲ ★ ਹਰਿਆਣਾ ★ ਦੇਸ ਦੁਨੀਆਂ | +1 (209) 303-1260


## ਲੈਂਡਿੰਗ ਦੌਰਾਨ ਇੱਕ ਖੰਭੇ ਅਤੇ ਟਰੱਕ ਨਾਲ ਟਕਰਾਇਆ ਜਹਾਜ਼: 231 ਯਾਤਰੀਆਂ ਦੇ ਅਟਕੇ ਸਾਹ!

**ਵਾਸ਼ਿੰਗਟਨ ਸਾਂਝੀ ਸੋਚ ਬਿਊਰੋ**

ਅਮਰੀਕਾ ਵਿੱਚ ਇੱਕ ਵੱਡਾ ਹਾਦਸਾ ਹੁੰਦੇ-ਹੁੰਦੇ ਬਚ ਗਿਆ। ਯੂਨਾਈਟਿਡ ਏਅਰਲਾਈਨਜ਼ ਦਾ ਇੱਕ ਜਹਾਜ਼ ਲੈਂਡਿੰਗ ਵੇਲੇ ਹਾਈਵੇਅ ‘ਤੇ ਇੱਕ ਖੰਭੇ ਅਤੇ ਟਰੱਕ ਨਾਲ ਟਕਰਾ ਗਿਆ। ਜਦੋਂ ਜਹਾਜ਼ ਨਾਲ ਇਹ ਦੁਰਘਟਨਾ ਹੋਈ, ਉਦੋਂ ਉਸ ਵਿੱਚ 231 ਯਾਤਰੀ ਅਤੇ ਕਰੂ ਮੈਂਬਰ ਸਵਾਰ ਸਨ। ਨਿਊਜ਼ ਏਜੰਸੀ ਏਐਫਪੀ ਦੀ ਰਿਪੋਰਟ ਅਨੁਸਾਰ, ਫੈਡਰਲ ਐਵੀਏਸ਼ਨ ਐਡਮਿਨਿਸਟ੍ਰੇਸ਼ਨ ਨੇ ਦੱਸਿਆ ਕਿ ਇਹ ਬੋਇੰਗ 767 ਜਹਾਜ਼ ਇਟਲੀ ਦੇ ਵੇਨਿਸ ਤੋਂ ਆ ਰਿਹਾ ਸੀ ਅਤੇ ਰਾਹਤ ਦੀ ਗੱਲ ਇਹ ਰਹੀ ਕਿ ਇਹ ਨਿਊਆਰਕ ਲਿਬਰਟੀ ਇੰਟਰਨੈਸ਼ਨਲ ਏਅਰਪੋਰਟ ‘ਤੇ ਸੁਰੱਖਿਅਤ ਉਤਰ ਗਿਆ। ਏਜੰਸੀ ਇਸ ਘਟਨਾ ਦੀ ਜਾਂਚ ਕਰੇਗੀ। ਨਿਊ ਜਰਸੀ ਸਟੇਟ ਪੁਲਿਸ ਦੀ ਸ਼ੁਰੂਆਤੀ ਜਾਂਚ ਵਿੱਚ ਦੱਸਿਆ ਗਿਆ ਕਿ ਜਦੋਂ ਜਹਾਜ਼ ਰਨਵੇਅ ਦੇ ਕੋਲ ਉਤਰਨ ਵਾਲਾ ਸੀ, ਉਦੋਂ ਹੀ ਉਸ ਦੇ ਲੈਂਡਿੰਗ ਟਾਇਰ ਅਤੇ ਹੇਠਲਾ ਹਿੱਸਾ ਇੱਕ ਖੰਭੇ ਅਤੇ ਟ੍ਰੈਕਟਰ-ਟ੍ਰੇਲਰ (ਵੱਡੇ ਟਰੱਕ) ਨਾਲ ਟਕਰਾ ਗਿਆ। ਪੁਲਿਸ ਨੇ ਕਿਹਾ ਕਿ ਇਸ ਤੋਂ ਬਾਅਦ ਉਹ ਖੰਭਾ ਇੱਕ ਜੀਪ ਨਾਲ ਵੀ ਟਕਰਾ ਗਿਆ, ਜੋ



ਉਸੇ ਹਾਈਵੇਅ ‘ਤੇ ਚੱਲ ਰਹੀ ਸੀ। ਪੋਰਟ ਅਥਾਰਟੀ ਆਫ ਨਿਊਯਾਰਕ ਐਂਡ ਨਿਊ ਜਰਸੀ ਦੇ ਅਨੁਸਾਰ, ਜਹਾਜ਼ ਵਿੱਚ ਸਵਾਰ ਕਿਸੇ ਵੀ ਵਿਅਕਤੀ ਨੂੰ ਸੱਟ ਨਹੀਂ ਲੱਗੀ। ਟਰੱਕ ਡਰਾਈਵਰ ਨੂੰ ਮਾਮੂਲੀ ਸੱਟਾਂ ਆਈਆਂ ਹਨ, ਜਿਸ ਨੂੰ ਹਸਪਤਾਲ ਲਿਜਾਇਆ ਗਿਆ ਅਤੇ ਬਾਅਦ ਵਿੱਚ ਛੁੱਟੀ ਦੇ ਦਿੱਤੀ ਗਈ। ਯੂਨਾਈਟਿਡ ਏਅਰਲਾਈਨਜ਼ ਨੇ ਬਿਆਨ ਵਿੱਚ ਕਿਹਾ ਕਿ ਉਹ ਇਸ ਘਟਨਾ ਦੀ ਡੂੰਘਾਈ ਨਾਲ ਫਲਾਈਟ ਸੇਫਟੀ ਜਾਂਚ ਕਰੇਗੀ।

## ਭਾਜਪਾ ਨੇ ਪੱਛਮੀ ਬੰਗਾਲ 'ਚ ਰਚਿਆ ਇਤਿਹਾਸ ਅਸਾਮ ਅਤੇ ਪੁਡੂਚੇਰੀ 'ਚ ਵੀ ਐਨਡੀਏ ਦੀ ਵਾਪਸੀ

**ਕਲਕੱਤਾ ਸਾਂਝੀ ਸੋਚ ਬਿਊਰੋ**


ਭਾਰਤ ਦੀਆਂ 2026 ਦੀਆਂ ਵਿਧਾਨ ਸਭਾ ਚੋਣਾਂ ਦੇ ਨਤੀਜਿਆਂ ਨੇ ਦੇਸ਼ ਦੀ ਸਿਆਸਤ ਵਿੱਚ ਇੱਕ ਨਵਾਂ ਮੋੜ ਲਿਆ ਦਿੱਤਾ ਹੈ। ਭਾਰਤੀ ਜਨਤਾ ਪਾਰਟੀ ਨੇ ਜਿੱਥੇ ਪੱਛਮੀ ਬੰਗਾਲ ਵਿੱਚ ਇਤਿਹਾਸਕ ਜਿੱਤ ਦਰਜ ਕੀਤੀ ਹੈ, ਉੱਥੇ ਹੀ ਕੇਰਲ ਵਿੱਚ ਕਾਂਗਰਸ ਦੀ ਅਗਵਾਈ ਵਾਲੇ ਯੂਡੀਐਫ ਅਤੇ ਤਾਮਿਲਨਾਡੂ ਵਿੱਚ ਅਦਾਕਾਰ ਵਿਜੇ ਦੀ ਪਾਰਟੀ ਟੀਵੀਕੇ ਨੇ ਸ਼ਾਨਦਾਰ ਪ੍ਰਦਰਸ਼ਨ ਕੀਤਾ ਹੈ। ਭਾਜਪਾ ਨੇ ਪੱਛਮੀ ਬੰਗਾਲ ਦੀਆਂ 294 ਸੀਟਾਂ ਵਿੱਚੋਂਨ ਬਹੁਮਤ ਦਾ ਅੰਕੜਾ (148) ਪਾਰ ਕਰਦਿਆਂ ਇਤਿਹਾਸਕ ਜਿੱਤ ਦਰਜ ਕੀਤੀ ਹੈ। ਭਾਜਪਾ ਨੇ 207 ਅਤੇ ਤ੍ਰਿਣਮੂਲ ਕਾਂਗਰਸ ਨੂੰ ਸਿਰਫ 79 ਸੀਟਾਂ ਮਿਲੀਆਂ। ਕਾਂਗਰਸ ਨੂੰ ਸਿਰਫ ਦੋ ਸੀਟਾਂ ਹੀ ਮਿਲੀਆਂ। ਭਾਜਪਾ ਦੀ ਅਗਵਾਈ ਵਾਲੇ ਐਨਡੀਏ ਨੇ ਲਗਾਤਾਰ ਤੀਜੀ ਵਾਰ ਅਸਾਮ ਵਿੱਚ ਜਿੱਤ ਦਰਜ ਕੀਤੀ ਹੈ। ਭਾਜਪਾ ਨੇ ਇਕੱਲਿਆਂ 81 ਸੀਟਾਂ ਜਿੱਤੀਆਂ ਹਨ, ਜਦਕਿ ਸਹਿਯੋਗੀ ਏਜੀਪੀ ਨੇ 9 ਅਤੇ ਬੀਪੀਐਫ ਨੇ 10 ਸੀਟਾਂ ਹਾਸਲ ਕੀਤੀਆਂ ਹਨ। ਮੁੱਖ ਮੰਤਰੀ ਹਿੰਮਤ ਵਿਸ਼ਵਾ ਸਰਮਾ ਜਾਲੁਕਬਾਰੀ ਤੋਂ ਜੇਤੂ ਰਹੇ। 30 ਮੈਂਬਰੀ ਪੁਡੂਚੇਰੀ ਵਿਧਾਨ ਸਭਾ ਵਿੱਚ ਐਨਡੀਏ ਨੇ 18 ਸੀਟਾਂ ਜਿੱਤ ਕੇ ਬਹੁਮਤ ਹਾਸਲ ਕਰ




ਲਿਆ ਹੈ। ਇੱਥੇ ਏਆਈਐਨਆਰਸੀ ਨੇ 12 ਅਤੇ ਭਾਜਪਾ ਨੇ 4 ਸੀਟਾਂ ਜਿੱਤੀਆਂ ਹਨ। ਕਾਂਗਰਸ ਦੀ ਅਗਵਾਈ ਵਾਲੇ ਯੂਡੀਐਫ ਨੇ ਕੇਰਲ ਵਿੱਚ ਵੱਡੀ ਜਿੱਤ ਦਰਜ ਕੀਤੀ ਹੈ। ਕਾਂਗਰਸ ਨੇ 63 ਅਤੇ ਸਹਿਯੋਗੀ ਆਈਯੂਐਮਐਲ ਨੇ 22 ਸੀਟਾਂ ਜਿੱਤੀਆਂ ਹਨ। ਮੁੱਖ ਮੰਤਰੀ ਪਿਨਾਰਾਈ ਵਿਜਯਨ ਨੂੰ ਧਰਮਦਮ ਤੋਂ ਹਾਰ ਦਾ ਸਾਹਮਣਾ ਕਰਨਾ ਪਿਆ ਹੈ। ਅਦਾਕਾਰ ਤੋਂ ਸਿਆਸਤਦਾਨ ਬਣੇ ਵਿਜੇ ਦੀ ਪਾਰਟੀ 'ਤਮਿਲਗਾ ਵੇਤਰੀ ਕੜਗਮ' 65 ਸੀਟਾਂ ਜਿੱਤ ਕੇ ਤਾਮਿਲਨਾਡੂ ਵਿੱਚ ਸਭ ਤੋਂ ਵੱਡੀ ਪਾਰਟੀ ਵਜੋਂ ਉਭਰੀ ਹੈ। ਡੀਐਮਕੇ ਨੇ 25 ਅਤੇ ਏਆਈਏਡੀਐਮਕੇ ਨੇ 22 ਸੀਟਾਂ 'ਤੇ ਜਿੱਤ ਦਰਜ ਕੀਤੀ ਹੈ।


Jaspreet Singh
Attorney-At-Law
Loan Modification
Bankruptcy, Immigration, Political Asylum, Deportation, Defense, Citizenship, L-1, H-1, Family Law, Divorce

Fremont:
44790 S, GRIMMER BLVD #204, FREMONT, CA 94538
Phone: 510-657-6444, Fax: 510-657-6443
Fresno:
4491 W, Shaw Ave. Suit No. 3008 (Near Costco), Fresno, CA 93722
Phone: 599-271-5511



RE/MAX EXECUTIVE
ਨਵਾਂ ਜਾਂ ਪੁਰਾਣਾ ਘਰ ਖਰੀਦਣ ਜਾਂ ਵੇਚਣ ਲਈ ਅੱਜ ਹੀ ਸੰਪਰਕ ਕਰੋ।
Kirandeep Kaur
Realtor®
ਤੁਸੀਂ ਸਾਡੇ ਨਾਲ ਹਿੰਦੀ ਅਤੇ ਪੰਜਾਬੀ ਭਾਸ਼ਾ 'ਚ ਵੀ ਗੱਲ ਕਰ ਸਕਦੇ ਹੋ।
Contact : Cell (209) 550-1704
220 - A Standiford Ave, Modesto, CA 95350, kkaur@mycvre.com

Law Offices of
Ashwani K.Bhakhri
1299 Bayshore Hwy Suite 208
Burlingame, CA 94010

ਸੜਕ ਹਾਦਸਾ ਹੋਣ ਜਾਂ ਕਿਸੇ ਟਰੱਕ ਨਾਲ ਹਾਦਸਾ ਹੋਣ ਜਾਂ ਕੰਮ ਦੌਰਾਨ ਸੱਟ ਲੱਗਣ 'ਤੇ ਵਰਕਰ ਮੁਆਵਜ਼ਾ ਲੈਣ ਲਈ ਵਕੀਲ ਦੀ ਲੋੜ ਹੋਵੇ ਤਾਂ ਸਾਡੇ ਨਾਲ ਸੰਪਰਕ ਕਰੋ
ਤੁਸੀਂ ਆਪਣੇ ਇਮੀਗ੍ਰੇਸ਼ਨ ਦੇ ਕੇਸਾਂ ਬਾਰੇ ਵੀ ਸਾਡੇ ਤੋਂ ਸੇਵਾਵਾਂ ਲੈ ਸਕਦੇ ਹੋ
(650) 685-6334
(916) 379-9700
(209) 666-4220
Ashwani Kumar Bhakhri
Attorney at Law
www.bhakhrilawfirm.us
bhakhrilawfirm@gmail.com


LAMBA VIDEO
★ Weddings ★ Birthdays ★ Photo Shoots

HD Quality Wedding Videos
Pre Wedding Shoots
Packages fit to your budget
Contact: Barjesh 209-541-0641
Email: lambavideoproduction@yahoo.com

Space availabe for Ad
Contact #
+1 (209) 303-1260

Space available for Ad
Contact # +1 (209) 303-1260
Contact # +91 81463-20009

Space availabe for Ad
Contact #
+1 (209) 303-1260


THE JRP GROUP
A Tradition of Real Estate Excellence
SERVING CALIFORNIA FOR RESIDENTIAL REAL ESTATE NEEDS
ਘਰ ਖਰੀਦਣ ਜਾਂ ਵੇਚਣ ਲਈ ਅੱਜ ਹੀ ਸੰਪਰਕ ਕਰੋ
Ph: (414) 551-0530
Simranveer Singh
Realtor
The JRP Group
DRE #02114137


Pal Films Production
All Your Photo/Videography & Post Production needs Under One Roof
Music Video | Pre Shoots | Weddings | Birthdays
Graduations | Stage Shows Or Any Kind Of Events
Customize Photobooks (upto 6 feet)
Video Editing VFX/DI/CC & Much More....

Full Photo & Videography studio with Green Screen/Blue Screen
(925) 489-3400, (341) 356-1517
palfilms925@gmail.com www.thepalfilms.com

# JRP REALTY GROUP

A TRADITION OF REAL ESTATE EXCELLENCE

## SERVING CALIFORNIA FOR COMMERCIAL REAL ESTATE NEEDS

Specializing in all Types of Commercial Proprtries

**Gas Stations, Apartments, Commercial Buildings, Liquor stores and Land**

CALL TODAY TO BUY/SELL YOUR REAL ESTATE/ BUSINESS



**Jaswant S.Pannu**
Office: 209-900-1994
Cell: 408-340-0157
jaswantpannu@yahoo.com



**Raman Singh**
Cell: 209-605-6500
Office: 209-213-5811
BRE #10889002

We provide the best in class evaluation for your real estate/business to maximize the profits for you

We do commercial loans for businesses, gas stations, lands and commercial properties




For more properties or business, contact us.



**LOVEPREET KAUR**
NMLS #1473924
Office: 209-900-1994
209-497-4588
lkaur@lendingassets.com

24 ਘੰਟਿਆਂ 'ਚ Pre-Approvals ਪ੍ਰਾਪਤ ਕਰੋ

# LENDINGASSETS

Elevating Your Mortgage Experience

## Home Loan ਘਰਾਂ ਦੇ ਲੋਨ


- ★ Minimun credit score 580
- ★ Short sales/Foreclosures/Bankruptcy No problem
- ★ FHA, conventional and ARM loans
- ★ Hard Money Loans
- ★ Second Mortgage
- ★ High Balance and Jumbo loans
- ★ "Second Mortgage" with Equity line of Credit
- ★ Refinance
- ★ Refinance/Cash out ਵੀ ਕਰਦੇ ਹਾਂ ਜੇਕਰ ਤੁਹਾਨੂੰ ਪੈਸੇ ਦੀ ਜਰੂਰਤ ਹੈ

EQUAL HOUSING OPPORTUNITY

- ★ ਸਾਡੇ ਕੋਲ ਹਰ ਤਰ੍ਹਾਂ ਦੇ ਲੋਨ ਪ੍ਰੋਡਕਟ ਹਨ, ਜੋ ਕਿ ਤੁਹਾਨੂੰ ਘਰ ਲੈਣ ਵਿਚ ਮਦਦ ਕਰਦੇ ਹਨ
- ★ ਅਸੀਂ Homes, Condos, Duplexes, Triplexes ਅਤੇ Fourplexes 'ਤੇ ਲੋਨ ਦਿੰਦੇ ਹਾਂ

ਪ੍ਰੀ ਅਪਰੂਵਲ ਜਾਂ ਰੀ-ਫਾਈਨਾਂਸ ਲਈ ਅੱਜ ਹੀ ਕਾਲ ਕਰੋ

**Refinance @2.75% APR or lower**



Apply online at www.lendingassets.com and check out the live lowest rates on our website


OPEN
NAV INDIAN MERCHANDISE
GROCERY STORE
3230 MITCHELL ROAD, STE, C, CERES, CA 95307
ਇੱਥੇ ਪੱਗਾਂ, ਜਵੈਲਰੀ, ਧਾਰਮਿਕ ਫੋਟੋਆਂ, ਰੁਮਾਲਾ ਸਾਹਿਬ, ਪੂਜਾ ਦੀ ਸਮੱਗਰੀ, ਦਾਲਾਂ, ਨਮਕੀਨ, ਇੰਡੀਅਨ ਮੇਡ ਸਪੈਸ਼ਲ ਬਿਸਕੁਟ, ਤਾਜ਼ੀਆਂ ਸਬਜ਼ੀਆਂ, ਫਰੋਜ਼ਨ ਸਬਜ਼ੀਆਂ ਤੇ ਨਾਲ ਹੀ ਖਰੀਦਦਾਰੀ ਕਰ ਸਕਦੇ ਹੋ ਇੰਡੀਅਨ, ਪਾਕਿਸਤਾਨੀ ਤੇ ਫਰੋਜ਼ਨ ਗਰੌਸਰੀ ਦੀ।
ਤਿਓਹਾਰਾਂ ਵਿੱਚ ਆਪਣੇ ਘਰ ਨੂੰ ਬਿਹਤਰੀਨ ਬਨਾਉਣ ਲਈ ਖਰੀਦ ਸਕਦੇ ਹੋ ਸਜਾਵਟ ਦਾ ਸਮਾਨ
ਇੱਕ ਵਾਰ Visit ਜ਼ਰੂਰ ਕਰੋ।
Ria
MONEY TRANSFER
INDIA
ਪੈਸੇ ਭੇਜਣ ਲਈ
RIA MONEY TRANSFER ਦੀਆਂ ਸੇਵਾਵਾਂ ਤੁਸੀਂ ਸਾਡੇ ਸਟੋਰ ਤੋਂ ਲੈ ਸਕਦੇ ਹੋ
Contact Number
+1 (209) 537-5702

ਸਾਂਝੀ ਸੋਚ
SANJHI SOCH

www.sanjhisoch.com
PATTRON: HARJIT BASI
MANAGEMENT



PRESIDENT & CHIEF EDITOR
BOOTA SINGH BASI

SUB EDITOR (CHICAGO, IL OFFICE)
LOVJYOT VIRDI

GENERAL MANAGER
RAVINDER SINGH DHILLON

RESIDENT EDITOR (INDIA)
DR. RAJINDER RIKHI

DISCLAIMER

ਸਾਂਝੀ ਸੋਚ ਵਿਚ ਛਪੇ ਕਿਸੇ ਵੀ ਇਸ਼ਤਿਹਾਰ ਵਿਚ ਕੀਤੇ ਦਾਅਵਿਆਂ ਬਾਰੇ ਸਾਂਝੀ ਸੋਚ ਦੀ ਮੈਨੇਜਮੈਂਟ ਅਤੇ ਸੰਪਾਦਕਾਂ ਦੀ ਕੋਈ ਜ਼ਿੰਮੇਵਾਰੀ ਨਹੀਂ ਹੈ। ਇਸ਼ਤਿਹਾਰਾਂ ਵਾਲੀਆਂ ਕੰਪਨੀਆਂ ਨਾਲ ਲੈਣ-ਦੇਣ ਵਾਲੇ ਵਿਅਕਤੀ ਖੁਦ ਜ਼ਿੰਮੇਵਾਰ ਹੋਣਗੇ। ਸਾਂਝੀ ਸੋਚ ਵਿਚ ਛਪੇ ਲੇਖਾਂ ਵਿਚਲੇ ਵਿਚਾਰਾਂ ਨਾਲ ਅਦਾਰਾ ਸਾਂਝੀ ਸੋਚ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ ਹੈ।

DISPUTES ARE SUBJECT TO SUPERIOR COURTS OF STANISLAUS COUNTY OF CALIFORNIA, USA

SANJHI SOCH
DAILY NEWSPAPER
2601 Oakdale Road,
Suite H2-167 Modesto,
CA 95355 USA
Cell: (209) 303-1260
Email: info@sanjhisoch.com
Visit at: www.sanjhisoch.com

# ਪੱਛਮੀ ਬੰਗਾਲ ਤੋਂ ਬਾਅਦ ਹੁਣ ਭਾਜਪਾ ਦੀ ਤਿਆਰੀ ਪੰਜਾਬ ਵੱਲ ਭਾਜਪਾ ਨੇ ਜਿੱਥੇ ਚਾਹਿਆ ਉੱਥੇ ਹੀ ਬਣਾਈ ਹੈ ਸਰਕਾਰ

## ਵੱਖ-ਵੱਖ ਰਾਜਾਂ ਦੇ ਚੋਣ ਨਤੀਜਿਆਂ ਤੋਂ ਬਾਅਦ ਹੁਣ ਬਾਕੀ ਪਾਰਟੀਆਂ ਦੀ ਵੀ ਉਡੇਗੀ ਪੰਜਾਬ ਵਿੱਚ ਪੂਰੀ ਤਰ੍ਹਾਂ ਨੀਂਦ




ਦੇਸ਼ ਦਾ ਸਿਆਸੀ ਭੂਗੋਲ ਕਿਸੇ ਕੋਲੋਂ ਲੁਕਿਆ ਛੁਪਿਆ ਨਹੀਂ। ਦੇਸ਼ ਦੀ ਆਜ਼ਾਦੀ ਵਿੱਚ ਪੰਜਾਬ ਦੇ ਨਾਲ ਬੰਗਾਲ ਦੇ ਲੋਕਾਂ ਨੇ ਜਿੱਥੇ ਵੱਡਾ ਯੋਗਦਾਨ ਪਾਇਆ ਉੱਥੇ ਇਹ ਦੋਵੇਂ ਰਾਜ ਵੰਡ ਤੋਂ ਬੁਰੀ ਤਰ੍ਹਾਂ ਪੀੜਿਤ ਰਹੇ। ਇਹਨਾਂ ਰਾਜਾਂ ਦੀ ਕਹਾਣੀ ਇਹ ਹੈ ਕਿ ਦੇਸ਼ ਦੀ ਕੇਂਦਰੀ ਸੱਤਾ ਤੋਂ ਹਮੇਸ਼ਾ ਵੱਖਰੀ ਲੱਗੀ ਖਿੱਚਦੇ ਆਏ ਹਨ। ਕਰੀਬ 34 ਸਾਲ ਪੱਛਮੀ ਬੰਗਾਲ ਵਿੱਚ ਰਾਜ ਕਰਨ ਵਾਲੇ ਕਾਮਰੇਡਾਂ ਨੂੰ ਧੋਬੀ ਪਟਕਾ ਦੇ ਕੇ ਮਮਤਾ ਬੈਨਰਜੀ ਨੇ ਆਪਣਾ ਸਿੱਕਾ ਚਲਾਉਣਾ ਸ਼ੁਰੂ ਕੀਤਾ ਸੀ। ਲਗਾਤਾਰ 15 ਸਾਲ ਮਮਤਾ ਬੈਨਰਜੀ ਬਤੌਰ ਮੁੱਖ ਮੰਤਰੀ ਆਪਣੀਆਂ ਸੇਵਾਵਾਂ ਦਿੰਦੇ ਰਹੇ। ਹਾਲ ਹੀ ਵਿੱਚ ਵੱਖ-ਵੱਖ ਸੂਬਿਆਂ ਦੀਆਂ ਚੋਣਾਂ ਦੇ ਨਤੀਜੇ ਸਾਹਮਣੇ ਆਉਣ ਦੇ ਨਾਲ ਪੱਛਮੀ ਬੰਗਾਲ ਵਿੱਚ ਜਿੱਥੇ ਭਾਰਤੀ ਜਨਤਾ ਪਾਰਟੀ ਨੇ ਸਪਸ਼ਟ ਅਤੇ ਸ਼ਾਨਦਾਰ ਬਹੁਮਤ ਪ੍ਰਾਪਤ ਕਰ ਲਿਆ ਹੈ। ਉੱਥੇ ਇਹ ਸਾਫ ਹੋ ਗਿਆ ਹੈ ਕਿ 2027 ਦੀਆਂ ਵਿਧਾਨ ਸਭਾ ਚੋਣਾਂ ਵਾਸਤੇ ਭਾਰਤੀ ਜਨਤਾ ਪਾਰਟੀ ਦੀ ਨਜ਼ਰ ਹੁਣ ਪੰਜਾਬ ਦੇ ਟਿਕ ਗਈ ਹੈ।

ਤੀਸਰੀ ਵਾਰ ਦੇਸ਼ ਦੇ ਪ੍ਰਧਾਨ ਮੰਤਰੀ ਬਣੇ ਨਰਿੰਦਰ ਮੋਦੀ ਨੂੰ ਗ੍ਰਹਿ ਮੰਤਰੀ ਅਮਿਤ ਸ਼ਾਹ ਦਾ ਬਹੁਤ ਵੱਡਾ ਸਹਿਯੋਗ ਰਿਹਾ ਹੈ। ਇਹ ਸਪਸ਼ਟ ਹੈ ਕਿ ਭਾਜਪਾ ਨੇ ਜਿੱਥੇ ਵੀ ਰਾਜ ਕਰਨ ਦਾ ਸੁਪਨਾ ਲਿਆ ਉਹ ਸੁਪਨਾ ਪੂਰਾ ਕੀਤਾ ਭਾਵੇਂ ਕਿ ਭਾਰਤੀ ਜਨਤਾ ਪਾਰਟੀ ਵੱਲੋਂ ਸੁਪਨੇ ਪੂਰੇ ਕਰਨ ਵਾਸਤੇ ਅੱਡੀ ਚੋਟੀ ਦਾ ਜ਼ੋਰ ਅਤੇ ਵਰਕਰਾਂ ਨੂੰ ਨਾਲ ਲੈ ਕੇ ਚੱਲਣ ਵਿੱਚ ਕਸਰ ਨਹੀਂ ਛੱਡੀ ਜਾਂਦੀ ਰਹੀ। ਜਿਹੀ ਹਾਲਾਤ ਪੱਛਮੀ ਬੰਗਾਲ ਵਿੱਚ ਵਾਪਰੇ ਸਾਬਤ ਹੋਏ ਹਨ। ਪੱਛਮੀ ਬੰਗਾਲ ਉਹ ਸੂਬਾ ਹੈ ਜਿਸ ਨੇ ਦੇਸ਼ ਦੀ ਵੰਡ ਵੇਲੇ ਪੰਜਾਬ ਦੇ ਨਾਲ ਵੱਡਾ ਸੰਤਾਪ ਹੋ ਗਿਆ। ਇਹ ਦੋਵੇਂ ਸੂਬੇ ਕੇਂਦਰੀ ਸ਼ਾਸਨ ਤੋਂ ਵੱਖਰੀ ਲਕੀਰ ਖਿੱਚ ਕੇ ਚਲਦੇ ਆਏ ਹਨ। ਭਾਵੇਂ ਕਿ ਕਿੰਨਾ ਵੀ ਸਿਆਸੀ ਤੌਰ ਤੇ ਇੰਨਾ ਸੂਬਿਆਂ ਨੂੰ ਨੁਕਸਾਨ ਝੱਲਣਾ ਪਿਆ ਹੋਵੇ।

ਹੁਣ ਪੰਜਾਬ ਦੀ ਗੱਲ ਕਰੀਏ ਤਾਂ ਇੱਥੇ ਆਮ ਆਦਮੀ ਪਾਰਟੀ, ਸ਼੍ਰੋਮਣੀ ਅਕਾਲੀ ਦਲ, ਕਾਂਗਰਸ ਪਾਰਟੀ, ਅਕਾਲੀ ਦਲ (ਵਾਰਸ ਪੰਜਾਬ ਦੇ) ਅਤੇ ਬਹੁਜਨ ਸਮਾਜ ਪਾਰਟੀ ਜਿੱਥੇ ਰਾਜਸੀ ਤੌਰ ਤੇ ਸਰਗਰਮੀ ਤੇਜ ਕਰ ਰਹੀ ਹੈ। ਉੱਥੇ ਭਾਰਤੀ ਜਨਤਾ ਪਾਰਟੀ ਵੱਲੋਂ ਵੀ ਲੰਮੇ ਸਮੇਂ ਤੋਂ ਜੋੜ ਤੋੜ ਦੀ ਰਾਜਨੀਤੀ ਚਲਾਈ ਜਾ ਰਹੀ ਹੈ। ਪੰਜਾਬ ਨਾਲ ਸੰਬੰਧਿਤ ਆਮ ਆਦਮੀ ਪਾਰਟੀ ਦੇ ਸੱਤ ਰਾਜ ਸਭਾ ਮੈਂਬਰਾਂ ਦੇ ਭਾਜਪਾ ਵਿੱਚ ਸ਼ਾਮਿਲ ਹੋਣ ਤੋਂ ਬਾਅਦ ਆਮ ਆਦਮੀ ਪਾਰਟੀ ਜਿੱਥੇ ਇਹ ਪ੍ਰਚਾਰ ਕਰ ਰਹੀ ਹੈ ਕਿ ਉਨ ਦੇ ਮੂੰਹ ਚੋਂ ਹਾਲੇ ਜੀਰਾ ਹੀ ਡਿੱਗਾ ਹੈ। ਪ੍ਰੰਤੂ ਇਹ ਗੱਲ ਸਾਫ ਹੈ ਕਿ 2022 ਦੀਆਂ ਚੋਣਾਂ ਵੇਲੇ ਜਿਸ ਸਥਿਰਤਾ ਨਾਲ ਆਮ ਆਦਮੀ ਪਾਰਟੀ ਸੱਤਾ ਵਿੱਚ ਆਈ ਸੀ ਉਹੋ ਜਿਹੇ ਹਾਲਾਤ ਹੁਣ ਨਜ਼ਰ ਨਹੀਂ ਆ ਰਹੇ। ਸਰਕਾਰ ਨੇ ਜਿੱਥੇ ਚੋਣ ਵਾਅਦੇ ਪੂਰੇ ਕਰਨ ਵਿੱਚ ਕਸਰ ਨਹੀਂ ਛੱਡੀ। ਆਮ ਆਦਮੀ ਪਾਰਟੀ ਦੇ ਮੰਤਰੀ ਅਤੇ ਵਿਧਾਇਕ ਜੇਲ ਯਾਤਰਾਵਾਂ, ਵਿਆਹ ਕਰਾਉਣ ਅਤੇ ਜਬਾਨ ਫਿਸਲਨ ਕਰਨ ਅਕਸਰ ਚਰਚਾ ਦਾ ਕੇਂਦਰ ਰਹੇ ਹਨ। ਕੁੱਲ ਮਿਲਾ ਕੇ ਪੰਜਾਬ ਦੇ ਸਿਆਸੀ ਭੂਗੋਲ ਦੀ ਗੱਲ ਕਰੀਏ ਤਾਂ 2012 ਨੂੰ ਛੱਡ ਕੇ ਹਮੇਸ਼ਾ ਪੰਜ ਸਾਲ ਬਾਅਦ ਸੂਬੇ ਦੀ ਸੱਤਾ ਦਾ ਪਲਟਵਾਰ ਹੁੰਦਾ ਰਿਹਾ ਹੈ। ਹੁਣ ਭਾਰਤੀ ਜਨਤਾ ਪਾਰਟੀ ਵੱਲੋਂ ਪੰਜਾਬ ਵੱਲ ਪੂਰੀ ਤਰ੍ਹਾਂ ਕੇਂਦਰਿਤ ਕਰਨ ਦੀਆਂ ਤਿਆਰੀਆਂ ਕਰ ਲਈਆਂ ਗਈਆਂ ਹਨ। ਜ਼ਿਲ੍ਹਾ ਅੰਮ੍ਰਿਤਸਰ ਗੁਰਦਾਸਪੁਰ, ਪਠਾਨਕੋਟ, ਹੁਸ਼ਿਆਰਪੁਰ, ਜਲੰਧਰ ਲੁਧਿਆਣਾ ਤੋਂ ਇਲਾਵਾ ਅਬੋਹਰ, ਫਾਜ਼ਿਲਕਾ ਦਾ ਇਲਾਕਾ ਕੁਝ ਹੱਦ ਤੱਕ ਭਾਜਪਾ ਦੇ ਹੱਥ ਵਿੱਚ ਭੁਗਤਦਾ ਨਜ਼ਰ ਆ ਆ ਸਕਦਾ ਹੈ। ਇਸੇ ਤਰ੍ਹਾਂ ਅਕਾਲੀ ਦਲ (ਵਾਰਸ ਪੰਜਾਬ ਦੇ) ਦੇ ਉਮੀਦਵਾਰ ਮਾਝੇ ਦੇ ਨਾਲ ਨਾਲ ਮਾਲਵੇ ਵਿੱਚ ਚੰਗਾ ਸ਼ਕਤੀ ਪ੍ਰਦਰਸ਼ਨ ਕਰਦੇ ਕਾਮਯਾਬ ਹੋ ਸਕਦੇ ਹਨ।

ਕਿਉਂ ਇਸ ਪਾਰਟੀ ਦਾ ਸਾਬਕਾ ਜਥੇਦਾਰ ਹਰਪ੍ਰੀਤ ਸਿੰਘ ਦੀ ਅਗਵਾਈ ਵਾਲੇ ਅਕਾਲੀ ਦਲ ਨਾਲ ਵੀ ਸਿਆਸੀ ਤੌਰ ਤੇ ਚੋਣ ਸਮਝੌਤਾ ਹੋਇਆ ਜਾ ਰਿਹਾ ਹੈ। ਦੂਸਰੇ ਪਾਸੇ ਸ਼੍ਰੋਮਣੀ ਅਕਾਲੀ ਦਲ ਬਾਦਲ ਦੀ ਗੱਲ ਕਰੀਏ ਤਾਂ ਬਾਦਲ ਦਲ ਆਪਣੇ ਬਲਬੂਤੇ ਪੰਜਾਬ ਵਿੱਚ ਸਰਕਾਰ ਬਣਾਉਣ ਵਿੱਚ ਕਾਮਯਾਬ ਹੁੰਦਾ ਨਜ਼ਰ ਨਹੀਂ ਆ ਰਿਹਾ। ਆਪਣੀ ਸਿਆਸੀ ਹੋਂਦ ਨੂੰ ਬਚਾਉਣ ਲਈ ਸ਼੍ਰੋਮਣੀ ਅਕਾਲੀ ਦਲ ਬਾਦਲ ਵੱਲੋਂ ਵਿਧਾਨ ਸਭਾ ਚੋਣਾਂ ਦੇ ਨਤੀਜਿਆਂ ਤੋਂ ਬਾਅਦ ਰਲੇਵੇ ਵਰਗੀ ਸਾਂਝ ਬਣਾ ਕੇ ਭਾਰਤੀ ਜਨਤਾ ਪਾਰਟੀ ਨੂੰ ਸਮਰਥਨ ਦਿੱਤਾ ਜਾ ਸਕਦਾ ਹੈ। ਹਾਲਾਂਕਿ ਬਹੁਜਨ ਸਮਾਜ ਪਾਰਟੀ ਦਾ ਵੋਟ ਬੈਂਕ ਵੀ ਪਹਿਲਾਂ ਨਾਲੋਂ ਸਿਮਟਿਆ ਨਜ਼ਰ ਆ ਰਿਹਾ ਹੈ। ਸਾਬਕਾ ਰਾਜ ਸਭਾ ਮੈਂਬਰ ਅਵਤਾਰ ਸਿੰਘ ਕਰੀਮਪੁਰੀ ਵੱਲੋਂ ਹੁਣ ਤੋਂ ਹੀ ਵਿਧਾਨ ਸਭਾ ਚੋਣਾਂ ਨੂੰ ਮੁੱਖ ਰੱਖਦਿਆਂ ਸਿਆਸੀ ਸਰਗਰਮੀਆਂ ਤੇਜ਼ ਕਰ ਦਿੱਤੀਆਂ ਗਈਆਂ ਹਨ ਕਨਸੋਆਂ ਇਹ ਵੀ ਹਨ ਕਿ ਬਹੁਜਨ ਸਮਾਜ ਪਾਰਟੀ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਕਿਸੇ ਕੇਂਦਰੀ ਪਾਰਟੀ ਨਾਲ ਗਠਜੋੜ ਦੀਆਂ ਕੋਸ਼ਿਸ਼ਾਂ ਤੋਂ ਪਿੱਛੇ ਹੁੰਦੀ ਨਜ਼ਰ ਨਹੀਂ ਆ ਰਹੀ। ਆਪਰੇਸ਼ਨ ਬਲੂ ਸਟਾਰ ਤੋਂ ਬਾਅਦ ਦੋ ਵਾਰ ਸਰਕਾਰ ਬਣਾ ਚੁੱਕੀ ਕਾਂਗਰਸ ਪਾਰਟੀ ਇਸ ਵੇਲੇ ਵੱਖ ਵੱਖ ਧੜਿਆਂ ਵਿੱਚ ਵੰਡੀ ਹੋਈ ਹੈ। ਉੱਤਰ ਕਾਂਟੋ ਮੈਂ ਚੜਾਂ ਦੀ ਰਣਨੀਤੀ ਤੇ ਚਲਦੇ ਹੋਏ ਕਾਂਗਰਸ ਪਾਰਟੀ ਦੇ ਕਈ ਵੱਡੇ ਲੀਡਰ ਇੱਕ ਦੂਜੇ ਨੂੰ ਪਿੱਛੇ ਸੁੱਟਣ ਲਈ ਕਾਹਲੇ ਹਨ। ਕੁੱਲ ਮਿਲਾ ਕੇ ਜਾਪ ਰਿਹਾ ਹੈ ਕਿ ਸਾਰੀਆਂ ਪਾਰਟੀਆਂ ਭਾਰਤੀ ਜਨਤਾ ਪਾਰਟੀ ਦੀ ਵੱਧਦੀ ਜਾ ਰਹੀ ਹੌਸਲਾ ਅਫਜਾਈ ਤੋਂ ਘਬਰਾਹਟ ਵਿੱਚ ਹਨ। ਦੇਸ਼ ਦੇ ਵੱਖ ਵੱਖ ਸੂਬਿਆਂ ਵਿੱਚ ਭਾਜਪਾ ਵੱਲੋਂ ਲਗਾਤਾਰ ਰਾਜ ਕੀਤਾ ਜਾ ਰਿਹਾ ਹੈ। ਇਹ ਗੱਲ ਸਪਸ਼ਟ ਹੈ ਕਿ ਭਾਰਤੀ ਜਨਤਾ ਪਾਰਟੀ ਜਿਹੜੇ ਸੂਬੇ ਵਿੱਚ ਸਿਆਸੀ ਤੌਰ ਤੇ ਪੂਰੀ ਤਰ੍ਹਾਂ ਮਨਫੀ ਹੁੰਦੀ ਹੈ। ਉੱਥੇ ਬੜੀ ਆਸਾਨੀ ਨਾਲ ਸੱਤਾ ਤੇ ਕਾਬਜ਼ ਹੋ ਜਾਂਦੀ ਹੈ। ਕਨਸੋਆਂ ਇਹ ਵੀ ਹਨ ਕਿ ਪੱਛਮੀ ਬੰਗਾਲ ਅਤੇ ਹੋਰਨਾਂ ਸੂਬਿਆਂ ਦੀਆਂ ਚੋਣਾਂ ਦੇ ਨਤੀਜਿਆਂ ਨੇ ਭਾਜਪਾ ਦਾ ਜਿੱਥੇ ਹੌਸਲਾ ਬੁਲੰਦ ਕੀਤਾ ਹੈ ਉੱਥੇ ਵੱਖ-ਵੱਖ ਕੇਂਦਰੀ ਅਤੇ ਰਾਜਸੀ ਪਾਰਟੀਆਂ ਦੇ ਹੌਸਲੇ ਪਸਤ ਹੋ ਰਹੇ ਹਨ।

### ਪੰਜਾਬ ਦੇ ਵੀ ਲੋਕ ਵੀ ਚਾਹੁੰਦੇ ਹਨ ਭਾਜਪਾ ਦਾ ਰਾਜ

ਪੰਜਾਬ ਵਿੱਚ ਕੁਝ ਸਾਲਾਂ ਤੋਂ ਗੈਂਗਸਟਰਾਂ ਅਤੇ ਅੱਤਵਾਦੀ ਘਟਨਾਵਾਂ ਨੇ ਵਪਾਰੀ ਵਰਗ ਦੇ ਸਾਹ ਸੂਤ ਕੇ ਰੱਖ ਦਿੱਤੇ ਹਨ। ਕੁੱਲ ਮਿਲਾ ਕੇ ਸੂਬੇ ਵਿੱਚ ਅਮਨ ਸ਼ਾਂਤੀ ਨੂੰ ਆਏ ਦਿਨ ਲਾਂਬੂ ਲਾਉਣ ਦੀਆਂ ਪਾਕਿਸਤਾਨ ਦੀ ਆਈਐਸਆਈ ਵੱਲੋਂ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ। ਆਏ ਦਿਨ ਗੋਲਾ ਬਰੂਦ ਦੇ ਜਖੀਰੇ ਬਰਾਮਦ ਹੋਣਾ ਜਿੱਥੇ ਪੰਜਾਬ ਦੇ ਭਵਿੱਖ ਲਈ ਚਿੰਤਾ ਦਾ ਵਿਸ਼ਾ ਹੈ, ਉਥੇ ਵਪਾਰੀ ਵਰਗ ਵੀ ਚਾਹੁੰਦਾ ਹੈ ਕਿ ਪੰਜਾਬ ਦੀ ਵਾਗਡੋਰ ਭਾਰਤੀ ਜਨਤਾ ਪਾਰਟੀ ਦੇ ਹੱਤ ਦਿੱਤੀ ਜਾਵੇ। ਯੂਪੀ ਵਰਗੇ ਰਾਜਾਂ ਵਿੱਚ ਜਿੱਥੇ ਅਮਨ ਸ਼ਾਂਤੀ ਦੀ ਬਹਾਲੀ ਦੀ ਉਮੀਦ ਨਹੀਂ ਸੀ ਕੀਤੀ ਜਾ ਸਕਦੀ ਉਥੇ ਭਾਜਪਾ ਦੀ ਸਰਕਾਰ ਬਣਨ ਤੋਂ ਬਾਅਦ ਹੋ ਰਹੇ ਵਿਕਾਸ ਅਤੇ ਗੈਰ ਸਮਾਜਿਕ ਤੱਤਾਂ ਦੇ ਖਾਤਮੇ ਦੇ ਨਾਲ ਹੁਣ ਪੰਜਾਬ ਦੇ ਲੋਕ ਵੀ ਚਾਹੁੰਦੇ ਹਨ ਕਿ ਭਾਰਤੀ ਜਨਤਾ ਪਾਰਟੀ ਦੀ ਅਗਵਾਈ ਹੇਠ ਇਕ ਵਾਰ ਸੂਬੇ ਵਿੱਚ ਸਰਕਾਰ ਬਣਾ ਦਿੱਤੀ ਜਾਵੇ। ਇਹ ਵੀ ਸਪਸ਼ਟ ਹੈ ਕਿ ਭਾਜਪਾ ਆਪਣੇ ਬਲਬੂਤੇ ਤੇ ਸੂਬੇ ਵਿੱਚ ਸਰਕਾਰ ਬਣਾਉਣ ਦੀ ਸਥਿਤੀ ਵਿੱਚ ਨਹੀਂ ਪ੍ਰੰਤੂ ਜੇਕਰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਗ੍ਰਹਿ ਮੰਤਰੀ ਅਮਿਤ ਸ਼ਾਹ ਦੀ ਜੋੜੀ ਇਹ ਠਾਣ ਲੈਂਦੀ ਹੈ ਕਿ ਪੰਜਾਬ ਵਿੱਚ ਸਰਕਾਰ ਬਣਾਉਣੀ ਹੈ ਤਾਂ ਭਾਜਪਾ ਲਈ ਇਹ ਔਖਾ ਕਦਮ ਨਹੀਂ ਹੋਵੇਗਾ। ਕਾਂਗਰਸ ਪਾਰਟੀ ਨਾਲ ਸੰਬੰਧਿਤ ਕਈ ਦਿੱਗਜ ਨੇਤਾ ਜਿੱਥੇ ਭਾਜਪਾ ਦੇ ਖੇਮੇ ਵਿੱਚ ਪਹਿਲਾਂ ਤੋਂ ਹੀ ਜਾ ਚੁੱਕੇ ਹਨ ਉੱਥੇ ਆਮ ਆਦਮੀ ਪਾਰਟੀ ਦੇ ਸੱਤ ਰਾਜਸਭਾ ਮੈਂਬਰਾਂ ਦੀ ਸ਼ਮੂਲੀਅਤ ਨਾਲ ਵੀ ਭਾਜਪਾ ਦਾ ਹੌਸਲਾ ਵਧਿਆ ਹੈ। ਕੁੱਲ ਮਿਲਾ ਕੇ ਭਾਰਤੀ ਜਨਤਾ ਪਾਰਟੀ ਤੋਂ ਇਲਾਵਾ ਪੰਜਾਬ ਵਿੱਚ ਸਰਗਰਮ ਸਿਆਸੀ ਪਾਰਟੀਆਂ ਨੂੰ ਸਵੇ ਪੜਚੋਲ ਕਰਨ ਦੀ ਲੋੜ ਹੈ ਕਿ ਆਖਰ ਉਹਨਾਂ ਕੋਲੋਂ ਕਿਹੜੀਆਂ ਅਜਿਹੀਆਂ ਗਲਤੀਆਂ ਹੋਈਆਂ ਜਿਸ ਕਾਰਨ ਪੰਜਾਬ ਦੇ ਲੋਕ ਇਹਨਾਂ ਪਾਰਟੀਆਂ ਤੋਂ ਤੌਬਾ ਕਰਕੇ ਭਾਰਤੀ ਜਨਤਾ ਪਾਰਟੀ ਵੱਲ ਵੇਖ ਰਹੇ ਹਨ।

**Information in Public Interest**

To listen to **Dr.Gurdip Singh Sandhu** health education lecture series, go to https://youtu.be/-DUhK3cACEU, Sabrangstation.com ਰੋਜ਼ਾਨਾ ਸ਼ਾਮ 5 ਵਜੇ ਤੋਂ 6 ਵਜੇ ਤੱਕ ਰੇਡੀਓ ਸਭਰੰਗ ਰੇਡੀਓ ਪਰਵਾਜ਼ ਯੂਟਿਊਬ ਅਤੇ ਫੇਸਬੁੱਕ ਉੱਪਰ ਸੋਮਵਾਰ ਰੇਡੀਓ ਪੰਜਾਬ 1310 AM ਸ਼ਾਮ 3.35 ਤੋਂ 3.55 ਪੰਜਾਬੀ ਵਿੱਚ 4.35 ਤੋਂ 4.55 ਹਿੰਦੀ ਵਿੱਚ, ਸਾਂਝੀ ਸੋਚ ਟੀਵੀ ਸੋਮਵਾਰ, ਬੁੱਧਵਾਰ ਅਤੇ ਸ਼ੁਕਰਵਾਰ ਪੰਜਾਬੀ ਵਿੱਚ।

Contact:(408) 687-1899, (925) 587-1148


CIS
CALIFORNIA
IMMIGRATION SERVICES
YOUR REGISTERED & BONDED "IMMIGRATION-CONSULTANTS"
FAMILY PETITION
CITIZENSHIP
GREEN CARD PETITION
BUSINESS/VISITOR VISA
STUDENT VISA
CANADA VISA & P.R VARIOUS IMMIGRATION SERVICES
LIVE SCAN SERVICE
FEE $25.00
ROLLING FEE PER LIVE SCAN
NOTARY SERVICES
FEE $10.00
(408)422-8585
(510)573-3666
Fremont Office: 4127 Bay Street, Suite5
Manteca Office: 123 Sycamore Ave, Suite 201-E
www.caials.com
rosy@caials.com

# ਭਗਵੰਤ ਸਿੰਘ ਮਾਨ ਵੱਲੋਂ ਵਿਸ਼ਵ ਪੱਧਰੀ ਸਹੂਲਤਾਂ ਨਾਲ ਲੈਸ 250 ਪੇਂਡੂ ਖੇਡ ਮੈਦਾਨਾਂ ਦਾ ਉਦਘਾਟਨ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ

ਪੰਜਾਬ ਦੇ ਪਿੰਡਾਂ ਨੂੰ ਖੇਡ ਬੁਨਿਆਦੀ ਢਾਂਚੇ ਦੇ ਵਿਕਾਸ ਦੇ ਕੇਂਦਰ ਵਿੱਚ ਰੱਖਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਰਾਜ ਭਰ ਵਿੱਚ 15 ਜੁਲਾਈ ਤੱਕ ਵਿਸ਼ਵ ਪੱਧਰੀ ਸਹੂਲਤਾਂ ਵਾਲੇ 3,100 ਖੇਡ ਮੈਦਾਨ ਲੋਕਾਂ ਨੂੰ ਸਮਰਪਿਤ ਕਰਨਗੇ, ਜਿਨ੍ਹਾਂ ਵਿੱਚੋਂ ਅੱਜ ਉਨ੍ਹਾਂ ਨੇ 250 ਖੇਡ ਮੈਦਾਨ ਦਾ ਉਦਘਾਟਨ ਕੀਤਾ। ਨੌਜਵਾਨਾਂ ਵਿੱਚ ਨਸ਼ਿਆਂ ਦੀ ਸਮੱਸਿਆ ਨੂੰ ਦੂਰ ਕਰਨ ਲਈ ਖੇਡਾਂ ਦੀ ਭੂਮਿਕਾ ਨੂੰ ਅਹਿਮ ਦੱਸਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ (ਆਪ) ਸਰਕਾਰ ਸਿਰਫ਼ ਬੁਨਿਆਦੀ ਢਾਂਚਾ ਵਿਕਸਿਤ ਨਹੀਂ ਕਰ ਰਹੀ, ਸਗੋਂ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ 'ਤੇ ਮੁਕਾਬਲਾ ਕਰਨ ਦੇ ਯੋਗ ਖਿਡਾਰੀ ਪੈਦਾ ਕਰਨ ਦੇ ਉਦੇਸ਼ ਨਾਲ ਨੌਜਵਾਨਾਂ ਨੂੰ ਮੁਫਤ ਸਿਖਲਾਈ, ਪੇਸ਼ੇਵਰ ਕੋਚਾਂ ਅਤੇ ਖੇਡ ਉਪਕਰਨ ਪ੍ਰਦਾਨ ਕਰਕੇ ਇਸ ਕਦਮ ਨੂੰ ਵੱਧ ਤੋਂ ਵੱਧ ਹੁਲਾਰਾ ਵੀ ਦੇ ਰਹੀ ਹੈ।

ਖੇਡਾਂ 'ਚ ਨਿਵੇਸ਼ ਬਾਰੇ ਗੱਲ ਕਰਦਿਆਂ ਉਨ੍ਹਾਂ ਕਿਹਾ ਕਿ ਖੇਡ ਬਜਟ, ਜੋ ਪਹਿਲਾਂ 200 ਕਰੋੜ ਰੁਪਏ ਤੋਂ ਵੀ ਘੱਟ ਸੀ, ਨੂੰ ਵਧਾ ਕੇ ਉਨ੍ਹਾਂ ਦੀ ਸਰਕਾਰ ਨੇ 1,790 ਕਰੋੜ ਕਰ ਦਿੱਤਾ ਹੈ। ਇਸਦੇ ਨਾਲ ਹੀ ਕਿਲਾ ਰਾਏਪੁਰ 'ਪੇਂਡੂ ਓਲੰਪਿਕ' ਦੀ ਸ਼ੁਰੂਆਤ ਰਾਹੀਂ ਪੰਜਾਬ ਦੀ ਖੇਡ ਵਿਰਾਸਤ ਨੂੰ ਮੁੜ ਸੁਰਜੀਤ ਕਰਨ ਦੇ ਯਤਨ ਕੀਤੇ ਜਾ ਰਹੇ ਹਨ। ਪੰਜਾਬ ਪਹਿਲੀ ਵਾਰ ਏਸ਼ੀਅਨ ਹਾਕੀ ਚੈਂਪੀਅਨਸ਼ਿਪ ਦੀ ਮੇਜ਼ਬਾਨੀ ਕਰਨ ਕਰਨ ਜਾ ਰਿਹਾ ਹੈ। ਜ਼ਿਕਰਯੋਗ ਹੈ ਕਿ ਭਗਵੰਤ ਮਾਨ ਸਰਕਾਰ ਸੂਬੇ ਨੂੰ ਦੇਸ਼ ਅਤੇ ਪੂਰੇ ਵਿਸ਼ਵ ਭਰ ਦੇ ਖੇਡ ਨਕਸ਼ੇ 'ਤੇ ਮਜ਼ਬੂਤੀ ਨਾਲ ਖੜ੍ਹਾ ਕਰਨ ਦਾ ਦ੍ਰਿਸ਼ਟੀਕੋਣ ਲੈ ਕੇ ਚੱਲ ਰਹੀ ਹੈ। ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਹਰ ਪਿੰਡ ਦੇ ਵਿਕਾਸ ਨੂੰ ਉਸੇ ਖਜ਼ਾਨੇ 'ਚੋਂ ਯਕੀਨੀ ਬਣਾ ਰਹੀ ਹੈ, ਪਿਛਲੀਆਂ ਸਰਕਾਰਾਂ ਜਿਸ ਦੇ ਖਾਲੀ ਹੋਣ ਦਾ ਦਾਅਵਾ ਕਰਦੀਆਂ ਰਹੀਆਂ ਹਨ। ਨਵੇਂ ਬਣੇ 250 ਪੇਂਡੂ ਖੇਡ ਮੈਦਾਨਾਂ ਦਾ ਉਦਘਾਟਨ ਕਰਨ ਤੋਂ ਬਾਅਦ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ 'ਆਪ' ਸਰਕਾਰ ਸੂਬੇ ਦੇ ਖੇਡ ਮਾਹੌਲ ਨੂੰ ਬਦਲਣ ਲਈ ਵੱਡੇ ਪੱਧਰ 'ਤੇ ਯਤਨ ਕਰ ਰਹੀ ਹੈ, ਜਿਸਦਾ ਸਪੱਸ਼ਟ ਉਦੇਸ਼ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣਾ ਅਤੇ ਉਨ੍ਹਾਂ ਦੀ ਊਰਜਾ ਨੂੰ ਉਸਾਰੂ ਪਾਸੇ ਲਾਉਣਾ ਹੈ। ਉਨ੍ਹਾਂ ਕਿਹਾ ਕਿ ਖੇਡ ਸੱਭਿਆਚਾਰ ਨੂੰ ਉਤਸ਼ਾਹਿਤ ਕਰਨਾ ਸੂਬਾ ਸਰਕਾਰ ਦੇ ਨਸ਼ਿਆਂ ਵਿਰੁੱਧ ਯੁੱਧ ਵਿੱਚ ਸਭ ਤੋਂ ਪ੍ਰਭਾਵਸ਼ਾਲੀ ਸਾਧਨ ਹੋ ਸਕਦਾ ਹੈ। ਨੌਜਵਾਨਾਂ ਦੀ ਬੇਅੰਤ ਊਰਜਾ ਨੂੰ ਸਹੀ ਪਾਸੇ ਲਾਉਣ ਲਈ ਖੇਡਾਂ ਨੂੰ ਵੱਧ ਤੋਂ ਵੱਧ ਉਤਸ਼ਾਹਿਤ ਕੀਤਾ ਜਾ ਰਿਹਾ ਹੈ ਤਾਂ ਜੋ ਉਹ ਖੇਡਾਂ ਵਿੱਚ ਵੱਡੀਆਂ ਮੱਲਾਂ ਮਾਰ ਸਕਣ। ਉਨ੍ਹਾਂ ਕਿਹਾ ਕਿ ਜਿਹੜੇ ਨੌਜਵਾਨ ਖੇਡਾਂ ਵਿੱਚ ਲੱਗੇ ਹੋਏ ਹਨ ਉਨ੍ਹਾਂ ਕੋਲ ਤਾਂ ਨਸ਼ਿਆਂ ਵੱਲ ਦੇਖਣ ਤੱਕ ਦਾ ਵੀ ਸਮਾਂ ਨਹੀਂ ਹੈ ਕਿਉਂਕਿ ਉਨ੍ਹਾਂ ਦਾ ਸਾਰਾ ਧਿਆਨ ਆਪਣੇ-ਆਪਣੇ ਖੇਤਰਾਂ ਵਿੱਚ ਬੁਲੰਦੀ ਹਾਸਲ ਕਰਨ 'ਤੇ ਕੇਂਦਰਤ ਰਹਿੰਦਾ ਹੈ।

ਉਨ੍ਹਾਂ ਅੱਗੇ ਕਿਹਾ ਕਿ ਇਹ ਸੂਬੇ ਵਿੱਚੋਂ ਨਸ਼ਿਆਂ ਦੇ ਕੋਹੜ ਨੂੰ ਖਤਮ ਕਰਨ ਅਤੇ ਨੌਜਵਾਨਾਂ ਨੂੰ ਸਮਾਜਿਕ-ਆਰਥਿਕ ਵਿਕਾਸ ਵਿੱਚ ਬਰਾਬਰ ਦੇ ਭਾਈਵਾਲ ਬਣਾਉਣ ਵਿੱਚ ਵਧੇਰੇ ਮਦਦਗਾਰ ਸਿੱਧ ਹੋਵੇਗਾ। ਇਸ ਪਹਿਲਕਦਮੀ ਬਾਰੇ ਵਿਸਥਾਰ 'ਚ ਜਾਣਕਾਰੀ ਦਿੰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਨੌਜਵਾਨਾਂ ਦੇ ਸਿਹਤਮੰਦ ਸਰੀਰ ਅਤੇ ਤੰਦਰੁਸਤ ਮਨ ਨੂੰ ਯਕੀਨੀ ਬਣਾਉਣ ਲਈ ਪੰਜਾਬ ਸਰਕਾਰ ਪਹਿਲੇ ਪੜਾਅ ਤਹਿਤ 1,250 ਕਰੋੜ ਦੀ ਲਾਗਤ ਨਾਲ ਰਾਜ ਭਰ ਵਿੱਚ ਆਧੁਨਿਕ ਸਹੂਲਤਾਂ ਨਾਲ ਲੈਸ 3,100 ਪੇਂਡੂ ਖੇਡ ਮੈਦਾਨ ਵਿਕਸਤ ਕਰ ਰਹੀ ਹੈ। ਇਨ੍ਹਾਂ ਵਿੱਚੋਂ 250 ਮੈਦਾਨ ਅੱਜ ਸਮਰਪਿਤ ਕਰ



ਦਿੱਤੇ ਗਏ ਹਨ ਅਤੇ ਬਾਰੀ ਰਹਿੰਦੇ ਸਾਰੇ ਮੈਦਾਨ ਪੜਾਅਵਾਰ ਢੰਗ ਨਾਲ 15 ਜੁਲਾਈ ਤੱਕ ਸਮਰਪਿਤ ਕਰ ਦਿੱਤੇ ਜਾਣਗੇ। ਇਸਦੇ ਪੜਾਅਵਾਰ ਲਾਗੂਕਰਨ ਬਾਰੇ ਹੋਰ ਜਾਣਕਾਰੀ ਦਿੰਦਿਆਂ 250 ਮੈਦਾਨ ਅੱਜ ਸਮਰਪਿਤ ਕੀਤੇ ਗਏ ਹਨ ਅਤੇ ਬਾਕੀ 500 ਮੈਦਾਨ 15 ਮਈ ਨੂੰ, 250 ਮੈਦਾਨ 31 ਮਈ ਨੂੰ, 500 ਮੈਦਾਨ 15 ਜੂਨ ਨੂੰ, 1,000 ਮੈਦਾਨ 30 ਜੂਨ ਨੂੰ ਅਤੇ 600 ਮੈਦਾਨ 15 ਜੁਲਾਈ ਨੂੰ ਸਮਰਪਿਤ ਕੀਤੇ ਜਾਣਗੇ।

ਨਸ਼ਾ ਵਿਰੋਧੀ ਮੁਹਿੰਮ ਵਿੱਚ ਇਨ੍ਹਾਂ ਮੈਦਾਨਾਂ ਦੀ ਭੂਮਿਕਾ 'ਤੇ ਜ਼ੋਰ ਦਿੰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ''ਇਹ ਪੇਂਡੂ ਖੇਡ ਮੈਦਾਨ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਵਿੱਚ ਅਹਿਮ ਤੇ ਇਨਕਲਾਬੀ ਭੂਮਿਕਾ ਨਿਭਾਉਣਗੇ। ਇਹ ਨਾ ਸਿਰਫ਼ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਲਈ ਉਤਸ਼ਾਹਿਤ ਕਰਨਗੇ ਸਗੋਂ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ 'ਤੇ ਤਗਮੇ ਜਿੱਤਣ ਦੇ ਉਨ੍ਹਾਂ ਦੇ ਸੁਪਨਿਆਂ ਨੂੰ ਸਾਕਾਰ ਕਰਨ ਵਿੱਚ ਵੀ ਮਦਦ ਕਰਨਗੇ। ਇਹ ਮੈਦਾਨ ਉੱਭਰਦੇ ਖਿਡਾਰੀਆਂ ਲਈ ਉਮੀਦ ਦੀ ਕਿਰਨ ਵਜੋਂ ਕੰਮ ਕਰਨਗੇ ਅਤੇ ਪੰਜਾਬ ਵਿੱਚ ਖੇਡ ਸੱਭਿਆਚਾਰ ਨੂੰ ਪ੍ਰਫੁੱਲਿਤ ਕਰਨਗੇ।''

ਸਹੂਲਤਾਂ ਗਿਣਾਉਂਦਿਆਂ ਉਨ੍ਹਾਂ ਕਿਹਾ, ''ਹਰੇਕ ਮੈਦਾਨ ਵਿੱਚ ਚਾਰਦੀਵਾਰੀ ਹੋਵੇਗੀ, ਜਿਸਦੇ ਘੇਰੇ ਦੇ ਨਾਲ-ਨਾਲ ਪੌਦੇ ਲਗਾਏ ਜਾਣਗੇ, ਛੇ ਫੁੱਟ ਚੌੜਾ ਵਾਕਿੰਗ ਟਰੈਕ ਹੋਵੇਗਾ ਅਤੇ ਸਵੇਰੇ ਅਤੇ ਸ਼ਾਮ ਲਈ ਫਲੱਡ ਲਾਈਟਾਂ ਦੀ ਸਹੂਲਤ ਹੋਵੇਗੀ। ਇਸ ਤੋਂ ਇਲਾਵਾ ਵਾਲੀਬਾਲ, ਫੁੱਟਬਾਲ ਅਤੇ ਹਾਕੀ ਲਈ ਕੋਰਟ ਦੇ ਨਾਲ-ਨਾਲ ਸਥਾਨਕ ਤੌਰ 'ਤੇ ਪ੍ਰਸਿੱਧ ਖੇਡਾਂ ਲਈ ਵਾਧੂ ਕੋਰਟ ਵੀ ਹੋਣਗੇ।'' ਉਨ੍ਹਾਂ ਅੱਗੇ ਕਿਹਾ, ''ਸਹੂਲਤਾਂ ਵਿੱਚ 400 ਮੀਟਰ ਛੇ-ਲੇਨ ਰਨਿੰਗ ਟਰੈਕ, ਵੱਡੀ ਸਮਰਥਾ ਵਾਲੀ ਲਾਈਟਿੰਗ ਸਹੂਲਤ, ਸਪ੍ਰਿੰਕਲਰ ਸਿਸਟਮ ਵਾਲੇ ਸਬਮਰਸੀਬਲ ਪੰਪ, ਕੰਕਰੀਟ ਬੈਂਚ, ਬੱਚਿਆਂ ਦੇ ਖੇਡਣ ਲਈ ਥਾਂ, ਪੁਰਸ਼ਾਂ ਅਤੇ ਔਰਤਾਂ ਲਈ ਪਖਾਨੇ, ਵ੍ਹੀਲਚੇਅਰ ਰੈਂਪ ਅਤੇ ਖੇਡ ਉਪਕਰਣਾਂ ਨੂੰ ਸਾਂਭਣ ਲਈ ਸਟੋਰੇਜ ਦਾ ਪ੍ਰਬੰਧ ਵੀ ਹੋਵੇਗਾ।''

ਸਿਖਲਾਈ ਅਤੇ ਸਹਾਇਤਾ ਬਾਰੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ''ਖੇਡ ਕਿੱਟਾਂ ਅਤੇ ਉਪਕਰਣ ਵੰਡਣ ਅਤੇ ਨੌਜਵਾਨਾਂ ਨੂੰ ਮਿਆਰੀ ਸਿਖਲਾਈ ਦੇਣ 'ਤੇ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ। ਸਾਰੇ ਮੈਦਾਨਾਂ ਲਈ ਫੁੱਟਬਾਲ ਅਤੇ ਵਾਲੀਬਾਲ ਕੋਚ ਨਿਯੁਕਤ ਕੀਤੇ ਜਾਣਗੇ ਅਤੇ ਬੱਚਿਆਂ ਨੂੰ ਮੁਫਤ ਸਿਖਲਾਈ ਦਿੱਤੀ ਜਾਵੇਗੀ ਤਾਂ ਜੋ ਉਹ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ 'ਤੇ ਮੱਲਾਂ ਮਾਰ ਕਰ ਸਕਣ।'' ਉਨ੍ਹਾਂ ਅੱਗੇ ਕਿਹਾ, ''ਇਨ੍ਹਾਂ ਮੈਦਾਨਾਂ ਦੇ ਰੱਖ-ਰਖਾਅ ਲਈ ਗ੍ਰਾਮੀਣ ਖੇਡਾਂ ਅਤੇ ਤੰਦਰੁਸਤੀ ਕਮੇਟੀਆਂ ਬਣਾਈਆਂ ਜਾਣਗੀਆਂ।''

ਵਿੱਤੀ ਵਚਨਬੱਧਤਾ ਦਾ ਜ਼ਿਕਰ ਕਰਦਿਆਂ ਉਨ੍ਹਾਂ ਕਿਹਾ, "ਸੂਬੇ ਨੇ ਖੇਡ ਬਜਟ ਵਿੱਚ ਇਤਿਹਾਸਕ ਵਾਧਾ ਹੋਇਆ ਹੈ, ਜਿਸ ਤਹਿਤ 2026-27 ਲਈ 1791 ਕਰੋੜ ਰੁਪਏ ਅਲਾਟ ਕੀਤੇ ਗਏ ਹਨ। ਸਾਲ 2023 ਵਿੱਚ ਪੇਸ਼ ਕੀਤੀ ਗਈ ਇੱਕ ਨਵੀਂ ਖੇਡ ਨੀਤੀ ਨੌਜਵਾਨਾਂ ਨੂੰ ਤਿਆਰੀ ਲਈ ਵਿੱਤੀ ਸਹਾਇਤਾ ਨੂੰ ਯਕੀਨੀ ਬਣਾਉਂਦੀ ਹੈ, ਜਿਸ ਵਿੱਚ ਓਲੰਪਿਕ ਲਈ 15 ਲੱਖ ਅਤੇ ਏਸ਼ੀਆਈ ਖੇਡਾਂ ਲਈ 8 ਲੱਖ ਰਪਏ ਦੀ ਸਹੂਲਤ ਹੈ।" ਉਨ੍ਹਾਂ ਅੱਗੇ ਕਿਹਾ, "ਪੈਰਿਸ ਓਲੰਪਿਕ ਦੇ ਕਾਂਸੀ ਤਗਮਾ ਜੇਤੂ ਹਾਕੀ ਖਿਡਾਰੀਆਂ ਨੂੰ 1-1 ਕਰੋੜ , ਏਸ਼ੀਆਈ ਖੇਡਾਂ ਦੇ ਸੋਨ ਤਗਮਾ ਜੇਤੂਆਂ ਨੂੰ 1-1 ਕਰੋੜ ਰੁਪਏ ਅਤੇ ਨੌਂ ਓਲੰਪਿਕ ਤਗਮਾ ਜੇਤੂਆਂ ਨੂੰ ਪੀਸੀਐਸ ਅਤੇ ਡੀਐਸਪੀ ਨੌਕਰੀਆਂ ਦਿੱਤੀਆਂ ਗਈਆਂ ਹਨ।"

ਮੁੱਖ ਮੰਤਰੀ ਨੇ ਕਿਹਾ, "'ਖੇਡਾਂ ਵਤਨ ਪੰਜਾਬ ਦੀਆਂ' ਨੇ ਰਾਜ ਵਿੱਚ ਇੱਕ ਮਜ਼ਬੂਤ ਖੇਡ ਸੱਭਿਆਚਾਰ ਨੂੰ ਉਤਸ਼ਾਹਿਤ ਕੀਤਾ ਹੈ। ਇਹ ਖੇਡਾਂ ਨੌਜਵਾਨਾਂ ਨੂੰ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਮੁਕਾਬਲਿਆਂ ਲਈ ਤਿਆਰ ਕਰਨ ਲਈ ਤਿੰਨ ਸਾਲਾਂ ਲਈ ਕਰਵਾਈਆਂ ਗਈਆਂ ਸਨ, ਜਿਸ ਵਿੱਚ 2024-25 ਦੌਰਾਨ 5 ਲੱਖ ਖਿਡਾਰੀਆਂ ਨੇ ਹਿੱਸਾ ਲਿਆ ਅਤੇ ਤਿੰਨ ਸਾਲਾਂ ਵਿੱਚ 97.3 ਕਰੋੜ ਖਰਚ ਕੀਤੇ ਗਏ।"

ਰਵਾਇਤੀ ਖੇਡਾਂ ਨੂੰ ਮੁੜ ਸੁਰਜੀਤ ਕਰਨ ਬਾਰੇ ਉਨ੍ਹਾਂ ਕਿਹਾ, ਕਿਲਾ ਰਾਏਪੁਰ ਪੇਂਡੂ ਖੇਡਾਂ ਨੇ 'ਮਿੰਨੀ ਓਲੰਪਿਕ' ਵਜੋਂ ਵਿਸ਼ਵ ਪੱਧਰ 'ਤੇ ਮਾਨਤਾ ਹਾਸਲ ਕੀਤੀ ਹੈ। ਪੰਜਾਬ ਵਿਧਾਨ ਸਭਾ ਨੇ 11 ਜੁਲਾਈ, 2025 ਨੂੰ ਸਰਬਸੰਮਤੀ ਨਾਲ ਜਾਨਵਰਾਂ ਪ੍ਰਤੀ ਬੇਰਹਿਮੀ ਦੀ ਰੋਕਥਾਮ ਬਾਰੇ (ਪੰਜਾਬ ਸੋਧ) ਐਕਟ, 2025 ਨੂੰ ਪਾਸ ਕੀਤਾ, ਜਿਸ ਨਾਲ ਬੈਲ ਗੱਡੀਆਂ ਦੀਆਂ ਦੌੜਾਂ ਵਰਗੀਆਂ ਰਵਾਇਤੀ ਪੇਂਡੂ ਖੇਡਾਂ ਨੂੰ ਮੁੜ ਸੁਰਜੀਤ ਕੀਤਾ ਗਿਆ। ਸਾਲ 2014 ਤੋਂ ਬਾਅਦ ਇਸ ਸਾਲ ਇਹ ਦੌੜਾਂ ਇੱਕ ਵਾਰ ਫਿਰ ਖਿੱਚ ਦਾ ਕੇਂਦਰ ਬਣੀਆਂ। ਖੇਡਾਂ ਵਿੱਚ ਪੰਜਾਬ ਦੇ ਵਧ ਰਹੇ ਕੱਦ ਦਾ ਹਵਾਲਾ ਦਿੰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਇਹ ਬਹੁਤ ਮਾਣ ਵਾਲੀ ਗੱਲ ਹੈ ਕਿ ਪਹਿਲੀ ਵਾਰ ਪੰਜਾਬ ਨੂੰ 'ਏਸ਼ੀਅਨ ਚੈਂਪੀਅਨਜ਼ ਟਰਾਫੀ ਹਾਕੀ' ਦੇ ਰੂਪ ਵਿੱਚ ਇੱਕ ਅੰਤਰਰਾਸ਼ਟਰੀ ਈਵੈਂਟ ਦੀ ਮੇਜ਼ਬਾਨੀ ਕਰਨ ਦਾ ਮੌਕਾ ਮਿਲਿਆ ਹੈ। ਮਜ਼ਬੂਤ ਪੰਜਾਬੀ ਨੁਮਾਇੰਦਗੀ ਦੇ ਬਾਵਜੂਦ, ਪੰਜਾਬ ਨੇ ਹੁਣ ਤੱਕ ਕਦੇ ਵੀ ਕਿਸੇ ਵੱਡੇ ਹਾਕੀ ਟੂਰਨਾਮੈਂਟ ਦੀ ਮੇਜ਼ਬਾਨੀ ਨਹੀਂ ਕੀਤੀ। ਮੈਚ ਬਲਬੀਰ ਸਿੰਘ ਸੀਨੀਅਰ ਹਾਕੀ ਸਟੇਡੀਅਮ ਅਤੇ ਜਲੰਧਰ ਦੇ ਸੁਰਜੀਤ ਹਾਕੀ ਸਟੇਡੀਅਮ ਵਿੱਚ ਹੋਣਗੇ। ਇਸ ਮੌਕੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਪਿੰਡ ਦੇ ਖਿਡਾਰੀਆਂ ਨੂੰ ਮਿਲੇ, ਕਿੱਟਾਂ ਵੰਡੀਆਂ ਅਤੇ ਵਾਲੀਬਾਲ ਕੋਰਟ 'ਤੇ ਮਹਿਲਾ ਖਿਡਾਰੀਆਂ ਨੂੰ ਵੀ ਹੱਲਾਸ਼ੇਰੀ ਦਿੱਤੀ। ਇਸ ਸਮਾਗਮ ਨੂੰ ਹੋਰ ਉਤਸ਼ਾਹਜਨਕ ਬਣਾਉਂਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪਿੰਡ ਦੇ ਨੌਜਵਾਨ ਖਿਡਾਰੀਆਂ ਨਾਲ ਨੇੜਿਓਂ ਗੱਲਬਾਤ ਕੀਤੀ, ਖੇਡ ਕਿੱਟਾਂ ਵੰਡੀਆਂ ਅਤੇ ਉਨ੍ਹਾਂ ਨੂੰ ਖੇਡਾਂ ਪ੍ਰਤੀ ਉਨ੍ਹਾਂ ਦੇ ਉਤਸ਼ਾਹ ਅਤੇ ਸਮਰਪਣ ਲਈ ਸਨਮਾਨਿਤ ਕੀਤਾ। ਇਸ 'ਤੇ ਲੋਕਾਂ ਤੋਂ ਪ੍ਰਸ਼ੰਸਾ ਕਬੂਲਦਿਆਂ ਉਹਨਾਂ ਨੇ ਵਾਲੀਬਾਲ ਕੋਰਟ ਵਿੱਚ ਮਹਿਲਾ ਖਿਡਾਰੀਆਂ ਨਾਲ ਨਾਲ ਵਾਲੀਬਾਲ ਵੀ ਖੇਡੀ ਅਤੇ ਉਨ੍ਹਾਂ ਨੂੰ ਵਿਸ਼ਵਾਸ ਅਤੇ ਵਚਨਬੱਧਤਾ ਨਾਲ ਖੇਡਾਂ ਨੂੰ ਅੱਗੇ ਵਧਾਉਣ ਲਈ ਪ੍ਰੇਰਿਆ ਕੀਤਾ। ਭਗਵੰਤ ਮਾਨ ਸਰਕਾਰ ਦਾ ਧਿਆਨ ਸਿਰਫ਼ ਬੁਨਿਆਦੀ ਢਾਂਚੇ ਦੇ ਨਿਰਮਾਣ 'ਤੇ ਹੀ ਨਹੀਂ ਹੈ ਸਗੋਂ ਜ਼ਮੀਨੀ ਪੱਧਰ 'ਤੇ ਵਿਸ਼ਵਾਸ, ਸ਼ਮੂਲੀਅਤ ਅਤੇ ਇੱਕ ਮਜ਼ਬੂਤ ਖੇਡ ਸੱਭਿਆਚਾਰ ਨੂੰ ਉਤਸ਼ਾਹਿਤ ਕਰਨ 'ਤੇ ਵੀ ਹੈ। ਇਸ ਮੌਕੇ ਕੈਬਨਿਟ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਅਤੇ ਹੋਰ ਵੀ ਮੌਜੂਦ ਸਨ।

# ਨਿਊਯਾਰਕ ਵਿੱਚ ਇੱਕ ਕਾਲੇ ਆਦਮੀ ਨੇ ਸਿੱਖ ਟੈਕਸੀ ਡਰਾਈਵਰ ਨੂੰ ਸੜਕ ਦੇ ਵਿਚਕਾਰ ਦਿੱਤਾ ਧੱਕਾ

ਨਿਊਯਾਰਕ
ਸਾਂਝੀ ਸੋਚ ਬਿਊਰੋ

ਅਮਰੀਕਾ ਦੇ ਨਿਊਯਾਰਕ ਸ਼ਹਿਰ ਵਿੱਚ ਇੱਕ ਸਿੱਖ ਟੈਕਸੀ ਡਰਾਈਵਰ ਨਾਲ ਨੌਜਵਾਨਾਂ ਵੱਲੋਂ ਬਹਿਸ ਕਰਨ ਅਤੇ ਹੱਥੋਪਾਈ ਕਰਨ ਦਾ ਇੱਕ ਵੀਡੀਓ ਸਾਹਮਣੇ ਆਇਆ ਹੈ। ਝਗੜੇ ਦੌਰਾਨ ਇੱਕ ਕਲਾ ਨੌਜਵਾਨ ਬਜ਼ੁਰਗ ਟੈਕਸੀ ਡਰਾਈਵਰ ਨੂੰ ਸੜਕ 'ਤੇ ਧੱਕਾ ਦਿੰਦਾ ਹੈ, ਜਿਸ ਕਾਰਨ ਬਜ਼ੁਰਗ ਆਦਮੀ ਸੜਕ 'ਤੇ ਡਿੱਗ ਪਿਆ। ਨੌਜਵਾਨ ਨੇ ਬਜ਼ੁਰਗ ਟੈਕਸੀ ਡਰਾਈਵਰ 'ਤੇ ਆਪਣੀਆਂ ਦੋ ਮਹਿਲਾ ਦੋਸਤਾਂ ਨੂੰ ਕਾਰ ਨਾਲ ਟੱਕਰ ਮਾਰਨ ਦਾ ਦੋਸ਼ ਲਗਾਇਆ। ਬਜ਼ੁਰਗ ਆਦਮੀ ਨੇ ਇਨ੍ਹਾਂ ਦੋਸ਼ਾਂ ਤੋਂ ਇਨਕਾਰ ਕਰਦੇ ਹੋਏ ਦਾਅਵਾ ਕੀਤਾ ਕਿ ਔਰਤਾਂ ਆਪਣੇ ਆਪ ਉਸਦੀ ਕਾਰ ਅੱਗੇ ਆਈਆਂ। ਝਗੜੇ ਤੋਂ ਬਾਅਦ, ਬਜ਼ੁਰਗ ਸਿੱਖ ਡਰਾਈਵਰ ਨੇ ਪੁਲਿਸ ਨੂੰ ਬੁਲਾਇਆ। ਫਿਰ ਪੁਲਿਸ ਨੇ ਦੋਵਾਂ ਧਿਰਾਂ ਵਿਚਕਾਰ ਝਗੜਾ ਸੁਲਝਾਇਆ। ਹਾਲਾਂਕਿ, ਇਸ ਘਟਨਾ ਦੀ ਸਹੀ ਤਾਰੀਖ ਅਤੇ ਵੀਡੀਓ ਵਿੱਚ ਦਿਖਾਈ ਦੇਣ ਵਾਲੇ ਸਿੱਖ ਡਰਾਈਵਰ ਦੀ ਪਛਾਣ ਅਣਜਾਣ ਹੈ। ਸੋਸ਼ਲ ਮੀਡੀਆ 'ਤੇ ਘੁੰਮ ਰਹੀ ਇੱਕ ਵੀਡੀਓ ਅਨੁਸਾਰ ਦੋ ਨੌਜਵਾਨ ਵਾਰ-ਵਾਰ ਬਜ਼ੁਰਗ ਡਰਾਈਵਰ ਨੂੰ ਰੋਕ ਰਹੇ ਹਨ ਅਤੇ ਉਸਨੂੰ ਉਸਦੀ ਗੱਡੀ ਤੱਕ ਪਹੁੰਚਣ ਤੋਂ ਰੋਕ ਰਹੇ ਹਨ ਅਤ ਉਹ ਉਸ ਨਾਲ ਬਹਿਸ ਹੱਥੋਪਾਈ ਕਰ ਰਹੇ ਹਨ। ਵੀਡੀਓ ਵਿੱਚ ਸਾਫ਼ ਦਿਖਾਈ ਦੇ ਰਿਹਾ ਹੈ ਕਿ ਇੱਕ ਨੌਜਵਾਨ ਕਾਲਾ ਆਦਮੀ ਅਚਾਨਕ ਹਮਲਾਵਰ ਹੋ ਗਿਆ ਅਤੇ ਬਜ਼ੁਰਗ ਡਰਾਈਵਰ ਨੂੰ ਜ਼ੋਰ ਨਾਲ ਧੱਕਾ ਦੇ ਰਿਹਾ ਹੈ, ਜਿਸ ਕਾਰਨ ਉਹ ਸੜਕ 'ਤੇ ਡਿੱਗ ਪਿਆ। ਇਸ ਦੌਰਾਨ, ਵੀਡੀਓ ਬਣਾਉਣ ਵਾਲਾ ਨੌਜਵਾਨ ਵਾਰ-ਵਾਰ ਉਸਨੂੰ ਅਪਰਾਧੀ ਕਹਿੰਦਾ ਹੈ। ਰਿਪੋਰਟਾਂ ਅਨੁਸਾਰ, ਝਗੜਾ ਉਦੋਂ ਸ਼ੁਰੂ ਹੋਇਆ ਜਦੋਂ ਇੱਕ ਨੌਜਵਾਨ ਨੇ ਦੋਸ਼ ਲਗਾਇਆ ਕਿ ਇੱਕ ਬਜ਼ੁਰਗ ਸਿੱਖ ਟੈਕਸੀ ਡਰਾਈਵਰ ਨੇ ਆਪਣੀ ਟੈਕਸੀ ਨਾਲ ਸੜਕ 'ਤੇ ਦੋ ਨੌਜਵਾਨ ਔਰਤਾਂ ਨੂੰ ਟੱਕਰ ਮਾਰ ਦਿੱਤੀ ਅਤੇ ਫਿਰ ਭੱਜਣ ਦੀ ਕੋਸ਼ਿਸ਼ ਕੀਤੀ। ਹਾਲਾਂਕਿ, ਸਿੱਖ ਟੈਕਸੀ ਡਰਾਈਵਰ ਨੇ ਇਨ੍ਹਾਂ ਦੋਸ਼ਾਂ ਨੂੰ ਨਕਾਰਦੇ ਹੋਏ ਕਿਹਾ ਕਿ ਕੋਈ ਹਾਦਸਾ ਨਹੀਂ ਹੋਇਆ ਹੈ। ਦਰਅਸਲ, ਔਰਤਾਂ ਆਪਣੇ ਆਪ ਉਸਦੀ ਗੱਡੀ ਕੋਲ ਆਈਆਂ ਸਨ, ਜਿਸ ਕਾਰਨ ਇਹ ਸਥਿਤੀ ਬਣੀ।




CENTRAL VALLEY
FIRST.
VIN
KRUTTIVENTI
FOR CONGRESS
COMMON SENSE.
AFFORDABLE LIVING.
SAFE COMMUNITIES.
ACCOUNTABILITY.
Businessman. Job Creator. Proven Leader.
VIN
KRUTTIVENTI
FOR CONGRESS
WIN
WITH VIN
ਮੇਰਾ ਨਾਂ ਵਿਨ ਕਰੁੱਤੀਵੇਂਟੀ ਹੈ- ਇੱਕ ਵਪਾਰੀ ਅਤੇ ਨੌਕਰੀ ਸਿਰਜਣਹਾਰ, ਇੱਕ ਕਰੀਅਰ ਸਿਆਸਤਦਾਨ ਨਹੀਂ. ਮੈਂ ਆਪਣੀ ਜ਼ਿੰਦਗੀ ਕੰਪਨੀਆਂ ਬਣਾਉਣ, ਨੌਕਰੀਆਂ ਪੈਦਾ ਕਰਨ ਅਤੇ ਅਸਲ ਸਮੱਸਿਆਵਾਂ ਨੂੰ ਹੱਲ ਕਰਨ ਵਿਚ ਬਿਤਾਈ ਹੈ.
ਮੈਂ ਕਾਂਗਰਸ ਲਈ ਚੋਣ ਲੜ ਰਿਹਾ ਹਾਂ ਤਾਂ ਜੋ ਸੈਂਟਰਲ ਵੈਲੀ ਨੂੰ ਪਹਿਲਾਂ ਰੱਖਿਆ ਜਾ ਸਕੇ. ਵਾਸ਼ਿੰਗਟਨ ਟੁੱਟ ਗਿਆ ਹੈ, ਖਰਚੇ ਵਧ ਰਹੇ ਹਨ, ਅਤੇ ਸਾਡੇ ਭਾਈਚਾਰੇ ਇਸ ਦੀ ਕੀਮਤ ਅਦਾ ਕਰ ਰਹੇ ਹਨ. ਸਾਨੂੰ ਅਜਿਹੀ ਲੀਡਰਸ਼ਿਪ ਦੀ ਜ਼ਰੂਰਤ ਹੈ ਜੋ ਨਤੀਜੇ ਪ੍ਰਦਾਨ ਕਰੇ - ਬਹਾਨੇ ਨਹੀਂ।
ਜਦੋਂ ਮੈਂ ਚੁਣਿਆ ਜਾਂਦਾ ਹਾਂ, ਤਾਂ ਅਸੀਂ:
★ ਅਰਥਵਿਵਸਥਾ ਨੂੰ ਠੀਕ ਕਰਾਂਗੇ — ਖਰਚੇ ਘਟਾਵਾਂਗੇ!
★ ਵਾਸ਼ਿੰਗਟਨ ਨੂੰ ਜ਼ਿੰਮੇਵਾਰ ਬਣਾਵਾਂਗੇ — ਸਰਕਾਰ ਨੂੰ ਕਾਰੋਬਾਰ ਵਾਂਗ ਚਲਾਵਾਂਗੇ
★ ਆਪਣੀਆਂ ਕਮਿਊਨਿਟੀਆਂ ਦੀ ਰੱਖਿਆ ਕਰਾਂਗੇ — ਗੈਂਗਾਂ ਅਤੇ ਜੁਰਮ 'ਤੇ ਸਖ਼ਤ ਕਾਰਵਾਈ ਕਰਾਂਗੇ
★ ਸਰਹੱਦ ਨੂੰ ਸੁਰੱਖਿਅਤ ਕਰਾਂਗੇ — ਕਾਨੂੰਨ ਲਾਗੂ ਕਰਾਂਗੇ ਅਤੇ ਗੈਰਕਾਨੂੰਨੀ ਪਰਵਾਸੀਆਂ ਨੂੰ ਡਿਪੋਰਟ ਕਰਾਂਗੇ
★ ਖੇਤੀਬਾੜੀ ਅਤੇ ਨੌਕਰੀਆਂ ਨੂੰ ਵਧਾਵਾਂਗੇ — ਪਾਣੀ ਦੀ ਸੁਰੱਖਿਆ ਕਰਾਂਗੇ ਅਤੇ ਕਿਸਾਨਾਂ ਅਤੇ ਕਾਰੋਬਾਰਾਂ ਲਈ ਰੁਕਾਵਟਾਂ ਘਟਾਵਾਂਗੇ
ਸੈਕਰਾਮੈਂਟੋ ਦੀਆਂ ਰੀਡਿਸਟ੍ਰਿਕਟਿੰਗ ਖੇਡਾਂ ਨੇ ਉਨ੍ਹਾਂ ਵਰਗੇ ਸਿਆਸਤਦਾਨਾਂ ਦੀ ਰੱਖਿਆ ਕੀਤੀ. ਹੁਣ ਸਾਡੀ ਵਾਰੀ ਹੈ ਕਿ ਅਸੀਂ ਇੱਕ ਅਸਲੀ ਬਾਹਰੀ ਵਿਅਕਤੀ ਨੂੰ ਭੇਜੀਏ ਜੋ ਸੈਂਟਰਲ ਵੈਲੀ ਦੇ ਨਤੀਜਿਆਂ ਨੂੰ D.C. ਦੇ ਡਰਾਮੇ ਤੋਂ ਉੱਪਰ ਰੱਖਦਾ ਹੈ।
LEARN MORE AT
VIN4CONGRESS.COM
com/vin4congress
@vin4congress
PAID FOR BY VIN KRUTTIVENTI FOR CONGRESS CA-13

# RAKHI ISRANI
## Democrat for U.S. Congress

ਮੈਂ ਇੱਕ ਕਾਰੋਬਾਰ ਬਣਾਇਆ ਹੈ
ਸੈਂਕੜੇ ਨੌਕਰੀਆਂ ਪੈਦਾ ਕੀਤੀਆਂ ਹਨ
ਅਤੇ ਉਨ੍ਹਾਂ ਪਰਿਵਾਰਾਂ ਨਾਲ ਕੰਮ ਕੀਤਾ ਹੈ
ਜੋ ਚੱਲਣ ਲਈ ਸੰਘਰਸ਼ ਕਰ ਰਹੇ ਹਨ।

**ਮੈਂ ਉਨ੍ਹਾਂ ਲਈ ਲੜਨ ਲਈ ਕਾਂਗਰਸ ਲਈ ਚੋਣ ਲੜ ਰਹੀ ਹਾਂ**



## ਕਾਂਗਰਸ ਦੇ ਤੁਹਾਡੇ ਅਗਲੇ ਮੈਂਬਰ ਵਜੋਂ
## ਰਾਖੀ ਇਸ ਲਈ ਲੜੇਗੀ :

- ਪੂਰਬੀ ਖਾੜੀ ਨੂੰ ਹਰ ਪਰਿਵਾਰ ਲਈ ਕਿਫਾਇਤੀ ਬਣਾਓ
- ਪ੍ਰਵਾਸੀ ਪਰਿਵਾਰਾਂ ਦੀ ਰੱਖਿਆ ਕਰੋ ਅਤੇ ਇੱਕ ਅਜਿਹਾ ਸਿਸਟਮ ਮੰਗੋ ਜੋ ਕੰਮ ਕਰੇ
- ਵਾਸ਼ਿੰਗਟਨ ਨੂੰ ਸਾਫ਼ ਕਰੋ ਅਤੇ ਲੋਕਤੰਤਰ ਬਚਾਓ
- Snap ਅਤੇ ਮੈਡੀਕੇਅਰ ਫੰਡਿੰਗ ਵਿੱਚ ਕਟੌਤੀਆਂ ਨੂੰ ਬਹਾਲ ਕਰੋ

www.RakhiForCongress.com 'ਤੇ ਹੋਰ ਜਾਣੋ

## ਰਾਖੀ ਇਸਰਾਨੀ ਪ੍ਰਵਾਸੀਆਂ ਦੀ ਧੀ ਹੈ
## ਜੋ ਅਮਰੀਕਾ ਵਿੱਚ ਸਿਰਫ਼ ਦ੍ਰਿੜ ਇਰਾਦੇ ਨਾਲ ਆਈ ਸੀ।

ਉਸਨੇ ਆਪਣੇ ਮਾਪਿਆਂ ਨੂੰ ਮੁੱਢ ਤੋਂ ਜੀਵਨ ਬਣਾਉਂਦੇ ਦੇਖਿਆ ਅਤੇ ਫਿਰ ਉਸਨੇ ਵੀ ਅਜਿਹਾ ਹੀ ਕੀਤਾ।
ਰਾਖੀ ਨੇ ਇੱਕ ਈਸਟ ਬੇ ਐਜੂਕੇਸ਼ਨ ਕੰਪਨੀ ਦੀ ਸਥਾਪਨਾ ਕੀਤੀ ਜੋ ਇੱਕ ਦੇਸ਼ ਵਿਆਪੀ ਕਾਰਜ ਵਿੱਚ ਵਧੀ
ਸੈਂਕੜੇ ਨੌਕਰੀਆਂ ਪੈਦਾ ਕੀਤੀਆਂ ਅਤੇ ਹਜ਼ਾਰਾਂ ਵਿਦਿਆਰਥੀਆਂ ਨੂੰ ਕਾਲਜ ਅਤੇ ਇਸ ਤੋਂ ਅੱਗੇ ਪਹੁੰਚਣ ਵਿੱਚ ਮਦਦ ਕੀਤੀ।





ਇੱਕ ਵਕੀਲ, ਸਿੱਖਿਅਕ, ਗੈਰ-ਮੁਨਾਫ਼ਾ ਆਗੂ, ਅਤੇ ਕਾਰੋਬਾਰੀ ਮਾਲਕ ਹੋਣ ਦੇ ਨਾਤੇ,
ਜਿਸਨੇ ਈਸਟ ਬੇ ਵਿੱਚ ਆਪਣੇ ਚਾਰ ਬੱਚਿਆਂ ਦੀ ਪਰਵਰਿਸ਼ ਕਰਨ ਵਿੱਚ 20 ਸਾਲ
ਬਿਤਾਏ ਹਨ, ਰਾਖੀ ਜਾਣਦੀ ਹੈ ਕਿ ਇੱਥੇ ਕਿਹੜੇ ਪਰਿਵਾਰ ਹਨ। ਉਸਨੇ ਰਹਿਣ-ਸਹਿਣ ਦੀ
ਲਾਗਤ ਨੂੰ ਅਸਮਾਨ ਛੂਹਦੇ ਦੇਖਿਆ ਹੈ ਜਦੋਂ ਕਿ ਵਾਸ਼ਿੰਗਟਨ ਹੋਰ ਵੀ ਵਿਘਨਕਾਰੀ ਅਤੇ
ਸੰਪਰਕ ਤੋਂ ਬਾਹਰ ਹੁੰਦਾ ਜਾ ਰਿਹਾ ਹੈ ਅਤੇ ਉਸਨੇ ਇਸ ਬਾਰੇ ਕੁਝ ਕਰਨ ਦਾ
ਫੈਸਲਾ ਕੀਤਾ ਹੈ। ਉਹ ਨਤੀਜੇ ਦੇਣ ਲਈ ਕਾਂਗਰਸ ਲਈ ਚੋਣ ਲੜ ਰਹੀ ਹੈ
ਰਾਜਨੀਤਿਕ ਸ਼ੋਰ ਨਹੀਂ।



**Learn more at www.RakhiForCongress.com**


ONLY WAY TO GROW YOUR BUSINESS FASTER
BNG
(Business Network Gateway)
We work for you to
Boost Your Business
VIDEO ADVERTISEMENTS
We make professional video advertisements for your business in Punjabi, Hindi & English
POSTERS DESIGN
We design flyers, Posters and Post Cards to promote your business
BUSINESS CARD DESIGN
WE DESIGN YOUR BUSINESS CARD
SOCIAL MEDIA HANDLERS
We can manage your Business social media handlers Facebook, instagram & YouTube
24/7 TECH SUPPORT
We provide 24/7 tech support
CUSTOMER SERVICE
For more information call
Boota Singh Basi +1 (209) 303-1260

# ਕੈਂਟੁਕੀ ਵਿਚ ਬੈਂਕ ਵਿੱਚ ਲੁੱਟਮਾਰ ਦੌਰਾਨ ਗੋਲੀਬਾਰੀ ਵਿੱਚ ਦੋ ਮੁਲਾਜ਼ਮਾਂ ਦੀ ਮੌਤ, ਸ਼ੱਕੀ ਗ੍ਰਿਫ਼ਤਾਰ

ਸੈਕਰਾਮੈਂਟੋ
ਹੁਸਨ ਲੜੋਆ ਬੰਗਾ

ਕੇਂਦਰੀ ਕੈਂਟੁਕੀ ਵਿੱਚ ਇਕ ਬੈਂਕ ਵਿਚ ਹੋਈ ਲੁੱਟਮਾਰ ਦੌਰਾਨ ਲੁਟੇਰੇ ਵੱਲੋਂ ਕੀਤੀ ਗੋਲੀਬਾਰੀ ਵਿੱਚ ਦੋ ਬੈਂਕ ਮੁਲਾਜਮਾਂ ਦੀ ਮੌਤ ਹੋ ਗਈ ਜਿਨਾਂ ਵਿੱਚ ਇਕ ਔਰਤ ਮੁਲਾਜਮ ਸ਼ਾਮਿਲ ਹੈ। ਜਸਟਿਨ ਕੀਅਰਨੇ ਨੇ ਕਿਹਾ ਹੈ ਕਿ ਬੈਂਕ ਲੁੱਟਮਾਰ ਦੀ ਇਹ ਘਟਨਾ ਮੈਡੀਸਨ ਕਾਊਂਟੀ ਦੇ ਸ਼ਹਿਰ ਬੇਰੀਆ ਵਿੱਚ ਵਾਪਰੀ। ਨਕਾਬਧਾਰੀ ਇਕ ਲੁਟੇਰਾ ਦੁਪਹਿਰ 2 ਵਜੇ ਤੋਂ ਪਹਿਲਾਂ ਬੈਂਕ ਵਿੱਚ ਦਾਖਲ ਹੋਇਆ। ਬੈਂਕ ਵਿਚ ਦਾਖਲ ਹੁੰਦਿਆਂ ਹੀ ਉਸ ਨੇ ਗੋਲੀਬਾਰੀ ਕਰਕੇ 2 ਬੈਂਕ ਮੁਲਾਜਮਾਂ ਦੀ ਹੱਤਿਆ ਕਰ ਦਿੱਤੀ। ਬਾਅਦ ਵਿਚ ਉਸ ਨੂੰ ਬੈਂਕ ਵਿਚੋਂ ਜੋ ਵੀ ਕੁਝ ਮਿਲਿਆ ਲੈ ਕੇ ਸਿਲਵਰ ਰੰਗ ਦੀ ਬੀ ਐਮ ਡਬਲਯੂ ਸੇਡਾਨ ਗੱਡੀ ਵਿਚ ਫਰਾਰ ਹੋ ਗਿਆ ਜਿਸ ਨੂੰ ਪੁਲਿਸ ਨੇ ਪਿੱਛਾ ਕਰਕੇ ਲੈਕਿਸੰਗਟਨ ਵਿਚੋਂ ਗ੍ਰਿਫਤਾਰ ਕਰ ਲਿਆ ਜਿਸ ਦੀ ਪਛਾਣ 18 ਸਾਲਾ ਬਰੇਲਨ ਵੀਵਰ ਵਜੋਂ ਹੋਈ ਹੈ। ਉਸ ਵਿਰੁੱਧ 2 ਹੱਤਿਆਵਾਂ ਤੇ ਲੁੱਟਮਾਰ ਦੇ ਸੰਘੀ ਦੋਸ਼ ਆਇਦ ਕੀਤੇ ਗਏ ਹਨ।

## ਅਦਾਲਤ ਵੱਲੋਂ ਮੀਨੂ ਬੱਤਰਾ ਨੂੰ ਤੁਰੰਤ ਇਮੀਗ੍ਰੇਸ਼ਨ ਹਿਰਾਸਤ ਵਿਚੋਂ ਰਿਹਾਅ ਕਰਨ ਦੇ ਆਦੇਸ਼

ਸੈਕਰਾਮੈਂਟੋ
ਹੁਸਨ ਲੜੋਆ ਬੰਗਾ

ਟੈਕਸਾਸ ਦੀ ਇਕ ਅਦਾਲਤ ਨੇ ਪਿਛਲੇ 3 ਦਹਾਕਿਆਂ ਦੇ ਵਧ ਸਮੇ ਤੋਂ ਅਮਰੀਕਾ ਵਿੱਚ ਰਹਿ ਰਹੀ ਭਾਰਤੀ ਮੂਲ ਦੀ ਮੀਨੂ ਬੱਤਰਾ ਨੂੰ ਤੁਰੰਤ ਸੰਘੀ ਇਮੀਗ੍ਰੇਸ਼ਨ ਵਿੱਚੋਂ ਰਿਹਾਅ ਕਰਨ ਦੇ ਆਦੇਸ਼ ਦਿੱਤੇ ਹਨ। ਅਦਾਲਤ ਨੇ ਆਪਣੇ ਆਦੇਸ਼ ਵਿੱਚ ਕਿਹਾ ਹੈ ਕਿ ਉਸ ਦੀ ਗ੍ਰਿਫਤਾਰੀ ਵੇਲੇ ਨਿਯਮਾਂ ਤੇ ਉਸ ਦੇ ਸੰਵਿਧਾਨਕ ਅਧਿਕਾਰਾਂ ਦੀ ਉਲੰਘਣਾ ਕੀਤੀ ਗਈ ਹੈ। ਟੈਕਸਾਸ ਵਿੱਚ ਬੱਤਰਾ ਇਕੋ ਇਕ ਲਾਇਸੰਸਸ਼ੁਦਾ ਦੁਭਾਸ਼ੀਆ ਹੈ ਜੋ ਅੰਗਰੇਜੀ ਦਾ ਪੰਜਾਬੀ, ਹਿੰਦੀ ਤੇ ਉਰਦੂ ਵਿੱਚ ਅਨੁਵਾਦ ਕਰ ਸਕਦੀ ਹੈ। ਉਸ ਦੇ ਵਕੀਲ ਦੀਪਕ ਆਹਲੂਵਾਲੀਆ ਨੇ ਉਸ ਦੀ ਰਿਹਾਈ ਦੀ ਪੁਸ਼ਟੀ ਕਰਦਿਆਂ ਕਿਹਾ ਹੈ ਕਿ ਬੱਤਰਾ 4 ਬੱਚਿਆਂ ਦੀ ਮਾਂ ਹੈ ਜੋ ਅਮਰੀਕੀ ਨਾਗਰਿਕ ਹਨ। ਉਸ ਨੂੰ ਹਰਲੀਨਗਨ ਵਿੱਚ ਵੈਲੀ ਇੰਟਰਨੈਸ਼ਨਲ ਹਵਾਈ ਅੱਡੇ 'ਤੇ 17 ਮਾਰਚ ਨੂੰ ਉਸ ਵੇਲੇ ਗ੍ਰਿਫਤਾਰ ਕਰ ਲਿਆ ਗਿਆ ਸੀ ਜਦੋਂ ਉਹ ਮਿਲਵੌਕੀ ਵਿੱਚ ਕੰਮ 'ਤੇ ਜਾ ਰਹੀ ਸੀ। ਆਹਲੂਵਾਲੀਆ ਨੇ ਕਿਹਾ ਕਿ ਬੱਤਰਾ ਦੀ ਪੀ ਆਰ ਲੈਣ ਲਈ ਕਾਨੂੰਨੀ ਪ੍ਰਕ੍ਰਿਆ ਜਾਰੀ ਹੈ। ਵਕੀਲ ਅਨੁਸਾਰ ਕਾਨੂੰਨੀ ਲੜਾਈ ਅਜੇ ਖਤਮ ਨਹੀਂ ਹੋਈ ਤੇ ਇਸ ਨੂੰ ਅੰਜਾਮ ਤੱਕ ਲਿਜਾਣ ਲਈ ਸਮਾਂ ਲੱਗ ਸਕਦਾ ਹੈ।

# ਗੈਂਗਸਟਰਾਂ 'ਤੇ ਵਾਰ ਦਾ 104ਵਾਂ ਦਿਨ: ਪੰਜਾਬ ਪੁਲਿਸ ਵੱਲੋਂ 589 ਥਾਵਾਂ 'ਤੇ ਛਾਪੇਮਾਰੀ: 305 ਗ੍ਰਿਫ਼ਤਾਰ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਹੇਠ ਸ਼ੁਰੂ ਕੀਤੀ ਗਈ ਫੈਸਲਾਕੁੰਨ 'ਗੈਂਗਸਟਰਾਂ 'ਤੇ ਵਾਰ' ਮੁਹਿੰਮ ਦੇ 104ਵੇਂ ਦਿਨ ਪੰਜਾਬ ਪੁਲਿਸ ਨੇ ਅੱਜ ਸੂਬੇ ਭਰ ਵਿੱਚ ਗੈਂਗਸਟਰਾਂ ਦੇ ਸਾਥੀਆਂ ਦੇ ਪਛਾਣੇ ਗਏ ਅਤੇ ਮੈਪ ਕੀਤੇ 589 ਟਿਕਾਣਿਆਂ 'ਤੇ ਛਾਪੇਮਾਰੀ ਕੀਤੀ। ਜ਼ਿਕਰਯੋਗ ਹੈ ਕਿ "ਗੈਂਗਸਟਰਾਂ ਤੇ ਵਾਰ" ਪੰਜਾਬ ਨੂੰ ਗੈਂਗਸਟਰ ਮੁਕਤ ਸੂਬਾ ਬਣਾਉਣ ਲਈ ਫੈਸਲਾਕੁੰਨ ਜੰਗ ਹੈ, ਜੋ 20 ਜਨਵਰੀ, 2026 ਨੂੰ ਪੁਲਿਸ ਡਾਇਰੈਕਟਰ ਜਨਰਲ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਸ਼ੁਰੂ ਕੀਤੀ ਸੀ। ਐਂਟੀ-ਗੈਂਗਸਟਰ ਟਾਸਕ ਫੋਰਸ (ਏਜੀਟੀਐਫ) ਪੰਜਾਬ ਦੇ ਤਾਲਮੇਲ ਨਾਲ ਸਾਰੇ ਜ਼ਿਲ੍ਹਿਆਂ ਦੀਆਂ ਪੁਲਿਸ ਟੀਮਾਂ ਰਾਜ ਭਰ ਵਿੱਚ ਵਿਸ਼ੇਸ਼ ਕਾਰਵਾਈਆਂ ਕਰ ਰਹੀਆਂ ਹਨ। 104ਵੇਂ ਦਿਨ, ਪੁਲਿਸ ਟੀਮਾਂ ਨੇ 9 ਹਥਿਆਰਾਂ ਸਮੇਤ 305 ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ, ਜਿਸ ਨਾਲ ਮੁਹਿੰਮ ਦੀ ਸ਼ੁਰੂਆਤ ਤੋਂ ਬਾਅਦ ਕੁੱਲ ਗ੍ਰਿਫ਼ਤਾਰੀਆਂ 26,480 ਹੋ ਗਈਆਂ। ਇਸ ਤੋਂ ਇਲਾਵਾ 74 ਵਿਅਕਤੀਆਂ ਵਿਰੁੱਧ ਇਹਤਿਆਤੀ ਕਾਰਵਾਈ ਕੀਤੀ ਗਈ ਹੈ, ਜਦੋਂ ਕਿ 43 ਵਿਅਕਤੀਆਂ ਨੂੰ ਤਫਤੀਸ਼ ਅਤੇ ਪੁੱਛਗਿੱਛ ਤੋਂ ਬਾਅਦ ਛੱਡ ਦਿੱਤਾ ਗਿਆ।

ਪੁਲਿਸ ਟੀਮਾਂ ਨੇ ਕਾਰਵਾਈ ਦੌਰਾਨ 7 ਭਗੌੜੇ ਅਪਰਾਧੀਆਂ ਨੂੰ ਵੀ ਗ੍ਰਿਫਤਾਰ ਕੀਤਾ ਹੈ। ਲੋਕ ਐਂਟੀ ਗੈਂਗਸਟਰ ਹੈਲਪਲਾਈਨ 93946-93946 ਰਾਹੀਂ ਗੁਪਤ ਰੂਪ ਵਿਚ ਲੋੜੀਂਦੇ ਅਪਰਾਧੀਆਂ ਅਤੇ ਗੈਂਗਸਟਰਾਂ ਬਾਰੇ ਜਾਣਕਾਰੀ ਦੇ ਸਕਦੇ ਹਨ ਅਤੇ ਅਪਰਾਧ ਅਤੇ ਅਪਰਾਧਿਕ ਗਤੀਵਿਧੀਆਂ ਬਾਰੇ ਸੂਹ/ਜਾਣਕਾਰੀ ਵੀ ਸਾਂਝੇ ਕਰ ਸਕਦੇ ਹਨ। ਇਸ ਦੌਰਾਨ ਪੁਲਿਸ ਟੀਮਾਂ ਨੇ ਨਸ਼ਿਆਂ ਵਿਰੁੱਧ ਆਪਣੀ ਮੁਹਿੰਮ "ਯੁੱਧ ਨਸ਼ਿਆਂ ਵਿਰੁੱਧ" ਨੂੰ 429ਵੇਂ ਦਿਨ ਵੀ ਜਾਰੀ ਰੱਖਦਿਆਂ ਅੱਜ 147 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਅਤੇ ਉਨ੍ਹਾਂ ਦੇ ਕਬਜ਼ੇ ਵਿੱਚੋਂ 1.5 ਕਿਲੋ ਹੈਰੋਇਨ, 757 ਨਸ਼ੀਲੀਆਂ ਗੋਲੀਆਂ/ਕੈਪਸੂਲ ਅਤੇ 4050 ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ ਗਈ। ਇਸ ਨਾਲ ਸਿਰਫ 429 ਦਿਨਾਂ ਵਿੱਚ ਗ੍ਰਿਫ਼ਤਾਰ ਕੀਤੇ ਗਏ ਕੁੱਲ ਨਸ਼ਾ ਤਸਕਰਾਂ ਦੀ ਗਿਣਤੀ 62,480 ਹੋ ਗਈ ਹੈ। ਨਸ਼ਾ ਛੁਡਾਊ ਮੁਹਿੰਮ ਦੇ ਹਿੱਸੇ ਵਜੋਂ, ਪੰਜਾਬ ਪੁਲਿਸ ਨੇ ਅੱਜ 26 ਵਿਅਕਤੀਆਂ ਨੂੰ ਨਸ਼ਾ ਛੁਡਾਊ ਅਤੇ ਮੁੜ ਵਸੇਬੇ ਦਾ ਇਲਾਜ ਕਰਵਾਉਣ ਲਈ ਰਾਜ਼ੀ ਕੀਤਾ ਹੈ।

# ਡੇਟਨ ਅਤੇ ਸਿਨਸਿਨਾਟੀ ਵਿਖੇ ਸਾਲਾਨਾ "ਸਿੱਖ ਯੂਥ ਸਿਮਪੋਜ਼ੀਅਮ 2026" ਦਾ ਆਯੋਜਨ

ਡੇਟਨ
ਸਮੀਪ ਸਿੰਘ ਗੁਮਟਾਲਾ



ਬੀਤੇ ਦਿਨੀਂ ਅਮਰੀਕਾ ਦੇ ਓਹਾਇਓ ਸੂਬੇ ਦੇ ਸ਼ਹਿਰ ਡੇਟਨ ਅਤੇ ਸਿਨਸਿਨਾਟੀ ਵਿਖੇ ਸਿੱਖ ਨੌਜਵਾਨਾਂ ਨੇ 'ਸਿੱਖ ਯੂਥ ਅਲਾਇੰਸ ਆਫ ਨਾਰਥ ਅਮਰੀਕਾ' (ਸਿਆਨਾ) ਸੰਸਥਾ ਦੀ ਅਗਵਾਈ ਹੇਠ ਕਰਵਾਏ ਜਾਂਦੇ ਸਾਲਾਨਾ ਸਿੱਖ ਯੂਥ ਸਿਮਪੋਜ਼ੀਅਮ 2026 ਦੇ ਸਥਾਨਕ ਪੱਧਰ ਦੇ ਭਾਸ਼ਣ ਮੁਕਾਬਲਿਆਂ ਵਿੱਚ ਭਰਵੀਂ ਸ਼ਮੂਲੀਅਤ ਕੀਤੀ। ਸਿਨਸਿਨਾਟੀ ਅਤੇ ਡੇਟਨ ਖੇਤਰ ਦੇ ਕਨਵੀਨਰ ਸਮੀਪ ਸਿੰਘ ਗੁਮਟਾਲਾ ਅਨੁਸਾਰ ਇਹ ਸਾਲਾਨਾ ਪ੍ਰੋਗਰਾਮ ਅਮਰੀਕਾ ਅਤੇ ਕੈਨੇਡਾ ਦੇ ਵੱਖ ਵੱਖ ਸ਼ਹਿਰਾਂ ਵਿੱਚ 6 ਤੋਂ 22 ਸਾਲ ਦੀ ਉਮਰ ਦੇ ਸਿੱਖ ਬੱਚਿਆਂ ਅਤੇ ਨੌਜਵਾਨਾਂ ਵਿੱਚ ਗੁਰਮਤਿ ਨੂੰ ਸਮਝਣ, ਵਿਚਾਰ ਕਰਨ, ਅਤੇ ਭਾਸ਼ਣ ਦੀ ਕਲਾ ਨੂੰ ਉਭਾਰਨ ਦੇ ਉਦੇਸ਼ ਨਾਲ ਕਰਵਾਏ ਜਾਂਦੇ ਹਨ। ਭਾਗ ਲੈਣ ਵਾਲੇ ਬੱਚਿਆਂ ਨੂੰ ਉਮਰ ਅਨੁਸਾਰ ਪੰਜ ਵਰਗਾਂ ਵਿਚ ਵੰਡਿਆ ਜਾਂਦਾ ਹੈ ਅਤੇ ਹਰੇਕ ਗਰੁੱਪ ਨੂੰ ਕੁਝ ਮਹੀਨੇ ਪਹਿਲਾਂ ਇੱਕ ਕਿਤਾਬ ਅਤੇ ਤਿੰਨ ਸਵਾਲ ਦਿੱਤੇ ਜਾਂਦੇ ਹਨ। ਭਾਗੀਦਾਰ ਗੁਰਮਤਿ ਸਿਧਾਂਤਾਂ ਅਤੇ ਸਿੱਖ ਇਤਿਹਾਸ ਦੇ ਆਧਾਰ 'ਤੇ ਇਹਨਾਂ ਸਵਾਲਾਂ ਦੇ ਜਵਾਬ 5 ਤੋਂ 7 ਮਿੰਟ ਦੇ ਭਾਸ਼ਣ ਰਾਹੀਂ ਪੇਸ਼ ਕਰਦੇ ਹਨ। ਸਾਲ 2026 ਦੇ ਸਿਮਪੋਜ਼ੀਅਮ ਲਈ ਨਿਰਧਾਰਿਤ ਪਾਠਕ੍ਰਮ ਵਿੱਚ ਗਰੁੱਪ 1 ਲਈ "ਮਾਈ ਗੁਰੂਜ਼ ਬਲੈਸਿੰਗਜ਼-ਬੁੱਕ 6", ਗਰੁੱਪ 2 ਲਈ "ਦੀ ਵਾਰੀਅਰ ਪ੍ਰਿੰਸੈਸ-ਪਾਰਟ 2", ਗਰੁੱਪ 3 ਲਈ "ਟੀਚਿੰਗ ਸਿੱਖ ਹੈਰੀਟੇਜ ਟੂ ਦੀ ਯੂਥ" ਅਤੇ ਗਰੁੱਪ 4 ਲਈ "ਦੀ ਮੈਸੇਜ ਆਫ ਗੁਰਬਾਣੀ" ਪੁਸਤਕਾਂ ਦਿੱਤੀਆਂ ਗਈਆਂ। ਹਰ ਸਾਲ ਵਾਂਗ ਪ੍ਰੋਗਰਾਮ ਦੀ ਅਰੰਭਤਾ ਅਤੇ ਸਮਾਪਤੀ ਅਰਦਾਸ ਅਤੇ ਹੁਕਮਨਾਮਾ ਲੈ ਕੇ ਕੀਤੀ ਗਈ। ਪ੍ਰਤੀਯੋਗੀਆਂ ਨੇ ਬਹੁਤ ਹੀ ਆਤਮ-ਵਿਸ਼ਵਾਸ ਅਤੇ ਸਪੱਸ਼ਟਤਾ ਨਾਲ ਆਪਣੇ ਭਾਸ਼ਣ ਪੇਸ਼ ਕੀਤੇ। ਸੇਵਾਦਾਰ ਅਸੀਸ ਕੌਰ ਨੇ ਦੱਸਿਆ ਕਿ ਸਿਮਪੋਜ਼ੀਅਮ ਦੀ ਤਿਆਰੀ ਲਈ ਗੁਰਦੁਆਰਾ ਸਾਹਿਬ ਵਿਖੇ ਵਿਸ਼ੇਸ਼ ਵਰਕਸ਼ਾਪਾਂ ਲਗਾਈਆਂ ਜਾਂਦੀਆਂ ਹਨ, ਜਿੱਥੇ ਬੱਚਿਆਂ ਨੂੰ ਭਾਸ਼ਣ ਕਲਾ ਅਤੇ ਕਿਤਾਬਾਂ ਵਿੱਚ ਦਰਜ ਗੁਰਮਤਿ ਦੇ ਸੰਕਲਪਾਂ ਬਾਰੇ ਵਿਚਾਰ-ਵਟਾਂਦਰਾ ਕਰਨ ਦਾ ਮੌਕਾ ਮਿਲਦਾ ਹੈ। ਸਮਾਗਮ ਦੇ ਅੰਤ ਵਿੱਚ ਸਾਰੇ ਭਾਗੀਦਾਰਾਂ ਨੂੰ ਉਹਨਾਂ ਦੀ ਮਿਹਨਤ ਅਤੇ ਸਮਰਪਣ ਲਈ ਪੁਰਸਕਾਰ ਅਤੇ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ। ਹੁਣ ਡੇਟਨ, ਸਿਨਸਿਨਾਟੀ, ਕੋਲੰਬਸ, ਕਲੀਵਲੈਂਡ ਅਤੇ ਪਿਟਸਬਰਗ ਦੇ ਸਥਾਨਕ ਪੱਧਰ ਦੇ ਜੇਤੂ ਅਗਲੇ ਪੜਾਅ ਵਿੱਚ ਹਿੱਸਾ ਲੈਣਗੇ। ਓਹਾਇਓ ਅਤੇ ਪੈਨਸਿਲਵੇਨੀਆ ਸੂਬਿਆਂ ਦਾ ਰੀਜਨਲ (ਖੇਤਰੀ) ਪੱਧਰੀ ਸਿਮਪੋਜ਼ੀਅਮ 16 ਮਈ 2026 ਨੂੰ ਸਿੱਖ ਸੋਸਾਇਟੀ ਆਫ ਡੇਟਨ ਗੁਰਦੁਆਰਾ ਸਾਹਿਬ ਵਿਖੇ ਕਰਵਾਇਆ ਜਾਵੇਗਾ, ਜਿੱਥੇ ਵੱਖ-ਵੱਖ ਸ਼ਹਿਰਾਂ ਤੋਂ ਆਏ ਭਾਗੀਦਾਰ ਸਿੱਖੀ, ਸਿੱਖ ਇਤਿਹਾਸ ਅਤੇ ਗੁਰਮਤਿ ਵਿਚਾਰਾਂ ਬਾਰੇ ਆਪਣੇ ਵਿਚਾਰ ਪੇਸ਼ ਕਰਨਗੇ।

# ਕੈਨੇਡਾ ਵੱਲੋਂ ਭਾਰਤ ਵਿਰੁੱਧ ਜਾਸੂਸੀ ਅਤੇ ਵਿਦੇਸ਼ੀ ਦਖਲਅੰਦਾਜ਼ੀ ਦੇ ਗੰਭੀਰ ਦੋਸ਼

ਓਟਵਾ
ਸਾਂਝੀ ਸੋਚ ਬਿਊਰੋ

ਕੈਨੇਡਾ ਦੀ ਖੁਫੀਆ ਏਜੰਸੀ 'ਕੈਨੇਡੀਅਨ ਸੁਰੱਖਿਆ ਖੁਫੀਆ ਸੇਵਾ' (ਸੀ.ਐੱਸ.ਆਈ.ਐੱਸ.) ਨੇ ਆਪਣੀ "ਪਬਲਿਕ ਰਿਪੋਰਟ 2025" ਵਿਚ ਭਾਰਤ ਵਿਰੁੱਧ ਜਾਸੂਸੀ ਅਤੇ ਵਿਦੇਸ਼ੀ ਦਖਲਅੰਦਾਜ਼ੀ ਦੇ ਗੰਭੀਰ ਦੋਸ਼ ਲਗਾਏ ਹਨ। ਇਸ ਰਿਪੋਰਟ ਵਿਚ ਭਾਰਤ ਨੂੰ ਚੀਨ, ਰੂਸ, ਈਰਾਨ ਅਤੇ ਪਾਕਿਸਤਾਨ ਵਰਗੇ ਦੇਸ਼ਾਂ ਦੀ ਸੂਚੀ ਵਿਚ ਸ਼ਾਮਲ ਕੀਤਾ ਗਿਆ ਹੈ, ਜੋ ਕੈਨੇਡੀਅਨ ਧਰਤੀ 'ਤੇ ਵਿਦੇਸ਼ੀ ਦਖਲ ਅੰਦਾਜ਼ੀ ਅਤੇ ਜਾਸੂਸੀ ਗਤੀਵਿਧੀਆਂ ਵਿਚ ਸ਼ਾਮਲ ਹਨ। ਏਜੰਸੀ ਦਾ ਦਾਅਵਾ ਹੈ ਕਿ ਭਾਰਤ ਨੇ ਆਪਣੇ ਰਣਨੀਤਕ ਹਿੱਤਾਂ ਨੂੰ ਅੱਗੇ ਵਧਾਉਣ ਲਈ ਕੈਨੇਡੀਅਨ ਸਿਆਸਤਦਾਨਾਂ ਅਤੇ ਪੱਤਰਕਾਰਾਂ ਨਾਲ ਗੁਪਤ ਸਬੰਧ ਬਣਾਉਣ ਦੀ ਕੋਸ਼ਿਸ਼ ਕੀਤੀ ਹੈ। ਸੀਐੱਸਆਈਐੱਸ ਰਿਪੋਰਟ ਭਾਰਤ ਨਾਲ ਸਬੰਧਤ ਕਈ ਗੱਲਾਂ ਬਾਰੇ ਚਿੰਤਾਵਾਂ ਪੈਦਾ ਕਰਦੀ ਹੈ। ਏਜੰਸੀ ਦਾ ਦੋਸ਼ ਹੈ ਕਿ ਨਵੀਂ ਦਿੱਲੀ ਨੇ ਆਪਣੇ ਰਣਨੀਤਕ ਹਿੱਤਾਂ ਨੂੰ ਅੱਗੇ ਵਧਾਉਣ ਲਈ ਕੈਨੇਡੀਅਨ ਸਿਆਸਤਦਾਨਾਂ, ਪੱਤਰਕਾਰਾਂ ਅਤੇ ਇੰਡੋ-ਕੈਨੇਡੀਅਨ ਭਾਈਚਾਰੇ ਦੇ ਮੈਂਬਰਾਂ ਨਾਲ ਗੁਪਤ ਸਬੰਧ ਬਣਾਉਣ ਲਈ "ਇਤਿਹਾਸਕ" ਯਤਨ ਕੀਤੇ ਹਨ। ਇਸ ਤੋਂ ਇਲਾਵਾ, ਰਿਪੋਰਟ ਵਿਚ "ਅੰਤਰਰਾਸ਼ਟਰੀ ਦਮਨ" ਦਾ ਜ਼ਿਕਰ ਕੀਤਾ ਗਿਆ ਹੈ, ਜਿਸ ਵਿਚ ਦਾਅਵਾ ਕੀਤਾ ਗਿਆ ਹੈ ਕਿ ਨਿਗਰਾਨੀ ਅਤੇ ਦਬਾਅ ਵਰਗੀਆਂ ਰਣਨੀਤੀਆਂ ਦੀ ਵਰਤੋਂ ਭਾਰਤ ਸਰਕਾਰ ਦੀ ਆਲੋਚਨਾ ਨੂੰ ਦਬਾਉਣ ਲਈ ਕੀਤੀ ਗਈ ਹੈ।




RED CHILLI INDIAN
FOOD TRUCK
ਹਰ ਤਰ੍ਹਾਂ ਦੇ ਇੰਡੀਅਨ STARTERS ਤੇ MAIN COURSE
VEG | NON -VEG
ਸਵਾਦਿਸ਼ਟ ਖਾਣਾ, ਵਾਜਬ ਰੇਟਾਂ 'ਤੇ
BOOK US FOR
WEDDINGS
BIRTHDAY PARTIES
CORPORATE EVENTS
BACKYARD PARTIES
RED CHILLI INDIAN
FOOD
TRUCK
ਸਾਡਾ ਟਰੱਕ
99 highway ਤੋਂ
Lander Avenue ਤੇ
ਨਿਕਲ ਕੇ ਲੱਗਦੇ ਸਾਰ ਹੀ
ਖੱਬੇ ਹੱਥ ਹੈ
RED CHILLI INDIAN
FOOD TRUCK
ਅਸੀ ਟਿਫਨ ਸਰਵਿਸ ਵੀ ਦਿੰਦੇ ਹਾਂ
DELIVERY Available
Call TO Order : (209) 216-8169
A Kaur 2340 Lander Ave Turlock, CA 95280


SUNSHINE AUTO CARE INC
WE REPAIR ALL"
AUTO • DIESEL TRUCKS • TRAILERS
All Makes & Models
FULL SERVICE AUTO & DIESEL REPAIR
Engine Diagnostics
Brake Service
Engine Diagnostics
Brake Service
Suspension & Steering
Diesel Truck Repair
Trailer Repair
Reliable • Professional • Fast Service
1003 MOFFAT BLVD.• MANTECA, CA 95336
209-239-1551


SERVPRO
OF TRACY
Cleaning. Restoration. Construction.
ਅਸੀਂ ਸਾਰੇ ਕੰਮ California ਦੇ Environmental, Restoration Standards ਅਤੇ Insurance Guidlines ਦੀ Compliance ਵਿੱਚ ਕਰਦੇ ਹਾਂ
ਅਸੀਂ Insurance Companies ਦੇ National Account 'ਤੇ ਹਾਂ
ਅੱਗ ਲੱਗਣ, ਪਾਣੀ ਅਤੇ Mold ਨਾਲ ਖ਼ਰਾਬ ਹੋਈ ਇਮਾਰਤ ਅਤੇ ਸਮਾਨ ਦੀ ਸਫ਼ਾਈ ਕਰਦੇ ਹਾਂ | ਨੁਕਸਾਨ ਹੋਈ ਇਮਾਰਤ ਅਤੇ ਸਮਾਨ ਦੀ Insurance ਨੂੰ ਰਿਪੋਰਟ ਕਰਕੇ ਮਾਲਕ ਨੂੰ ਪੈਸੇ ਦਵਾਉਂਦੇ ਹਾਂ
Before
After
• ਪਾਣੀ ਨਾਲ ਨੁਕਸਾਨ ਦੀ ਮੁਰੰਮਤ
• ਕਾਰਪੇਟ ਅਤੇ ਫਰਨੀਚਰ ਸੁਕਾਉਣਾ
• ਛੱਤ ਅਤੇ ਕੰਧਾਂ ਦੀ ਉੱਲੀ (Mold) ਹਟਾਉਣਾ
• Insurance ਕੰਪਨੀ ਨਾਲ ਕਲੇਮ ਦਵਾਉਣ ਵਿੱਚ ਮਦਦ
Before
After
ਅਸੀਂ Mt.House, Tracy, Lathrop, Stockton, Manteca, Ripon, Modesto, Ceres ਅਤੇ Turlock ਤੱਕ ਕੰਮ ਕਰਦੇ ਹਾਂ
2275 N Mac Arthur Dr Tracy, CA 95376
CONTACT FOR MORE INFORMATION
DEEPINDER MAHAL
President
Office (209) 834-0200
Cell (408) 963-7702

# ਸਾਡੀ ਸਰਕਾਰ ਲੋਕਾਂ ਦਾ ਪੈਸਾ ਲੋਕਾਂ 'ਤੇ ਖਰਚ ਰਹੀ ਹੈ, ਪਹਿਲਾਂ ਇਹ ਪੈਸਾ ਲੀਡਰਾਂ ਦੀਆਂ ਜੇਬਾਂ ਵਿੱਚ ਜਾਂਦਾ ਸੀ-ਭਗਵੰਤ ਸਿੰਘ ਮਾਨ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ



ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਹੁਸ਼ਿਆਰਪੁਰ ਜ਼ਿਲ੍ਹੇ ਦੇ ਦਸੂਹਾ ਹਲਕੇ ਦੇ ਘੋਗਰਾ ਵਿਖੇ ਲੋਕ ਮਿਲਣੀ ਵਿੱਚ ਵਿਰੋਧੀ ਧਿਰ ਉਤੇ ਸਿੱਧੇ ਤੌਰ 'ਤੇ ਨਿਸ਼ਾਨਾ ਸਾਧਦੇ ਹੋਏ ਐਲਾਨ ਕੀਤਾ ਕਿ ਜਦੋਂ ਤੱਕ ਆਮ ਆਦਮੀ ਪਾਰਟੀ (ਆਪ) ਸੱਤਾ ਵਿੱਚ ਹੈ, ਔਰਤਾਂ ਨੂੰ ਉਨ੍ਹਾਂ ਦੀ ਸਨਮਾਨ ਰਾਸ਼ੀ ਅਤੇ ਸੂਬੇ ਵਿੱਚ ਮੁਫ਼ਤ ਬਿਜਲੀ ਮਿਲਦੀ ਰਹੇਗੀ। ਇਸ ਮੌਕੇ ਉਨ੍ਹਾਂ ਨੇ ਸੰਕਲਪ ਲੈਂਦਿਆਂ ਕਿਹਾ ਕਿ ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਐਕਟ, 2026 ਨੇ ਬੇਅਦਬੀ ਦੀਆਂ ਘਟਨਾਵਾਂ ਨੂੰ ਰੋਕਣ ਲਈ ਸਥਾਈ ਤੌਰ 'ਤੇ ਵਿਵਸਥਾ ਕਰ ਦਿੱਤੀ ਹੈ ਕਿਉਂਕਿ ਬੇਅਦਬੀ ਦੇ ਗੁਨਾਹਗਾਰ ਨੂੰ ਹੁਣ ਉਮਰ ਕੈਦ ਦੀ ਸਜ਼ਾ ਭੁਗਤਣੀ ਪਵੇਗੀ। ਉਨ੍ਹਾਂ ਕਿਹਾ ਕਿ ਜੇਕਰ ਵਿਰੋਧੀ ਧਿਰ ਦੀ ਨੀਅਤ ਸਾਫ ਹੁੰਦੀ ਤਾਂ ਬਹੁਤ ਪਹਿਲਾਂ ਬੇਅਦਬੀ ਦੀਆਂ ਘਟਨਾਵਾਂ ਦਾ ਵਾਪਰਨਾ ਬੰਦ ਹੋ ਸਕਦਾ ਸੀ। ਪੰਜਾਬ ਨੂੰ ਨਸ਼ਿਆਂ ਵਿੱਚ ਡੋਬਣ ਲਈ ਅਕਾਲੀ ਦਲ ਅਤੇ ਸੂਬੇ ਨੂੰ ਬਦਨਾਮ ਕਰਨ ਲਈ ਹਰ ਰੋਜ਼ ਕੂੜ ਪ੍ਰਚਾਰ ਕਰਨ ਲਈ ਸਾਰੀਆਂ ਵਿਰੋਧੀ ਪਾਰਟੀਆਂ 'ਤੇ ਵਰ੍ਹਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਉਨ੍ਹਾਂ ਦੀ ਸਰਕਾਰ ਅਤੇ ਪਹਿਲਾਂ ਆਈਆਂ ਸਰਕਾਰਾਂ ਵਿੱਚ ਇੱਕੋ ਇੱਕ ਫ਼ਰਕ ਹੈ ਹੁਣ ਲੋਕਾਂ ਦਾ ਪੈਸਾ ਲੋਕਾਂ ਕੋਲ ਜਾਂਦਾ ਹੈ, ਪਹਿਲਾਂ ਵਾਂਗ ਲੀਡਰਾਂ ਦੀਆਂ ਜੇਬਾਂ ਵਿੱਚ ਨਹੀਂ ਜਾਂਦਾ। ਲੋਕ ਮਿਲਣੀ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਸੂਬੇ ਦੀ ਬੇਮਿਸਾਲ ਤਰੱਕੀ ਅਤੇ ਖੁਸ਼ਹਾਲੀ ਤੋਂ ਈਰਖਾ ਕਰਦੇ ਹੋਏ ਪੰਜਾਬ ਦੇ ਦੋਖੀ ਮੇਰੇ ਵਿਰੁੱਧ ਬਦਨੀਅਤ ਨਾਲ ਕੂੜ ਪ੍ਰਚਾਰ ਕਰ ਰਹੇ ਹਨ। ਇਹ ਤਾਕਤਾਂ ਜੋ ਸੂਬੇ ਦੇ ਵਿਕਾਸ ਅਤੇ ਇਸ ਦੇ ਲੋਕਾਂ ਦੀ ਖੁਸ਼ਹਾਲੀ ਦੀਆਂ ਦੁਸ਼ਮਣ ਹਨ, ਹੁਣ ਮੈਨੂੰ ਬੇਤੁੱਕੇ ਮੁੱਦਿਆਂ 'ਤੇ ਬਦਨਾਮ ਕਰਨ ਲਈ ਨੀਵੇਂ ਪੱਧਰ 'ਤੇ ਡਿੱਗ ਚੁੱਕੀਆਂ ਹਨ। ਮੇਰਾ ਜੀਵਨ ਇੱਕ ਖੁੱਲ੍ਹੀ ਕਿਤਾਬ ਹੈ ਕਿਉਂਕਿ ਮੈਂ ਆਪਣਾ ਸਾਰਾ ਜੀਵਨ ਪੰਜਾਬ ਅਤੇ ਪੰਜਾਬੀਆਂ ਦੀ ਭਲਾਈ ਨੂੰ ਸਮਰਪਿਤ ਕੀਤਾ ਹੈ ਅਤੇ ਇਸ ਨੇਕ ਕੰਮ ਲਈ ਸਖ਼ਤ ਯਤਨ ਕਰ ਰਿਹਾ ਹਾਂ।"

ਉਨ੍ਹਾਂ ਨੇ ਅੱਗੇ ਕਿਹਾ, "ਰਵਾਇਤੀ ਪਾਰਟੀਆਂ ਨੇ ਹਮੇਸ਼ਾ ਲੋਕਾਂ ਨੂੰ ਆਪਣਾ ਵੋਟ ਬੈਂਕ ਸਮਝਿਆ ਹੈ ਅਤੇ ਕਦੇ ਵੀ ਉਨ੍ਹਾਂ ਦੀ ਭਲਾਈ ਦੀ ਪ੍ਰਵਾਹ ਨਹੀਂ ਕੀਤੀ, ਅਤੇ ਉਹ ਇਸ ਨੂੰ ਹਜ਼ਮ ਨਹੀਂ ਕਰ ਪਾ ਰਹੇ ਹਨ, ਜਿਸ ਕਾਰਨ ਮੇਰੇ ਵਿਰੁੱਧ ਬੇਬੁਨਿਆਦ ਪ੍ਰਚਾਰ ਕਰ ਰਹੇ ਹਨ।" ਵਿਕਾਸ ਪ੍ਰਤੀ ਆਪਣੀ ਵਚਨਬੱਧਤਾ ਨੂੰ ਦੁਹਰਾਉਂਦੇ ਹੋਏ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਇਹ ਤਾਕਤਾਂ ਹੁਣ ਬੇਬੁਨਿਆਦ, ਤਰਕਹੀਣ ਅਤੇ ਗੁੰਮਰਾਹਕੁੰਨ ਪ੍ਰਚਾਰ ਨਾਲ ਮੇਰੇ ਅਕਸ ਨੂੰ ਖਰਾਬ ਕਰਨ 'ਤੇ ਤੁਲੀਆਂ ਹੋਈਆਂ ਹਨ, ਜਿਸ ਕਾਰਨ ਸੂਬੇ ਦੇ ਲੋਕ ਉਨ੍ਹਾਂ ਨੂੰ ਕਦੇ ਮੁਆਫ਼ ਨਹੀਂ ਕਰਨਗੇ। ਮੈਂ ਸੂਬੇ ਦੇ ਬੇਮਿਸਾਲ ਵਿਕਾਸ ਨੂੰ ਯਕੀਨੀ ਬਣਾਉਣ ਲਈ ਜੀਅ-ਜਾਨ ਨਾਲ ਕੰਮ ਕਰ ਰਿਹਾ ਹੈ ਅਤੇ ਆਏ ਦਿਨ ਅਸੀਂ ਲੋਕਾਂ ਦੇ ਜੀਵਨ ਪੱਧਰ ਨੂੰ ਉੱਚਾ ਚੁੱਕਣ ਲਈ ਕਈ ਲੋਕ-ਪੱਖੀ ਉਪਰਾਲੇ ਕਰ ਰਹੇ ਹਾਂ।" ਮੁੱਖ ਮੰਤਰੀ ਨੇ ਅੱਗੇ ਕਿਹਾ, "ਪਹਿਲੀਆਂ ਸਰਕਾਰਾਂ ਦੇ ਉਲਟ, ਮੈਂ ਕਦੇ ਵੀ ਸਰਕਾਰੀ ਖਜ਼ਾਨੇ ਵਿੱਚੋਂ ਇੱਕ ਪੈਸਾ ਵੀ ਨਹੀਂ ਮੰਗਿਆ, ਸਗੋਂ ਮੈਂ ਇਹ ਯਕੀਨੀ ਬਣਾਇਆ ਹੈ ਕਿ ਟੈਕਸਦਾਤਾਵਾਂ ਦਾ ਇੱਕ-ਇੱਕ ਰੁਪਿਆ ਜਨਤਕ ਭਲਾਈ ਲਈ ਸਮਝਦਾਰੀ ਨਾਲ ਖਰਚ ਕੀਤਾ ਜਾਵੇ।" ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਲੋਕਾਂ ਨੂੰ ਮੁਖਾਤਿਬ ਹੁੰਦਿਆਂ ਕਿਹਾ, "ਉਨ੍ਹਾਂ ਦਾ ਪੁੱਤਰ ਤੇ ਭਰਾ ਹੋਣ ਦੇ ਨਾਤੇ ਮੈਂ ਆਪਣੇ ਪਹਿਲੇ ਲੀਡਰਾਂ ਵਾਂਗ ਅਮੀਰੀ ਦੀ ਜ਼ਿੰਦਗੀ ਜੀਉਣ ਦੀ ਬਜਾਏ ਆਮ ਲੋਕਾਂ ਦੇ ਦੁੱਖ-ਦਰਦ ਵੰਡਾਉਣ 'ਤੇ ਧਿਆਨ ਕੇਂਦਰਿਤ ਕੀਤਾ ਹੋਇਆ ਹੈ। ਪਹਿਲਾਂ ਦਾ ਕੋਈ ਵੀ ਸ਼ਾਸਕ ਲੋਕਾਂ ਕੋਲ ਇਸ ਤਰੀਕੇ ਨਾਲ ਨਹੀਂ ਆਇਆ ਸੀ ਕਿ ਉਨ੍ਹਾਂ ਦੀਆਂ ਮੁਸ਼ਕਲਾਂ ਬਾਰੇ ਖੁੱਲ੍ਹ ਕੇ ਗੱਲਬਾਤ ਕਰੇ ਅਤੇ ਉਨ੍ਹਾਂ ਮੁਸ਼ਕਲਾਂ ਨੂੰ ਤਨਦੇਹੀ ਨਾਲ ਹੱਲ ਕਰੇ।" ਮੁੱਖ ਮੰਤਰੀ ਨੇ ਅੱਗੇ ਕਿਹਾ, "ਉਨ੍ਹਾਂ ਹੰਕਾਰੀ ਸਿਆਸਤਦਾਨਾਂ ਨੇ ਹਮੇਸ਼ਾ ਲੋਕਾਂ ਨੂੰ ਮਿਲਣ ਦੀ ਬਜਾਏ ਆਪਣੇ ਮਹਿਲ ਦੀਆਂ ਉੱਚੀਆਂ ਕੰਧਾਂ ਵਿੱਚ ਆਪਣੇ ਆਪ ਨੂੰ ਸੀਮਤ ਰੱਖਿਆ ਹੈ ਅਤੇ ਹੁਣ ਸੂਬਾ ਸਰਕਾਰ ਦੇ ਹਰ ਕਦਮ ਤੋਂ ਉਹ ਬੁਖਲਾਏ ਹੋਏ ਹਨ।" ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਗੇ ਕਿਹਾ, "ਮੈਂ ਹਮੇਸ਼ਾ ਵਿਕਾਸ ਮੁਖੀ ਅਤੇ ਨਾਗਰਿਕ ਕੇਂਦਰਿਤ ਨੀਤੀਆਂ ਬਣਾਉਣ ਲਈ ਸਿੱਧਾ ਲੋਕਾਂ ਤੋਂ ਫੀਡਬੈਕ ਲੈਣ ਲਈ ਮੈਦਾਨ ਵਿੱਚ ਰਿਹਾ ਹਾਂ, ਜਿਸ ਨਾਲ ਪੰਜਾਬ ਦੇ ਵਿਕਾਸ ਨੂੰ ਵੱਡਾ ਹੁਲਾਰਾ ਮਿਲਿਆ ਹੈ। ਇਸ ਨਾਲ ਪੂਰੀ ਵਿਰੋਧੀ ਧਿਰ ਸਦਮੇ ਵਿੱਚ ਹੈ ਅਤੇ ਸਾਰੇ ਵਿਰੋਧੀਆਂ ਨੇ ਝੂਠੇ ਦੋਸ਼ ਲਾ ਕੇ ਮੈਨੂੰ ਬਦਨਾਮ ਕਰਨ ਲਈ ਸੋਚੀ-ਸਮਝੀ ਰਣਨੀਤੀ ਨਾਲ ਮੇਰੇ ਵਿਰੁੱਧ ਹੱਥ ਮਿਲਾਇਆ ਹੈ।" ਉਨ੍ਹਾਂ ਅੱਗੇ ਕਿਹਾ, "ਇਹ ਤਾਕਤਾਂ ਮਨਘੜਤ ਅਤੇ ਅਪਮਾਨਜਨਕ ਕਹਾਣੀ ਘੜ ਕੇ ਲੋਕਾਂ ਨੂੰ ਭਰਮਾਉਣ ਦੀ ਕੋਸ਼ਿਸ਼ ਕਰ ਰਹੀਆਂ ਹਨ ਜਿਸ ਨੂੰ ਲੋਕ ਸਵੀਕਾਰ ਨਹੀਂ ਕਰਨਗੇ ਅਤੇ ਇਨ੍ਹਾਂ ਤਾਕਤਾਂ ਨੂੰ ਸਬਕ ਸਿਖਾਇਆ ਜਾਵੇਗਾ।"

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਜ਼ੋਰ ਦੇ ਕੇ ਕਿਹਾ, "ਸੂਬੇ ਦੇ ਸੂਝਵਾਨ ਲੋਕ ਵਿਰੋਧੀ ਧਿਰ ਦੇ ਇਨ੍ਹਾਂ ਆਗੂਆਂ ਦੇ ਸ਼ੱਕੀ ਤੇ ਧੋਖੇਬਾਜ਼ ਕਿਰਦਾਰ ਤੋਂ ਚੰਗੀ ਤਰ੍ਹਾਂ ਜਾਣੂ ਹਨ ਅਤੇ ਉਹ ਜ਼ਰੂਰ ਇਨ੍ਹਾਂ ਨੂੰ ਸਬਕ ਸਿਖਾਉਣਗੇ। ਵਿਰੋਧੀ ਧਿਰ ਦੀਆਂ ਨੌਟੰਕੀਆਂ ਮੈਨੂੰ ਕਦੇ ਵੀ ਸੂਬੇ ਦੇ ਲੋਕਾਂ ਦੀ ਸੇਵਾ ਤੋਂ ਨਹੀਂ ਰੋਕ ਸਕਦੀਆਂ ਅਤੇ ਮੈਂ ਆਪਣੇ ਆਖਰੀ ਸਾਹ ਤੱਕ ਡਟਿਆ ਰਹਾਂਗਾ।" ਉਨ੍ਹਾਂ ਅੱਗੇ ਕਿਹਾ, "ਇਨ੍ਹਾਂ ਪਾਰਟੀਆਂ ਕੋਲ ਸੂਬਾ ਸਰਕਾਰ ਵਿਰੁੱਧ ਕੋਈ ਏਜੰਡਾ ਨਹੀਂ ਹੈ ਕਿਉਂਕਿ ਪੰਜਾਬ ਸਰਕਾਰ ਨੇ ਲੋਕ ਭਲਾਈ ਲਈ ਕਈ ਮਹੱਤਵਪੂਰਨ ਫੈਸਲੇ ਲਏ ਹਨ ਜਿਸ ਕਰਕੇ ਵਿਰੋਧੀ ਧਿਰਾਂ ਮੁੱਦਾਹੀਣ ਹਨ।" ਅਕਾਲੀ ਦਲ 'ਤੇ ਸਿੱਧਾ ਹਮਲਾ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਅਕਾਲੀਆਂ ਨੂੰ ਪਾਈ ਗਈ ਹਰ ਵੋਟ ਗੁਰੂ ਸਾਹਿਬ ਜੀ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਾਵਨ ਬਾਣੀ ਦੀ ਬੇਅਦਬੀ ਦੇ ਹੱਕ ਵਿੱਚ ਹੋਵੇਗੀ। ਉਨ੍ਹਾਂ ਕਿਹਾ ਕਿ ਇਨ੍ਹਾਂ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਕਰਕੇ ਹਰੇਕ ਵਿਅਕਤੀ ਦੀ ਮਾਨਸਿਕਤਾ ਨੂੰ ਗਹਿਰੀ ਠੇਸ ਪਹੁੰਚਾਈ ਹੈ ਅਤੇ ਬਹਿਬਲ ਕਲਾਂ ਅਤੇ ਬਰਗਾੜੀ ਵਿੱਚ ਨਿਰਦੋਸ਼ਾਂ 'ਤੇ ਗੋਲੀ ਚਲਾਉਣ ਦਾ ਹੁਕਮ ਦਿੱਤਾ ਹੈ। ਇਨ੍ਹਾਂ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦਾ ਵੀ ਘੋਰ ਨਿਰਾਦਰ ਕੀਤਾ ਹੈ।"

ਉਨ੍ਹਾਂ ਅੱਗੇ ਕਿਹਾ, "ਸਾਬਕਾ ਉਪ ਮੁੱਖ ਮੰਤਰੀ ਦਾਅਵਾ ਕਰਦੇ ਹਨ ਕਿ ਉਨ੍ਹਾਂ ਦੇ ਸ਼ਾਸਨ ਦੌਰਾਨ ਸੂਬੇ ਦਾ ਵੱਡਾ ਵਿਕਾਸ ਹੋਇਆ ਹੈ ਪਰ ਕੋਟਕਪੂਰਾ, ਬਹਿਬਲ ਕਲਾਂ ਅਤੇ ਹੋਰ ਥਾਵਾਂ ਦੇ ਮੁੱਦੇ 'ਤੇ ਅੱਖਾਂ ਬੰਦ ਕਰ ਲੈਂਦੇ ਹਨ ਜਿੱਥੇ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਬੇਅਦਬੀ ਹੋਈ ਅਤੇ ਨਿਰਦੋਸ਼ ਲੋਕ ਮਾਰੇ ਗਏ।"

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਅਕਾਲੀ ਦਲ ਦੀ ਪੰਜਾਬ ਬਚਾਓ ਯਾਤਰਾ ਅਸਲ ਵਿੱਚ 'ਪਰਿਵਾਰ ਬਚਾਓ ਯਾਤਰਾ' ਹੈ। 15 ਸਾਲਾਂ ਤੱਕ ਸੂਬੇ ਨੂੰ ਲੁੱਟਣ ਤੋਂ ਬਾਅਦ, ਉਨ੍ਹਾਂ ਨੂੰ ਦੱਸਣਾ ਚਾਹੀਦਾ ਹੈ ਕਿ ਉਹ ਸੂਬੇ ਨੂੰ ਕਿਸ ਤੋਂ ਬਚਾਉਣ ਦੀ ਕੋਸ਼ਿਸ਼ ਕਰ ਰਹੇ ਹਨ।"

ਉਨ੍ਹਾਂ ਅੱਗੇ ਕਿਹਾ, "ਅਕਾਲੀਆਂ ਨੇ ਪੰਜਾਬੀਆਂ ਦੀ ਮਾਨਸਿਕਤਾ ਨੂੰ ਡੂੰਘੀ ਸੱਟ ਮਾਰਨ ਅਤੇ ਸੂਬੇ ਦੇ ਕਈ ਮਾਫੀਆ ਨੂੰ ਸਰਪ੍ਰਸਤੀ ਦੇਣ ਤੋਂ ਇਲਾਵਾ, ਸੂਬੇ ਨੂੰ ਬੇਰਹਿਮੀ ਨਾਲ ਲੁੱਟਿਆ ਹੈ। ਅਕਾਲੀ ਲੀਡਰਸ਼ਿਪ ਨੂੰ ਕਦੇ ਵੀ ਮਾਫ਼ ਨਹੀਂ ਕੀਤਾ ਜਾ ਸਕਦਾ ਕਿਉਂਕਿ ਇਹ ਸੂਬੇ ਦੀਆਂ ਕਈ ਪੀੜ੍ਹੀਆਂ ਦੀ ਨਸਲਕੁਸ਼ੀ ਲਈ ਜ਼ਿੰਮੇਵਾਰ ਸੀ ਅਤੇ ਨਸ਼ਿਆਂ ਦੇ ਕਾਰੋਬਾਰ ਨੂੰ ਸਰਪ੍ਰਸਤੀ ਦਿੱਤੀ ਗਈ ਸੀ ਅਤੇ ਉਨ੍ਹਾਂ ਦੇ ਲੰਮੇ ਕੁਸ਼ਾਸਨ ਦੌਰਾਨ ਇਹ ਕਾਰੋਬਾਰ ਵਧਿਆ-ਫੁੱਲਿਆ ਸੀ।" ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਗੇ ਕਿਹਾ, "ਅਕਾਲੀਆਂ 'ਤੇ ਪੀੜ੍ਹੀਆਂ ਦੀ ਨਸਲਕੁਸ਼ੀ ਲਈ ਮੁਕੱਦਮਾ ਚਲਾਇਆ ਜਾਣਾ ਚਾਹੀਦਾ ਹੈ ਕਿਉਂਕਿ ਨਸ਼ਿਆਂ ਦੇ ਵਪਾਰ ਨੂੰ ਉਨ੍ਹਾਂ ਦੁਆਰਾ ਸਰਪ੍ਰਸਤੀ ਦਿੱਤੀ ਗਈ ਸੀ। ਇਨ੍ਹਾਂ ਆਗੂਆਂ ਦੇ ਹੱਥ ਲੱਖਾਂ ਨੌਜਵਾਨਾਂ ਦੇ ਖੂਨ ਨਾਲ ਰੰਗੇ ਹੋਏ ਹਨ ਜੋ ਉਨ੍ਹਾਂ ਦੀਆਂ ਸਰਕਾਰੀ ਗੱਡੀਆਂ ਵਿੱਚ ਸੂਬੇ ਵਿੱਚ ਸਪਲਾਈ ਕੀਤੇ ਜਾਣ ਵਾਲੇ ਨਸ਼ੇ ਦਾ ਸ਼ਿਕਾਰ ਹੋ ਗਏ ਸਨ। ਇਨ੍ਹਾਂ ਆਗੂਆਂ ਦੇ ਪਾਪ ਮੁਆਫ਼ ਨਹੀਂ ਕੀਤੇ ਜਾ ਸਕਦੇ ਅਤੇ ਉਨ੍ਹਾਂ ਨੂੰ ਉਨ੍ਹਾਂ ਦੇ ਕੁਕਰਮਾਂ ਲਈ ਲੋਕ ਕਦੇ ਵੀ ਮੁਆਫ਼ ਨਹੀਂ ਕਰ ਸਕਦੇ।"

ਵਿਧਾਨਕ ਕਾਰਵਾਈ 'ਤੇ ਚਾਨਣਾ ਪਾਉਂਦੇ ਹੋਏ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਅਸੀਂ ਖੁਸ਼ਕਿਸਮਤ ਹਾਂ ਕਿ ਪ੍ਰਮਾਤਮਾ ਨੇ ਸਾਨੂੰ ਸਰਬਸੰਮਤੀ ਨਾਲ ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਐਕਟ, 2026 ਪਾਸ ਕਰਨ ਦੀ ਜ਼ਿੰਮੇਵਾਰੀ ਸੌਂਪੀ ਹੈ, ਜਿਸ ਨਾਲ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਲਈ ਸਖ਼ਤ ਸਜ਼ਾ ਨਿਰਧਾਰਤ ਕੀਤੀ ਗਈ ਹੈ। ਇਹ ਐਕਟ ਭਵਿੱਖ ਵਿੱਚ ਬੇਅਦਬੀ ਦੇ ਅੰਤ ਨੂੰ ਦਰਸਾਉਂਦਾ ਹੈ ਕਿਉਂਕਿ ਇਹ ਯਕੀਨੀ ਬਣਾਏਗਾ ਕਿ ਕੋਈ ਵੀ ਕਦੇ ਵੀ ਅਜਿਹੇ ਘਿਨਾਉਣੇ ਅਪਰਾਧ ਵਿੱਚ ਸ਼ਾਮਲ ਹੋਣ ਦੀ ਹਿੰਮਤ ਨਹੀਂ ਕਰੇਗਾ।"

ਉਨ੍ਹਾਂ ਅੱਗੇ ਕਿਹਾ, "ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਦਾ ਘਿਨਾਉਣਾ ਜੁਰਮ ਸੂਬੇ ਵਿੱਚ ਸਖ਼ਤ ਘਾਲਣਾ ਘਾਲ ਕੇ ਹਾਸਲ ਕੀਤੀ ਸ਼ਾਂਤੀ, ਸਦਭਾਵਨਾ, ਭਾਈਚਾਰਾ ਅਤੇ ਫਿਰਕੂ ਸਦਭਾਵਨਾ ਨੂੰ ਭੰਗ ਕਰਨ ਦੀ ਡੂੰਘੀ ਸਾਜ਼ਿਸ਼ ਸੀ। ਇਹ ਐਕਟ ਇਹ ਯਕੀਨੀ ਬਣਾਏਗਾ ਕਿ ਇਸ ਨਾ-ਮੁਆਫੀਯੋਗ ਅਪਰਾਧ ਵਿੱਚ ਦੋਸ਼ੀ ਪਾਏ ਜਾਣ ਵਾਲੇ ਕਿਸੇ ਵੀ ਵਿਅਕਤੀ ਨੂੰ ਕਿਸੇ ਵੀ ਕੀਮਤ 'ਤੇ ਬਖਸ਼ਿਆ ਨਹੀਂ ਜਾਵੇਗਾ ਅਤੇ ਦੂਜਿਆਂ ਲਈ ਮਿਸਾਲ ਕਾਇਮ ਹੋਵੇਗੀ।"

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਹਰ ਸਿੱਖ ਦੇ ਪਿਤਾ ਹਨ ਅਤੇ ਸੂਬਾ ਸਰਕਾਰ ਪਵਿੱਤਰ ਗ੍ਰੰਥ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਵਚਨਬੱਧ ਹੈ। ਦੁਨੀਆ ਭਰ ਦੇ ਲੋਕ ਖੁਸ਼ ਹਨ ਅਤੇ ਮੈਨੂੰ ਰੋਜ਼ਾਨਾ ਉਨ੍ਹਾਂ ਲੋਕਾਂ ਦੇ ਕਈ ਫੋਨ ਆ ਰਹੇ ਹਨ ਜੋ ਇਸ ਇਤਿਹਾਸਕ ਐਕਟ ਲਈ ਮੇਰਾ ਧੰਨਵਾਦ ਕਰਦੇ ਹਨ।"

ਅਕਾਲੀ ਲੀਡਰਸ਼ਿਪ 'ਤੇ ਵਰ੍ਹਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਇਹ ਮੌਕਾਪ੍ਰਸਤ ਆਗੂ ਹਨ ਜੋ ਆਪਣੀ ਸਹੂਲਤ ਅਤੇ ਨਿੱਜੀ ਰਾਜਨੀਤਿਕ ਹਿੱਤਾਂ ਅਨੁਸਾਰ ਗਿਰਗਿਟ ਵਾਂਗ ਆਪਣੇ ਰੰਗ ਤੇ ਸਟੈਂਡ ਬਦਲਦੇ ਹਨ। ਹਰ ਕੋਈ ਜਾਣਦਾ ਹੈ ਕਿ ਇਹ ਪਰਿਵਾਰ ਅੰਗਰੇਜ਼ਾਂ ਦੀ ਕਠਪੁਤਲੀ ਸੀ ਅਤੇ ਉਨ੍ਹਾਂ ਨੇ ਦੇਸ਼ ਲਈ ਲੜਨ ਵਾਲੇ ਦੇਸ਼ ਭਗਤਾਂ ਵਿਰੁੱਧ ਸ਼ੌਕ ਰੱਖਣ ਲਈ ਉਨ੍ਹਾਂ ਨੂੰ ਸਰ ਦੀ ਉਪਾਧੀ ਦਿੱਤੀ ਸੀ।"

ਉਨ੍ਹਾਂ ਅੱਗੇ ਕਿਹਾ, "ਇਸ ਪਰਿਵਾਰ ਨੇ 13 ਅਪ੍ਰੈਲ, 1919 ਨੂੰ ਜਲ੍ਹਿਆਂਵਾਲਾ ਬਾਗ ਕਤਲੇਆਮ ਦੇ ਦੋਸ਼ੀ ਜਨਰਲ ਡਾਇਰ ਨੂੰ ਇਸ ਘਿਨਾਉਣੀ ਘਟਨਾ ਤੋਂ ਬਾਅਦ ਰਾਤ ਦੇ ਖਾਣੇ ਦੀ ਮੇਜ਼ਬਾਨੀ ਕਰਕੇ ਸਨਮਾਨਿਤ ਕੀਤਾ ਸੀ। ਇਸ ਕਾਰਵਾਈ ਨੇ ਉਨ੍ਹਾਂ ਦੀ ਰਾਸ਼ਟਰ ਵਿਰੋਧੀ ਅਤੇ ਪੰਜਾਬ ਵਿਰੋਧੀ ਮਾਨਸਿਕਤਾ ਅਤੇ ਕਿਰਦਾਰ ਨੂੰ ਨੰਗਾ ਕਰ ਦਿੱਤਾ।" ਉਨ੍ਹਾਂ ਅੱਗੇ ਕਿਹਾ, "ਸਿਰਫ ਇਹ ਹੀ ਨਹੀਂ, ਪਰਿਵਾਰ ਨੇ ਇਹ ਵੀ ਯਕੀਨੀ ਬਣਾਇਆ ਕਿ ਜਨਰਲ ਡਾਇਰ ਨੂੰ ਸ੍ਰੀ ਹਰਿਮੰਦਰ ਸਾਹਿਬ ਵਿਖੇ ਸਿਰੋਪਾ ਅਤੇ ਮੁਆਫ਼ੀ ਦਿੱਤੀ ਜਾਵੇ। ਇਹ ਹੋਰ ਵੀ ਹੈਰਾਨ ਕਰਨ ਵਾਲੀ ਗੱਲ ਹੈ ਕਿ ਜਥੇਦਾਰ ਅਰੂੜ ਸਿੰਘ, ਜਿਸ ਨੇ ਸਿਰੋਪਾ ਦਿੱਤਾ ਸੀ, ਸਾਬਕਾ ਲੋਕ ਸਭਾ ਮੈਂਬਰ ਸਿਮਰਜੀਤ ਸਿੰਘ ਮਾਨ ਦੇ ਨਾਨਾ ਜੀ ਸਨ।"

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਜ਼ੋਰ ਦੇ ਕੇ ਕਿਹਾ ਕਿ ਇਤਿਹਾਸ ਮਿਟਾਇਆ ਨਹੀਂ ਜਾ ਸਕਦਾ ਅਤੇ ਬਾਦਲਾਂ ਦੇ ਪੁਰਖਿਆਂ ਦੇ ਸ਼ੱਕੀ ਕਿਰਦਾਰ ਇਤਿਹਾਸ ਦੇ ਪੰਨਿਆਂ 'ਤੇ ਉੱਕਰੇ ਹੋਏ ਹਨ। ਇਸ ਪਰਿਵਾਰ ਦੇ ਹੱਥ ਦੇਸ਼ ਭਗਤਾਂ ਦੇ ਖੂਨ ਨਾਲ ਰੰਗੇ ਹੋਏ ਹਨ ਅਤੇ ਰਾਸ਼ਟਰਵਾਦੀਆਂ ਦੀ ਪਿੱਠ ਵਿੱਚ ਛੁਰਾ ਮਾਰਨ ਵਿੱਚ ਉਨ੍ਹਾਂ ਦੀ ਭੂਮਿਕਾ ਨੂੰ ਕਦੇ ਵੀ ਭੁਲਾਇਆ ਨਹੀਂ ਜਾ ਸਕਦਾ। ਕਾਂਗਰਸ 'ਤੇ ਨਿਸ਼ਾਨਾ ਸਾਧਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਕਾਂਗਰਸ ਵਿੱਚ ਹਰ ਆਗੂ ਸੂਬੇ ਦਾ ਮੁਖੀ ਬਣਨ ਦੀ ਇੱਛਾ ਰੱਖਦਾ ਹੈ, ਜਿਸ ਕਰਕੇ ਉਨ੍ਹਾਂ ਕੋਲ ਚੋਣਾਂ ਵਿੱਚ ਕੰਮ ਕਰਨ ਲਈ ਆਮ ਵਰਕਰਾਂ ਦੀ ਥਾਂ ਜ਼ਿਆਦਾ ਮੁੱਖ ਮੰਤਰੀ ਦੇ ਚਿਹਰੇ ਹਨ। ਕਾਂਗਰਸ ਪਾਰਟੀ ਇੱਕ ਵੰਡਿਆ ਹੋਇਆ ਘਰ ਹੈ ਜੋ ਉਨ੍ਹਾਂ ਦੇ ਆਪਸੀ ਕਾਟੋ ਕਲੇਸ਼ ਨਾਲ ਹੀ ਢਹਿ-ਢੇਰੀ ਹੋ ਜਾਵੇਗਾ।

ਉਨ੍ਹਾਂ ਅੱਗੇ ਕਿਹਾ ਕਿ 2027 ਵਿੱਚ ਹੋਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਲੋਕਾਂ ਕੋਲ ਤਿੰਨ ਕਲਮਾਂ ਵਿੱਚੋਂ ਕਿਸੇ ਇੱਕ ਨੂੰ ਚੁਣਨ ਦਾ ਬਦਲ ਹੋਵੇਗਾ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਪਹਿਲੀ ਕਲਮ ਲਾਲ ਸਿਆਹੀ ਵਾਲੀ ਕਾਂਗਰਸ ਦੀ ਕਲਮ ਹੈ, ਜੋ ਸ੍ਰੀ ਹਰਿਮੰਦਰ ਸਾਹਿਬ 'ਤੇ ਹਮਲੇ, 1984 ਦੇ ਦੰਗਿਆਂ ਅਤੇ ਹੋਰ ਸਿੱਖ ਵਿਰੋਧੀ ਤੇ ਪੰਜਾਬ ਵਿਰੋਧੀ ਸਟੈਂਡਾਂ ਦੀ ਪ੍ਰਤੀਕ ਹੈ। ਦੂਜੀ ਕਲਮ ਅਕਾਲੀਆਂ ਦੀ ਹੈ ਜਿਸ ਕੋਲ ਸਿਰਫ਼ ਇੱਕ ਸਿਆਹੀ ਹੈ, ਜਿਸ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਬੇਅਦਬੀ ਕੀਤੀ। ਤੀਜੀ ਕਲਮ 'ਆਪ' ਪਾਰਟੀ ਦੀ ਹੈ ਜੋ ਹਰ ਆਏ ਦਿਨ ਮਾਰਗ-ਦਰਸ਼ਕ ਪਹਿਲਕਦਮੀਆਂ ਨਾਲ ਪੰਜਾਬ ਨੂੰ ਰੰਗਲਾ ਪੰਜਾਬ ਬਣਾ ਰਹੀ ਹੈ।

# ਅਮਰੀਕਾ 'ਚ ਪੈਦਾ ਹੋਏ ਰੂਸੀ ਡਿਪਲੋਮੈਟਾਂ ਦੇ ਬੱਚਿਆਂ ਨੂੰ ਅਮਰੀਕੀ ਨਾਗਰਿਕਤਾ ਦੇਣ 'ਤੇ ਭੜਕਿਆ ਰੂਸ

ਮਾਸਕੋ
ਸਾਂਝੀ ਸੋਚ ਬਿਊਰੋ

ਰੂਸ ਨੇ ਅਮਰੀਕਾ ਦੇ ਸਟੇਟ ਡਿਪਾਰਟਮੈਂਟ (ਵਿਦੇਸ਼ ਵਿਭਾਗ) 'ਤੇ ਗੰਭੀਰ ਦੋਸ਼ ਲਾਉਂਦਿਆਂ ਕਿਹਾ ਹੈ ਕਿ ਉਹ ਅਮਰੀਕਾ ਵਿਚ ਪੈਦਾ ਹੋਏ ਰੂਸੀ ਡਿਪਲੋਮੈਟਾਂ ਦੇ ਬੱਚਿਆਂ ਨੂੰ ਗੈਰ-ਕਾਨੂੰਨੀ ਤਰੀਕੇ ਨਾਲ ਅਮਰੀਕੀ ਨਾਗਰਿਕਤਾ ਦੇ ਰਿਹਾ ਹੈ। ਰੂਸ ਅਨੁਸਾਰ ਇਹ ਕਦਮ ਅੰਤਰਰਾਸ਼ਟਰੀ ਨਿਯਮਾਂ ਅਤੇ ਦੁਵੱਲੇ ਡਿਪਲੋਮੈਟਿਕ ਅਭਿਆਸਾਂ ਦੀ ਸਿੱਧੀ ਉਲੰਘਣਾ ਹੈ।


ਰੂਸੀ ਵਿਦੇਸ਼ ਮੰਤਰਾਲੇ ਦੀ ਬੁਲਾਰਨ ਮਾਰੀਆ ਜ਼ਖਾਰੋਵਾ ਨੇ ਰੂਸੀ ਵਪਾਰਕ ਅਖ਼ਬਾਰ 'ਵੇਦੋਮੋਸਤੀ' ਵਿਚ ਲਿਖਿਆ ਹੈ ਕਿ ਅਮਰੀਕੀ ਅਧਿਕਾਰੀ "ਜਨਮ ਸਿੱਧ ਨਾਗਰਿਕਤਾ" ਦੇ ਨਾਂ 'ਤੇ ਇਨ੍ਹਾਂ ਬੱਚਿਆਂ ਨੂੰ ਜ਼ਬਰਦਸਤੀ ਅਮਰੀਕੀ ਨਾਗਰਿਕ ਵਜੋਂ ਰਜਿਸਟਰ ਕਰ ਰਹੇ ਹਨ।

ਉਨ੍ਹਾਂ ਕਿਹਾ ਕਿ ਇਹ ਨਾਗਰਿਕਤਾ ਮਾਪਿਆਂ ਦੀ ਇੱਛਾ ਦੇ ਵਿਰੁੱਧ ਦਿੱਤੀ ਜਾ ਰਹੀ ਹੈ, ਜੋ ਕਿ ਕੌਮਾਂਤਰੀ ਕਾਨੂੰਨ ਅਤੇ ਖੁਦ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਦੀਆਂ ਨੀਤੀਆਂ ਦੇ ਉਲਟ ਹੈ।

ਜ਼ਖਾਰੋਵਾ ਨੇ ਇਸ ਕਾਰਵਾਈ ਨੂੰ ਅਮਰੀਕਾ ਦੀ "ਡੀਪ ਸਟੇਟ" ਦੀ ਇੱਕ ਨਵੀਂ ਚਾਲ ਕਰਾਰ ਦਿੱਤਾ ਹੈ।

ਉਨ੍ਹਾਂ ਦਾ ਮੰਨਣਾ ਹੈ ਕਿ ਅਮਰੀਕਾ ਇਸ ਨਾਗਰਿਕਤਾ ਨੂੰ ਰੂਸੀ ਡਿਪਲੋਮੈਟਾਂ 'ਤੇ ਦਬਾਅ ਬਣਾਉਣ ਲਈ ਇੱਕ ਹਥਿਆਰ ਵਜੋਂ ਵਰਤ ਰਿਹਾ ਹੈ। ਉਨ੍ਹਾਂ ਇਹ ਵੀ ਕਿਹਾ ਕਿ ਅਮਰੀਕੀ ਕਾਨੂੰਨ ਸਪੱਸ਼ਟ ਤੌਰ 'ਤੇ ਡਿਪਲੋਮੈਟਾਂ ਦੇ ਬੱਚਿਆਂ ਨੂੰ ਜਨਮ ਦੇ ਆਧਾਰ 'ਤੇ ਨਾਗਰਿਕਤਾ ਲੈਣ ਦੇ ਅਧਿਕਾਰ ਤੋਂ ਬਾਹਰ ਰੱਖਦਾ ਹੈ।

ਰੂਸੀ ਸਰਕਾਰ ਨੇ ਸਾਫ਼ ਕਰ ਦਿੱਤਾ ਹੈ ਕਿ ਉਹ ਆਪਣੇ ਡਿਪਲੋਮੈਟਿਕ, ਪ੍ਰਸ਼ਾਸਨਿਕ ਅਤੇ ਤਕਨੀਕੀ ਸਟਾਫ ਦੇ ਪਰਿਵਾਰਾਂ 'ਤੇ ਥੋਪੀ ਗਈ ਇਸ ਅਮਰੀਕੀ ਨਾਗਰਿਕਤਾ ਨੂੰ ਮਾਨਤਾ ਨਹੀਂ ਦੇਵੇਗਾ। ਮਾਸਕੋ ਹੁਣ ਅਮਰੀਕਾ ਤੋਂ ਅਧਿਕਾਰਤ ਤੌਰ 'ਤੇ ਇਹ ਪੁਸ਼ਟੀ ਕਰਨ ਦੀ ਮੰਗ ਕਰੇਗਾ ਕਿ ਇਹ ਨਵਜੰਮੇ ਬੱਚੇ ਅਮਰੀਕੀ ਅਧਿਕਾਰ ਖੇਤਰ ਦੇ ਅਧੀਨ ਨਹੀਂ ਆਉਂਦੇ। ਅਮਰੀਕਾ ਵੱਲੋਂ ਅਜੇ ਤੱਕ ਇਸ ਮਾਮਲੇ 'ਤੇ ਕੋਈ ਅਧਿਕਾਰਤ ਪ੍ਰਤੀਕਿਰਿਆ ਸਾਹਮਣੇ ਨਹੀਂ ਆਈ ਹੈ।


Pal Films
Production
All Your Photo/Videography &
Post Production needs Under One Roof
PF
RED PRO
5.0
RED
Music Video | Pre Shoots | Weddings | Birthdays
Graduations | Stage Shows Or Any Kind Of Events
Customize Photobooks (upto 6 feet)
Video Editing VFX/DI/CC & Much More....
(925) 489-3400, (341) 356-1517
palfilms925@gmail.com
www.thepalfilms.com


A Kimi Verma Production in collaboration with TV Asia
APPLY NOW
Miss & Mrs Punjaban USA 2026
Miss & Mrs India Global USA 2026
Beauty - Brains - Personality
(Participation, Tickets & Tables)
Call/ Text for info: 530-650-2777
31st May
Sunday
Red Carpet 02:00 pm
Show Time 03:00 pm
Tables & Tickets
Text/ Call 530-650-2777
TITLES YOU CAN WIN:
- Miss Punjaban USA (18 to 39 yrs old)
- Mrs. Punjaban USA ( 21 to 59)
- Miss India Global USA ( 18 to 39 yrs old)
- Mrs. India Global USA (21 to 59 yrs old)
- Grace of Punjab (60+yrs)
- Grace of India (60+ yrs)
BOLLYWOOD DANCE PARTY 6:00 PM
Scan QR Code for Registration
kimi.verma
DoubleTree by HILTON Los Angeles-Norwalk-Buena Park, 13111 Sycamore Drive, Norwalk, CA 90650

# MANI GREWAL

## STANISLAUS COUNTY | DISTRICT 4
## SUPERVISOR

ਸਤ ਸ੍ਰੀ ਅਕਾਲ ਜੀ

**Stanislaus County Supervisor District-4**

ਦੀ ਸੀਟ ਵਾਸਤੇ 2026 ਲਈ ਮਨੀ ਗਰੇਵਾਲ ਦੋਬਾਰਾ ਚੋਣ ਲੜਨ ਲਈ ਖੜੇ ਹੋਣ ਜਾ ਰਹੇ ਹਨ ਮਨੀ ਗਰੇਵਾਲ ਨੇ ਦਸੰਬਰ 2020 ਵਿੱਚ County Supervisor ਦਾ ਅਹੁਦਾ ਸੰਭਾਲਿਆ ਸੀ ਅਤੇ ਦੋਬਾਰਾ ਲੋਕਾਂ ਵਲੋਂ ਚੁਣ ਕੇ 2023 ਵਿੱਚ ਫਿਰ ਇਕ ਵਾਰ ਇਸ ਅਹੁਦੇ ਤੇ ਬਰਕਾਰ ਰਹੇ



4 ਸਾਲ ਦੀ ਟਰਮ ਪੂਰੀ ਹੋਣ ਤੇ 2026 ਦੇ ਜੂਨ ਮਹੀਨੇ ਦੀਆਂ ਪ੍ਰਾਇਮਰੀ ਚੋਣਾਂ ਲਈ ਓਸੇ ਹੀ District-4 ਤੋਂ ਦੋਬਾਰਾ ਮਨੀ ਗਰੇਵਾਲ ਚੋਣ ਲੜਨ ਲਈ ਖੜੇ ਹੋ ਰਹੇ ਹਨ।

ਪਿਛਲੇ 5 ਸਾਲਾਂ ਵਿੱਚ ਮਨੀ ਗਰੇਵਾਲ ਨੇ ਬਹੁਤ ਹੀ ਮਿਹਨਤ ਅਤੇ ਲਗਨ ਨਾਲ ਆਪਣੇ District ਦੇ ਲੋਕਾਂ ਦੀ ਸੇਵਾ ਕੀਤੀ ਹੈ ਕਈ ਅਹਿਮ ਪ੍ਰੋਜੈਕਟਾਂ ਨੂੰ ਸਿਰੇ ਚਾੜ੍ਹਿਆ ਅਤੇ ਹੁਣ ਵੀ ਕਈ ਨਵੇਂ ਪ੍ਰੋਜੈਕਟਾਂ ਦੇ ਉੱਤੇ ਕੰਮ ਕਰ ਰਹੇ ਹਨ ਤਾਂ ਕਿ Stanislaus County Supervisor District-4 ਦੇ ਲੋਕਾਂ ਦੀ ਵੱਧ ਤੋਂ ਵੱਧ ਮਦਦ ਹੋ ਸਕੇ ਅਤੇ ਉਹਨਾਂ ਨੂੰ ਨਵੀਆਂ-ਨਵੀਆਂ ਸਹੂਲਤਾਂ ਦਿੱਤੀਆਂ ਜਾ ਸਕਣ।

ਮਨੀ ਗਰੇਵਾਲ ਇਕ ਵਧੀਆ ਅਤੇ ਮਿਹਨਤੀ ਪਰਿਵਾਰ ਨਾਲ ਸਬੰਧ ਰੱਖਦਾ ਹੈ ਮਨੀ ਗਰੇਵਾਲ ਨੇ Business Administration ਵਿੱਚ Bachelor of Science ਦੀ ਡਿਗਰੀ ਹਾਸਿਲ ਕੀਤੀ ਹੋਈ ਹੈ ਇਸ ਤੋਂ ਵਧੀਆ ਉਮੀਦਵਾਰ ਤੁਹਾਡੇ District 4 ਲਈ ਕੋਈ ਹੋਰ ਨਹੀਂ ਹੋ ਸਕਦਾ




**ਮਨੀ ਗਰੇਵਾਲ ਵਲੋਂ ਸਾਰੇ ਭੈਣਾਂ-ਭਰਾਵਾਂ, ਬਜ਼ੁਰਗਾਂ-ਮਾਤਾਵਾਂ ਨੂੰ ਹੱਥ ਜੋੜ ਕੇ ਬੇਨਤੀ ਅਤੇ ਅਪੀਲ ਕੀਤੀ ਜਾਂਦੀ ਹੈ ਕਿ ਤੁਸੀਂ ਆਪਣਾ VOTE ਅਤੇ SUPORT ਮੈਨੂੰ ਦਿਓ**

**ਸਤ ਸ਼੍ਰੀ ਅਕਾਲ ਜੀ**

# 'ਆਪ' ਦੀ ਟਰੇਡ ਵਿੰਗ ਵੱਲੋਂ ਗੈਸ ਸਿਲੰਡਰਾਂ ਦੀਆਂ ਕੀਮਤਾਂ 'ਚ ਵਾਧੇ ਵਿਰੁਧ ਘੰਟਾ ਘਰ ਵਿਖੇ ਰੋਸ਼ ਪ੍ਰਦਰਸ਼ਨ

ਪਟਿਆਲਾ
ਸਾਂਝੀ ਸੋਚ ਬਿਊਰੋ

ਆਮ ਆਦਮੀ ਪਾਰਟੀ ਦੀ ਟਰੇਡ ਵਿੰਗ ਵਲੋਂ ਲੁਧਿਆਣਾ ਦੇ ਘੰਟਾ ਘਰ ਵਿਖੇ ਮੋਦੀ ਸਰਕਾਰ ਵੱਲੋਂ ਗੈਸ ਸਿਲੰਡਰਾਂ ਦੀਆਂ ਕੀਮਤਾਂ ਵਿੱਚ ਕੀਤੇ ਬੇਹਿਸਾਬ ਵਾਧੇ ਦੇ ਵਿਰੋਧ ਵਿੱਚ ਧਰਨਾ ਪ੍ਰਦਰਸ਼ਨ ਕਰਦਿਆਂ ਭਾਜਪਾ 'ਤੇ ਤਿੱਖੇ ਨਿਸ਼ਾਨੇ ਸਾਧੇ ਗਏ।

ਇਸ ਮੌਕੇ ਵਿਧਾਇਕ ਵਿਧਾਇਕ ਅਸ਼ੋਕ ਪਰਾਸ਼ਰ ਪੱਪੀ, ਵਿਧਾਇਕ ਦਲਜੀਤ ਸਿੰਘ ਭੋਲਾ ਗਰੇਵਾਲ, ਚੇਅਰਮੈਨ ਅਨਿਲ ਠਾਕੁਰ, ਸਾਹਿਲ ਅਗਰਵਾਲ, ਜ਼ਿਲ੍ਹਾ ਇੰਚਾਰਜ ਜਤਿੰਦਰ ਖੰਗੂੜਾ, ਮੀਡੀਅਮ ਸੀਨੀਅਰ ਵਾਈਸ ਇੰਡਸਟਰੀ ਚੇਅਰਮੈਨ ਸ਼ਰਨਪਾਲ ਸਿੰਘ ਮੱਕੜ, ਮੈਂਬਰ ਮਹਿਲਾ ਕਮਿਸ਼ਨ ਅਜਿੰਦਰਪਾਲ ਕੌਰ ਤੋਂ ਇਲਾਵਾ ਸੈਂਕੜਿਆਂ ਦੀ ਗਿਣਤੀ ਵਿੱਚ 'ਆਪ' ਵਲੰਟੀਅਰਾਂ ਨੇ ਸ਼ਮੂਲੀਅਤ ਕੀਤੀ। ਉਨ੍ਹਾਂ ਇੱਕ ਸੁਰ ਵਿੱਚ ਕਿਹਾ ਕਿ ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਆਮ ਆਦਮੀ ਲਈ ਲਾਚਾਰ ਅਤੇ ਰਸੋਈ ਲਈ ਗੁਨਾਹਗਾਰ ਸਿੱਧ ਹੋਈ ਹੈ। ਕਾਬਿਲੇਗੌਰ ਹੈ ਕਿ ਵਪਾਰਕ ਐੱਲ ਪੀ ਜੀ ਸਿਲੰਡਰ ਹੁਣ 993 ਰੁਪਏ ਮਹਿੰਗਾ ਹੋ ਗਿਆ ਹੈ। ਪੱਛਮੀ ਏਸ਼ੀਆ ਸੰਕਟ ਕਰ ਕੇ ਆਲਮੀ ਪੱਧਰ ਉੱਤੇ ਊਰਜਾ ਕੀਮਤਾਂ ਵਿੱਚ ਉਛਾਲ ਨਾਲ ਇਹ ਹੁਣ ਤੱਕ ਦਾ ਸਭ ਤੋਂ ਵੱਡਾ ਤੇ ਲਗਾਤਾਰ ਤੀਜਾ ਮਾਸਿਕ ਵਾਧਾ ਹੈ। 19 ਕਿਲੋ ਵਜ਼ਨੀ ਵਪਾਰਕ ਐੱਲ ਪੀ ਜੀ ਸਿਲੰਡਰ ਆਮ ਕਰ ਕੇ ਹੋਟਲਾਂ ਤੇ ਰੈਸਟੋਰੈਂਟਾਂ 'ਚ ਵਰਤਿਆ ਜਾਂਦਾ ਹੈ। ਇਸ ਤੋਂ ਪਹਿਲਾਂ ਕੀਮਤਾਂ




ਵਿੱਚ ਪਹਿਲੀ ਅਪਰੈਲ ਨੂੰ 195.50 ਰੁਪਏ ਪ੍ਰਤੀ ਸਿਲੰਡਰ ਤੇ ਪਹਿਲੀ ਮਾਰਚ ਨੂੰ 114.5 ਰੁਪਏ ਪ੍ਰਤੀ ਸਿਲੰਡਰ ਦਾ ਵਾਧਾ ਹੋਇਆ ਸੀ। ਇਨ੍ਹਾਂ ਤਿੰਨ ਵਾਧਿਆਂ ਨਾਲ ਕੁੱਲ ਮਿਲਾ ਕੇ ਕਮਰਸ਼ੀਅਲ ਐੱਲ ਪੀ ਜੀ ਦੀਆਂ ਦਰਾਂ 'ਚ 1303 ਰੁਪਏ ਦਾ ਇਜ਼ਾਫ਼ਾ ਹੋਇਆ ਹੈ। ਉਂਜ ਘਰੇਲੂ ਰਸੋਈ ਗੈਸ ਸਿਲੰਡਰ ਦੀਆਂ ਕੀਮਤਾਂ ਵਿੱਚ ਕੋਈ ਫੇਰਬਦਲ ਨਹੀਂ ਕੀਤਾ ਗਿਆ। ਸੱਤ ਮਾਰਚ ਨੂੰ 14.2 ਕਿਲੋ ਵਜ਼ਨੀ ਸਿਲੰਡਰ ਦੀਆਂ ਦਰਾਂ 'ਚ 60 ਰੁਪਏ ਦਾ ਵਾਧਾ ਹੋਇਆ ਸੀ। ਦਿੱਲੀ ਵਿੱਚ ਘਰੇਲੂ ਐੱਲ ਪੀ ਜੀ ਸਿਲੰਡਰ 913 ਰੁਪਏ ਨੂੰ ਪੈਂਦਾ ਹੈ। ਸਰਕਾਰੀ ਮਾਲਕੀ ਵਾਲੀਆਂ ਤੇਲ ਕੰਪਨੀਆਂ ਇੰਡੀਅਨ ਆਇਲ ਕਾਰਪੋਰੇਸ਼ਨ (ਆਈ ਓ ਸੀ), ਭਾਰਤ ਪੈਟਰੋਲੀਅਮ ਤੇ ਹਿੰਦੁਸਤਾਨ ਪੈਟਰੋਲੀਅਮ ਹਰੇਕ ਮਹੀਨੇ ਦੀ ਪਹਿਲੀ ਤਰੀਕ ਨੂੰ ਕੌਮਾਂਤਰੀ ਬੈਂਚਮਾਰਕ ਤੇ ਐਕਸਚੇਂਜ ਦਰਾਂ ਦੇ ਆਧਾਰ ਉੱਤੇ ਏ ਟੀ ਐੱਫ ਤੇ ਐੱਲ ਪੀ ਜੀ ਕੀਮਤਾਂ 'ਤੇ ਨਜ਼ਰਸਾਨੀ ਕਰਦੀਆਂ ਹਨ। ਪੱਛਮੀ ਏਸ਼ੀਆ ਜੰਗ ਕਰ ਕੇ ਊਰਜਾ ਸਪਲਾਈ ਚੇਨਾਂ ਵਿੱਚ ਅੜਿੱਕੇ ਆਉਣ ਕਾਰਨ ਆਲਮੀ ਪੱਧਰ 'ਤੇ ਤੇਲ ਕੀਮਤਾਂ ਕਰੀਬ 50 ਫ਼ੀਸਦ ਛੂਟ ਵਟ ਗਈਆਂ ਹਨ। 'ਆਪ' ਆਗੂਆਂ ਨੇ ਭਾਰਤੀ ਜਨਤਾ ਪਾਰਟੀ ਨੂੰ ਘੇਰਦਿਆਂ ਕਿਹਾ ਕਿ ਕੇਂਦਰ ਸਰਕਾਰ ਨੂੰ ਚੋਣਾਂ ਮੌਕੇ ਹੀ ਆਮ ਭਾਰਤੀਆਂ ਨੂੰ ਦਰਪੇਸ਼ ਦੁੱਖ ਤਕਲੀਫ਼ਾਂ ਦੀ ਫ਼ਿਕਰ ਹੁੰਦੀ ਹੈ ਤੇ ਮਗਰੋਂ ਉਨ੍ਹਾਂ ਨੂੰ ਆਪਣੇ ਹਾਲ ਉੱਤੇ ਛੱਡ ਦਿੱਤਾ ਜਾਂਦਾ ਹੈ। ਉਨ੍ਹਾਂ ਕਿਹਾ ਕਿ ਇਰਾਨ ਜੰਗ ਲੱਗੋ ਨੂੰ ਤਿੰਨ ਮਹੀਨੇ ਹੋ ਚੁੱਕੇ ਹਨ ਅਤੇ ਸਰਕਾਰ ਨੂੰ ਵਿੱਤੀ ਬੋਝ ਆਮ ਲੋਕਾਂ ਉੱਤੇ ਪਾਉਣ ਦੀ ਥਾਂ ਉਨ੍ਹਾਂ ਨੂੰ ਬਚਾਉਣ ਲਈ ਕੋਈ ਠੋਸ ਯੋਜਨਾ ਤਿਆਰ ਕਰਨੀ ਚਾਹੀਦੀ ਸੀ ਜਦਕਿ ਕਿ ਸਿਲੰਡਰਾਂ ਦੀ ਕੀਮਤ ਵਿੱਚ ਭਾਰੀ ਇਜਾਫਾ ਕਰਕੇ ਲੋਕਾਂ ਦੀ ਹੋਰ ਕਮਰ ਤੋੜ ਦਿੱਤੀ ਹੈ। ਇਸ ਵਿਰੋਧ ਪ੍ਰਦਰਸ਼ਨ ਵਿੱਚ ਮਨਪ੍ਰੀਤ ਬੰਟੀ, ਕਾਕਾ ਮਾਛੀਵਾੜਾ, ਵਿਪੁਲ ਸੇਠੀ, ਰਕੇਸ਼ ਕੁਮਾਰ, ਰਾਜ ਕੁਮਾਰ ਅਗਰਵਾਲ ਮੈਂਬਰ ਜੀਐਸਟੀ, ਰਵਿੰਦਰ ਪਾਲ ਸਿੰਘ ਪਾਲੀ, ਦਵਿੰਦਰ ਵਰਮਾ, ਅਜਿੰਦਰ ਪਾਲ ਕੌਰ ਅਤੇ ਹੋਰਨਾ ਸੈਂਕੜੇ ਸਾਥੀ ਮੌਜੂਦ ਸਨ।

# ਪੰਜਾਬ ਵੱਲੋਂ ਨਵਾਂ ਮੀਲ ਪੱਥਰ ਕਾਇਮ: ਸ਼ੁਰੂਆਤ ਤੋਂ ਹੁਣ ਤੱਕ ਦੀ ਸਭ ਤੋਂ ਵੱਧ ਜੀ.ਐਸ.ਟੀ ਪ੍ਰਾਪਤੀ, ਵਿਕਾਸ ਦਰ ਵਿੱਚ ਭਾਰਤ 'ਚ ਸੱਭ ਤੋਂ ਅੱਗੇ: ਹਰਪਾਲ ਸਿੰਘ ਚੀਮਾ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ

ਪੰਜਾਬ ਦੇ ਵਿੱਤ, ਯੋਜਨਾ, ਆਬਕਾਰੀ ਅਤੇ ਕਰ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਅੱਜ ਇਥੇ ਐਲਾਨ ਕੀਤਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਅਪ੍ਰੈਲ 2026 ਲਈ ਟੈਕਸ ਮਾਲੀਏ ਵਿੱਚ ਇੱਕ ਇਤਿਹਾਸਕ ਮੀਲ ਪੱਥਰ ਕਾਇਮ ਕੀਤਾ ਹੈ ਅਤੇ ਸੂਬੇ ਨੇ ਜੀ.ਐਸ.ਟੀ. ਦੇ ਲਾਗੂ ਹੋਣ ਤੋਂ ਲੈ ਕੇ ਹੁਣ ਤੱਕ ਦਾ ਆਪਣਾ ਸਭ ਤੋਂ ਵੱਧ ਮਹੀਨਾਵਾਰ ਵਸਤੂਆਂ ਅਤੇ ਸੇਵਾ ਕਰ (ਜੀ.ਐਸ.ਟੀ.) ਹਾਸਲ ਕੀਤਾ ਹੈ, ਅਤੇ ਇਸ ਦੇ ਨਾਲ ਹੀ ਕੁੱਲ ਜੀ.ਐਸ.ਟੀ. ਮਾਲੀਆ ਵਿਕਾਸ ਦਰ ਵਿੱਚ ਦੇਸ਼ ਭਰ ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ ਹੈ। ਇੱਥੇ ਜਾਰੀ ਇੱਕ ਪ੍ਰੈਸ ਬਿਆਨ ਵਿੱਚ ਇਸ ਬੇਮਿਸਾਲ ਪ੍ਰਾਪਤੀ ਦਾ ਵੇਰਵਾ ਦਿੰਦਿਆਂ, ਵਿੱਤ ਮੰਤਰੀ ਹਰਪਾਲ ਸਿੰਘ ਨੇ ਕਿਹਾ, "ਸੂਬੇ ਨੇ 2725.08 ਕਰੋੜ ਦੇ ਸ਼ੁੱਧ ਜੀ.ਐਸ.ਟੀ. ਦੇ ਨਾਲ 2987.38 ਕਰੋੜ ਦਾ ਕੁੱਲ ਜੀ.ਐਸ.ਟੀ. ਦਰਜ ਕੀਤਾ ਹੈ। ਇਹ ਸ਼ਾਨਦਾਰ ਪ੍ਰਦਰਸ਼ਨ ਸਾਲ-ਦਰ-ਸਾਲ ਦੇ ਆਧਾਰ 'ਤੇ ਸ਼ੁੱਧ ਜੀ.ਐਸ.ਟੀ. ਵਿੱਚ 70.70% ਦੇ ਜ਼ਬਰਦਸਤ ਵਾਧੇ ਨੂੰ ਦਰਸਾਉਂਦਾ ਹੈ, ਜੋ ਕਿ ਅਪ੍ਰੈਲ 2025 ਦੀ ਸਾਡੀ ਪ੍ਰਾਪਤੀ ਦੇ ਮੁਕਾਬਲੇ ਲਗਭਗ 1,129 ਕਰੋੜ ਰੁਪਏ ਦੇ ਪ੍ਰਭਾਵਸ਼ਾਲੀ ਵਾਧੇ ਵਿੱਚ ਤਬਦੀਲ ਹੋਇਆ।" ਕੌਮੀ ਪੱਧਰ 'ਤੇ ਪੰਜਾਬ ਦੀ ਸਥਿਤੀ ਬਾਰੇ ਵਿਸਥਾਰ ਦਿੰਦੇ ਹੋਏ, ਆਬਕਾਰੀ ਅਤੇ ਕਰ ਮੰਤਰੀ ਨੇ ਕਿਹਾ, "ਭਾਰਤ ਸਰਕਾਰ ਦੇ ਅੰਕੜਿਆਂ ਅਨੁਸਾਰ ਪੰਜਾਬ ਨੇ ਪੋਸਟ-ਸੈਟਲਮੈਂਟ ਜੀ.ਐਸ.ਟੀ. ਵਿੱਚ 66% ਦਾ ਸ਼ਾਨਦਾਰ ਵਾਧਾ ਦਰਜ ਕੀਤਾ ਹੈ, ਜੋ ਪਿਛਲੇ ਸਾਲ ਦੇ 1,795 ਕਰੋੜ ਰੁਪਏ ਤੋਂ ਵੱਧ ਕੇ 2,987 ਕਰੋੜ ਰੁਪਏ ਹੋ ਗਿਆ ਹੈ। ਇਹ ਸਾਨੂੰ ਦੇਸ਼ ਵਿੱਚ ਸਭ



ਤੋਂ ਤੇਜ਼ੀ ਨਾਲ ਵਿਕਾਸ ਕਰਨ ਵਾਲੇ ਸੂਬੇ ਵਜੋਂ ਸਥਾਪਿਤ ਕਰਦਾ ਹੈ, ਜੋ ਸਰਬ-ਭਾਰਤੀ ਵਿਕਾਸ ਔਸਤ ਨੂੰ ਕਾਫ਼ੀ ਪਿੱਛੇ ਛੱਡਦਾ ਹੈ ਅਤੇ ਸਾਰੇ ਉੱਤਰੀ ਭਾਰਤੀ ਸੂਬਿਆਂ ਵਿੱਚ ਮੋਹਰੀ ਹੈ।"

ਵਿੱਤੀ ਅੰਕੜਿਆਂ ਦੇ ਸੰਦਰਭ ਵਿੱਚ ਜਾਣਕਾਰੀ ਦਿੰਦਿਆਂ, ਵਿੱਤ ਮੰਤਰੀ ਹਰਪਾਲ ਸਿੰਘ ਨੇ ਕਿਹਾ, "ਹਾਲਾਂਕਿ ਸਾਲ-ਦਰ-ਸਾਲ ਦੀ ਤੁਲਨਾ ਅਪ੍ਰੈਲ 2025 ਤੋਂ 859 ਕਰੋੜ ਰੁਪਏ ਦੇ ਅਸਧਾਰਨ ਆਈ.ਜੀ.ਐਸ.ਟੀ. ਐਡਜਸਟਮੈਂਟ ਦੁਆਰਾ ਪ੍ਰਭਾਵਿਤ ਹੈ, ਇਸ ਕਾਰਕ ਨੂੰ ਨਿਰਪੱਖ ਕਰਨ 'ਤੇ 12.57% ਦਾ ਐਡਜਸਟ ਕੀਤਾ ਕੁੱਲ ਵਾਧਾ ਅਤੇ 10.97% ਦਾ ਐਡਜਸਟ ਕੀਤਾ ਸ਼ੁੱਧ ਵਾਧਾ ਸਾਹਮਣੇ ਆਉਂਦਾ ਹੈ। ਇਹ ਸਪੱਸ਼ਟ ਤੌਰ 'ਤੇ ਟੈਕਸ ਪ੍ਰਸ਼ਾਸਨ ਅਤੇ ਪਾਲਣਾ ਵਿੱਚ ਸਾਡੇ ਨਿਰੰਤਰ ਸੁਧਾਰਾਂ ਨੂੰ ਦਰਸਾਉਂਦਾ ਹੈ।"

ਇਸ ਵਿੱਤੀ ਮੀਲ ਪੱਥਰ ਦਾ ਸਿਹਰਾ ਸਖ਼ਤ ਪ੍ਰਸ਼ਾਸਨਿਕ ਉਪਾਵਾਂ ਨੂੰ ਦਿੰਦਿਆਂ, ਆਬਕਾਰੀ ਅਤੇ ਕਰ ਮੰਤਰੀ ਨੇ ਕਿਹਾ, "ਸਾਡੇ ਮਜ਼ਬੂਤ ਜੀ.ਐਸ.ਟੀ. ਵਾਧੇ ਦਾ ਸਿਹਰਾ ਪੂਰੇ ਪੰਜਾਬ ਵਿੱਚ ਤੇਜ਼ ਕੀਤੀਆਂ ਗਈਆਂ ਇਨਫੋਰਸਮੈਂਟ ਗਤੀਵਿਧੀਆਂ ਨੂੰ ਜਾਂਦਾ ਹੈ। ਡੇਟਾ ਐਨਾਲਿਟਿਕਸ ਦੀ ਵਿਆਪਕ ਵਰਤੋਂ, ਤਾਲਮੇਲ ਵਾਲੀ ਫੀਲਡ ਕਾਰਵਾਈ ਅਤੇ ਖੁਫੀਆ ਜਾਣਕਾਰੀ 'ਤੇ ਅਧਾਰਤ ਨਿਰੀਖਣਾਂ ਰਾਹੀਂ, ਅਸੀਂ 175 ਕਰੋੜ ਰੁਪਏ ਤੋਂ ਵੱਧ ਦਾ ਜੁਰਮਾਨਾ ਲਗਾਉਣ ਵਿੱਚ ਸਫਲ ਰਹੇ ਹਾਂ। ਇਸ ਤੋਂ ਇਲਾਵਾ, ਇਸ ਅਪ੍ਰੈਲ ਵਿੱਚ ਆਇਰਨ ਅਤੇ ਸਟੀਲ ਸੈਕਟਰ ਵਿੱਚ ਇੱਕ ਵਿਸ਼ੇਸ਼ ਟੈਕਸ ਚੋਰੀ ਵਿਰੋਧੀ ਮੁਹਿੰਮ ਦੌਰਾਨ, ਅਸੀਂ ਇੱਕ ਹੀ ਦਿਨ ਵਿੱਚ ਲਗਭਗ 200 ਵਾਹਨਾਂ ਨੂੰ ਜ਼ਬਤ ਕਰਕੇ ਇੱਕ ਰਿਕਾਰਡ ਇਨਫੋਰਸਮੈਂਟ ਡਰਾਈਵ ਚਲਾਈ ਹੈ।" ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਸੂਬੇ ਦੇ ਮਾਲੀਆ ਅਧਾਰ ਨੂੰ ਮਜ਼ਬੂਤ ਕਰਨ ਦੀ ਵਚਨਬੱਧਤਾ ਨੂੰ ਦੁਹਰਾਉਂਦਿਆਂ, ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਜ਼ੋਰ ਦੇ ਕੇ ਕਿਹਾ, "ਜੀ.ਐਸ.ਟੀ. ਮਾਲੀਆ ਇਕੱਤਰ ਕਰਨ ਵਿੱਚ ਪੰਜਾਬ ਦਾ ਚੋਟੀ ਦਾ ਸਥਾਨ ਕਰ ਵਿਭਾਗ ਦੀ ਕੇਂਦਰਿਤ ਰਣਨੀਤੀ ਦਾ ਪ੍ਰਮਾਣ ਹੈ, ਜੋ ਕਿ ਤਕਨਾਲੋਜੀ-ਸੰਚਾਲਿਤ ਇਨਫੋਰਸਮੈਂਟ ਨੂੰ ਅਸਲ ਟੈਕਸਦਾਤਾਵਾਂ ਦੀ ਸਹੂਲਤ ਨਾਲ ਪੂਰੀ ਤਰ੍ਹਾਂ ਜੋੜਦਾ ਹੈ। ਅਸੀਂ ਸਾਰੇ ਨਿਯਮਾਂ ਦੀ ਪਾਲਣਾ ਕਰਨ ਵਾਲੇ ਟੈਕਸਦਾਤਾਵਾਂ ਲਈ ਨਿਰਪੱਖ, ਪਾਰਦਰਸ਼ੀ ਅਤੇ ਸਹਾਇਕ ਟੈਕਸ ਪ੍ਰਣਾਲੀ ਨੂੰ ਯਕੀਨੀ ਬਣਾਉਂਦੇ ਹੋਏ ਟੈਕਸ ਚੋਰੀ ਵਿਰੁੱਧ ਸਖ਼ਤ ਕਾਰਵਾਈ ਜਾਰੀ ਰੱਖਣ ਲਈ ਪੂਰੀ ਤਰ੍ਹਾਂ ਵਚਨਬੱਧ ਹਾਂ।"

# ਸਕੂਲ ਆਫ਼ ਐਮੀਨੈਂਸ ਘਨੌਰੀ ਕਲਾਂ ਵਿਖੇ ਨਵੇਂ ਬਣੇ ਆਧੁਨਿਕ ਕਮਰੇ ਅਤੇ ਵਿਕਾਸ ਕਾਰਜਾਂ ਦਾ ਉਦਘਾਟਨ

ਘਨੌਰੀ ਕਲਾਂ
ਸਾਂਝੀ ਸੋਚ ਬਿਊਰੋ

ਪੰਜਾਬ ਸਰਕਾਰ ਦੀ ਸਿੱਖਿਆ ਪ੍ਰਤੀ ਅਗਾਂਹਵਧੂ ਸੋਚ, ਵਿਦਿਆਰਥੀਆਂ ਨੂੰ ਸਰਕਾਰੀ ਸਕੂਲਾਂ ਵਿੱਚ ਹਰੇਕ ਤਰ੍ਹਾਂ ਦੀ ਸਹੂਲਤ ਮੁਹੱਈਆ ਕਰਵਾਉਣ ਅਤੇ ਉਨ੍ਹਾਂ ਦੇ ਸ਼ਾਨਦਾਰ ਭਵਿੱਖ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ।

ਇਸੇ ਲੜੀ ਤਹਿਤ ਸਕੂਲ ਆਫ਼ ਐਮੀਨੈਂਸ ਘਨੌਰੀ ਕਲਾਂ ਵਿਖੇ ਐਜੂਕੇਸ਼ਨ ਵਿੰਗ ਦੇ ਹਲਕਾ ਕੋਆਰਡੀਨੇਟਰ ਦਰਸ਼ਨ ਸਿੰਘ ਪਾਠਕ ਦੀ ਦੇਖ ਰੇਖ ਹੇਠ ਕਰੀਬ 25 ਲੱਖ ਦੇ ਵਿਕਾਸ ਕਾਰਜਾਂ ਦਾ ਉਦਘਾਟਨ ਪੰਜਾਬ ਲਘੂ ਉਦਯੋਗ ਤੇ ਨਿਰਯਾਤ ਨਿਗਮ ਦੇ ਚੇਅਰਮੈਨ ਦਲਵੀਰ ਸਿੰਘ ਢਿੱਲੋਂ ਨੇ ਕੀਤਾ।

ਇਸ ਮੌਕੇ ਚੇਅਰਮੈਨ ਦਲਵੀਰ ਸਿੰਘ ਢਿੱਲੋਂ ਨੇ ਗੱਲਬਾਤ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਵਿਦਿਆਰਥੀਆਂ ਨੂੰ ਹਰ ਤਰ੍ਹਾਂ ਦੀ ਸਹੂਲਤ ਮੁਹੱਈਆ ਕਰਵਾਉਣ ਲਈ ਵਚਨਬੱਧ ਹੈ।

ਹਲਕਾ ਕੋਆਰਡੀਨੇਟਰ ਦਰਸ਼ਨ ਸਿੰਘ ਪਾਠਕ ਨੇ ਕਿਹਾ ਕਿ ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ ਲਈ ਸਰਕਾਰੀ ਸਕੂਲਾਂ ਨੂੰ ਵਿਸ਼ਵ ਪੱਧਰੀ



ਬਣਾਉਣ ਲਈ ਹਰੇਕ ਸੰਭਵ ਕੋਸ਼ਿਸ਼ ਕੀਤੀ ਜਾ ਰਹੀ ਹੈ।

ਪੰਜਾਬ ਸਰਕਾਰ ਸਿੱਖਿਆ ਪ੍ਰਤੀ ਪੂਰੀ ਤਰ੍ਹਾਂ ਸੰਵੇਦਨਸ਼ੀਲ ਹੈ ਅਤੇ ਵਿਦਿਆਰਥੀਆਂ ਨੂੰ ਨਿੱਜੀ ਸਕੂਲਾਂ ਦੇ ਮੁਕਾਬਲੇ ਬਿਹਤਰੀਨ ਸਹੂਲਤਾਂ ਮੁਹੱਈਆ ਕਰਵਾ ਰਹੀ ਹੈ। ਇਸ ਮੌਕੇ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਹਰਜਿੰਦਰ ਸਿੰਘ ਕਾਂਝਲਾ, ਸਰਪੰਚ ਅੰਮ੍ਰਿਤਪਾਲ ਸਿੰਘ ਘਨੌਰੀ, ਪ੍ਰਿੰਸੀਪਲ ਖੁਸ਼ਦੀਪ ਗੋਇਲ, ਬਲਾਕ ਸੰਮਤੀ ਸ਼ੇਰਪੁਰ ਦੇ ਵਾਈਸ ਚੇਅਰਮੈਨ ਰਮਨਦੀਪ ਕੌਰ, ਸਿੱਖਿਆ ਵਿਭਾਗ ਵੱਲੋਂ ਬਲਾਕ ਨੋਡਲ ਅਫ਼ਸਰ ਗੁਰਿੰਦਰ ਸਿੰਘ ਅਤੇ ਲੈਕਚਰਾਰ ਅਮਨਦੀਪ ਸਿੰਘ ਪਾਠਕ ਵਿਸ਼ੇਸ਼ ਤੌਰ ਤੇ ਹਾਜ਼ਰ ਸਨ। ਹੋਰਨਾਂ ਤੋਂ ਇਲਾਵਾ ਜਸਵੀਰ ਸਿੰਘ ਜੱਸੀ, ਲੈਕਚਰਾਰ ਮਨੋਜ ਸ਼ਰਮਾ, ਸੁਖਵਿੰਦਰ ਸਿੰਘ ਜਹਾਂਗੀਰ, ਅਮਰੀਕ ਸਿੰਘ ਡੀਪੀਈ, ਜਸਦੇਵਪ੍ਰੀਤ ਸਿੰਘ, ਜਤਿੰਦਰ ਸਿੰਘ ਅਤੇ ਇਸ ਮੌਕੇ ਵਿਦਿਆਰਥੀਆਂ ਦੇ ਮਾਪਿਆਂ ਨੇ ਵੀ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।

ਇਸ ਮੌਕੇ 'ਤੇ ਅਖ਼ੀਰ ਵਿੱਚ ਸਕੂਲ ਮੁਖੀ ਖੁਸ਼ਦੀਪ ਗੋਇਲ ਨੇ ਆਏ ਹੋਏ ਸਮੂਹ ਪਤਵੰਤੇ ਸੱਜਣਾਂ ਅਤੇ ਮੁੱਖ ਮਹਿਮਾਨਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ।





RE/MAX EXECUTIVE

ਨਵਾਂ ਜਾਂ ਪੁਰਾਣਾ ਘਰ
ਖਰੀਦਣ ਜਾਂ ਵੇਚਣ ਲਈ
ਅੱਜ ਹੀ ਸੰਪਰਕ ਕਰੋ।

**Kirandeep Kaur**
Realtor ®
CalDRE # 02115235

ਤੁਸੀਂ ਸਾਡੇ ਨਾਲ ਹਿੰਦੀ ਅਤੇ ਪੰਜਾਬੀ
ਭਾਸ਼ਾ 'ਚ ਵੀ ਗੱਲ ਕਰ ਸਕਦੇ ਹੋ।

**Contact : Cell (209) 550-1704**

220 - A Standiford Ave, Modesto, CA 95350, kkaur@mycvre.com

EACH OFFICE IS INDEPENDENTLY OWNED AND OPERATED

# ਸਦਾ ਬਹਾਰ ਚੋਣਾਂ: ਸਿਰਫ਼ ਇੱਕ ਸਿਆਸੀ ਖੇਡ



ਗੁਰਮੀਤ ਸਿੰਘ ਪਲਾਹੀ
98158-02070

ਸਵਾਲਾਂ ਦਾ ਸਵਾਲ ਅਤੇ ਅੰਤਿਮ ਸਵਾਲ ਇਕੋ ਕਿ ਕੀ ਲਗਾਤਾਰ ਚੋਣਾਂ ਦਾ ਪ੍ਰਚਾਰ ਲੋਕਤੰਤਰ ਨੂੰ ਮਜ਼ਬੂਤ ਕਰਦਾ ਹੈ?

ਪੱਛਮੀ ਬੰਗਾਲ ਚੋਣਾਂ ਦੇ ਨਤੀਜੇ ਆਏ ਵੀ ਨਹੀਂ ਕਿ ਪੰਜਾਬ, ਉੱਤਰ ਪ੍ਰਦੇਸ਼ ਦਾ ਚੋਣ ਮੈਦਾਨ ਭੱਖ ਗਿਆ ਹੈ। ਪੰਜਾਬ ਅਤੇ ਉੱਤਰ ਪ੍ਰਦੇਸ਼ 'ਚ ਚੋਣਾਂ 2027 'ਚ ਹੋਣੀਆਂ ਹਨ, ਪਰ ਜਨਤਾ ਨੂੰ ਚੋਣ ਵਾਇਦੇ ਅਤੇ ਇਰਾਦੇ ਹੁਣੇ ਹੀ ਸੁਣਾਈ ਦੇਣ ਲੱਗੇ ਹਨ।

ਪੰਜਾਬ ਦਾ ਮਾਹੌਲ ਇੰਨੀ ਤੇਜ਼ੀ ਨਾਲ ਬਦਲ ਰਿਹਾ ਹੈ ਕਿ ਕੁਝ ਸਮਝਣਾ ਔਖਾ ਹੈ। ਭਾਜਪਾ ਦੀ ਰਣਨੀਤੀ ਨੇ ਚੋਣਾਂ ਨੂੰ ਬਾਰਾਂ ਮਾਸੀ ਪ੍ਰਕਿਰਿਆ ਬਣਾ ਦਿੱਤਾ ਹੈ। ਇੱਕ ਸੂਬੇ ਦੇ ਨਤੀਜੇ ਆਉਣ ਤੋਂ ਪਹਿਲਾਂ ਇਹ ਪੂਰਾ ਭਾਜਪਾ ਚੋਣ ਅਮਲਾ ਦੂਜੇ ਸੂਬੇ ਵੱਲ ਕੂਚ ਕਰ ਜਾਂਦਾ ਹੈ। ਇੱਥੇ ਹੀ ਬੱਸ ਨਹੀਂ ਹਰ ਨੀਤੀਗਤ ਫ਼ੈਸਲੇ ਉੱਤੇ ਚੋਣ ਸਮੀਕਰਨ ਭਾਰੀ ਰਹਿੰਦੀ ਹੈ। ਕੇਂਦਰੀ ਮੰਤਰੀਆਂ ਦਾ ਜੱਥਾ ਕਿਸੇ ਨਾ ਕਿਸੇ ਸੂਬੇ ਵਿੱਚ ਚੋਣ ਤਿਆਰੀ ਲਈ ਡੇਰਾ ਲਾਈ ਰੱਖਦਾ ਹੈ। ਕੋਈ ਵੀ ਯੋਜਨਾ ਹੋਵੇ, ਕੋਈ ਵੀ ਸਕੀਮ ਹੋਵੇ, ਉਸ ਦੇ ਉਦਘਾਟਨ ਨੂੰ ਚੋਣ ਰੈਲੀ 'ਚ ਬਦਲ ਦਿੱਤਾ ਜਾਂਦਾ ਹੈ। ਅਸਲ 'ਚ ਭਾਜਪਾ ਦੀ ਟੀਮ ਇੱਕ ਚੋਣ ਮਸ਼ੀਨਰੀ ਦੀ ਤਰ੍ਹਾਂ ਕੰਮ ਕਰਦੀ ਦਿਖਦੀ ਹੈ ।

ਆਓ, ਭਾਜਪਾ ਦੀ ਚੋਣ ਮਸ਼ੀਨਰੀ ਨੂੰ ਸਮਝੀਏ। ਉਸ ਤੋਂ ਵੀ ਪਹਿਲਾਂ ਭਾਜਪਾ ਦੀ ਮੈਂਬਰਸ਼ਿਪ ਨੂੰ ਵਾਚੀਏ। ਸਤੰਬਰ 2024 ਵਿਚ ਇਕ ਦਿਨ ਵਿੱਚ ਹੀ ਭਾਜਪਾ ਨੇ 47 ਲੱਖ ਮੈਂਬਰਸ਼ਿਪ ਕਰ ਲਈ। ਪਹਿਲੇ ਪੜਾਅ ਵਿੱਚ 6 ਕਰੋੜ ਅਤੇ ਕੁੱਲ 10 ਕਰੋੜ ਤੋਂ ਜਿਆਦਾ ਮੈਂਬਰਸ਼ਿਪ ਦਾ ਮੀਲ ਪੱਥਰ ਭਾਜਪਾ ਨੇ ਪ੍ਰਾਪਤ ਕੀਤਾ। ਸਿੱਟਾ ਸਾਲ 2014, ਸਾਲ 2019 ਅਤੇ ਫਿਰ 2024 ਵਿੱਚ ਭਾਜਪਾ-ਰਾਜਗ ਨੇ ਬਹੁਮਤ ਹਾਸਲ ਕੀਤਾ, ਹਾਲਾਂਕਿ 2024 'ਚ ਉਹ 240 ਸੀਟਾਂ ਲੈ ਜਾ ਸਕੀ ਤੇ ਉਸਦੀ ਗਠਬੰਧਨ 'ਤੇ ਨਿਰਭਰਤਾ ਵੱਧ ਗਈ।

2014 ਦੇ ਬਾਅਦ ਭਾਰਤ ਦੀ ਸਿਆਸਤ ਪੂਰੀ ਤਰ੍ਹਾਂ ਬਦਲ ਗਈ ਹੈ। ਜਾਂ ਬਦਲ ਦਿੱਤੀ ਗਈ ਹੈ। ਨਰਿੰਦਰ ਮੋਦੀ ਦੀ ਚੋਣ ਜਿੱਤਣ ਲਈ ਸਿਟੀਜਨ ਫਾਰ ਅਕਾਊਂਟੇਬਲ ਗਵਰਨੈਂਸ (ਸੀ.ਏ.ਜੀ.) ਜਿਹੀ ਭਾਜਪਾ ਸੰਸਥਾ ਨੇ ਕੰਮ ਕੀਤਾ। ਚੋਣ ਰੈਲੀਆਂ ਦੀ ਮਨਜ਼ੂਰੀ ਤੋਂ ਲੈ ਕੇ, ਉਮੀਦਵਾਰਾਂ ਦੀ ਚੋਣ ਤੱਕ ਦਾ ਕੰਮ ਇਹੋ ਸੰਸਥਾ ਕਰਦੀ ਰਹੀ। ਇਹ ਰਿਪੋਰਟ ਸੈਂਟਰ ਫਾਰ ਇੰਟਰਨੈਸ਼ਨਲ ਗਵਰਨੈਂਸ ਇੰਨੋਵੇਸ਼ਨ ਨੇ ਛਾਪੀ ਹੈ। ਇਹ ਰਿਪੋਰਟ ਕਹਿੰਦੀ ਹੈ ਕਿ ਉੱਤਰ ਪ੍ਰਦੇਸ਼ ਵਿੱਚ ਭਾਜਪਾ ਦੀ ਆਈ.ਟੀ. ਟੀਮ ਦੇ 6 ਜ਼ੋਨ ਹਨ, 11 ਮੈਂਬਰਾਂ ਦੀ ਸੋਸ਼ਲ ਮੀਡੀਆ ਟੀਮ ਹੈ, ਜ਼ਿਲ੍ਹੇ ਵਿੱਚ 11, ਮੰਡਲ ਵਿੱਚ 5, ਵਾਰਡ ਵਿੱਚ ਦੋ ਅਤੇ ਹਰ ਬੂਥ ਉੱਤੇ ਪੰਜ ਸਰਗਰਮ ਮੈਂਬਰ ਹਨ। ਇਹ ਢਾਂਚਾ ਚੋਣਾਂ ਦੇ ਮਹੀਨਿਆਂ ਵਿੱਚ ਹੀ ਨਹੀਂ ਸਾਲ ਭਰ ਚੱਲਦਾ ਰਹਿੰਦਾ ਹੈ।

ਇਹ ਗੱਲ ਸਮਝਣੀ ਔਖੀ ਨਹੀਂ ਹੈ ਕਿ ਇਸ ਪੂਰੀ ਮਸ਼ੀਨਰੀ ਪਿੱਛੇ ਤਾਕਤ ਆਰ.ਐਸ.ਐਸ. ਦੀ ਹੈ। ਬਰਟਾਨਿਕਾ ਖੰਗਾਲੋ । ਆਰ.ਐਸ.ਐਸ. ਦੀਆਂ ਸ਼ਾਖਾਵਾਂ ਦੀ ਗਿਣਤੀ ਸਾਲ 2025 ਤੱਕ ਵੱਧ ਕੇ 80 ਹਜ਼ਾਰ ਹੋ ਗਈ। ਇੱਕ ਹੋਰ ਰਿਪੋਰਟ ਅਨੁਸਾਰ ਸਾਲ 2014 ਵਿੱਚ ਆਰ.ਐਸ.ਐਸ. ਦੀਆਂ ਸ਼ਾਖਾਵਾਂ ( ਪ੍ਰਤੀ ਦਿਨ, ਹਫਤਾਵਾਰ ਅਤੇ ਮਹੀਨਾਵਾਰ) 44,982 ਸਨ ਜੋ ਮਾਰਚ 2025 ਤੱਕ ਵੱਧ ਕੇ 83,129 ਸ਼ਾਖਾਵਾਂ ਹੋ ਗਈਆਂ, ਜਿਨਾਂ ਦੀਆਂ ਮੀਟਿੰਗਾਂ 32,147 ਅਤੇ ਮੰਡਲੀਆਂ 12,091 ਬਣ ਗਈਆਂ। ਸਮਝ ਲਵੋ 10 ਸਾਲਾਂ ਵਿੱਚ ਲਗਭਗ ਦੁਗਣੀਆਂ। ਇਸ ਸਬੰਧੀ ਫੌਰਨ ਅਫੇਅਰਜ਼ ਦੀ ਇੱਕ ਰਿਪੋਰਟ ਅੱਖਾਂ ਖੋਲਣ ਵਾਲੀ ਹੈ ਕਿ ਸਾਲ 2024 ਵਿੱਚ ਲੋਕ ਸਭਾ ਚੋਣਾਂ ਤੋਂ ਬਾਅਦ ਹੋਈਆਂ ਹਰਿਆਣਾ ਵਿਧਾਨ ਸਭਾ ਚੋਣਾਂ ਵਿੱਚ ਭਾਜਪਾ ਦੀ ਪ੍ਰਚਾਰ ਮੁਹਿੰਮ ਵਿੱਚ ਸਭ ਤੋਂ ਅੱਗੇ ਆਰ.ਐਸ.ਐਸ. ਦਾ ਵਿਸ਼ਾਲ ਕਾਡਰ ਸੀ, ਜੋ ਵੋਟਰਾਂ ਦੇ ਘਰ-ਘਰ ਪਹੁੰਚਿਆ।

ਸਮਝਣਾ ਪਵੇਗਾ ਕਿ ਚੋਣ-ਦਰ-ਚੋਣ, ਹਰ ਵੇਲੇ ਦੀ ਚੋਣ ਸਰਕਾਰੀ ਕੰਮ 'ਚ ਰੁਕਾਵਟ ਬਣਦੀ ਹੈ। ਸਾਲ 2014 ਤੋਂ 2026 ਤੱਕ ਲੋਕ ਸਭਾ ਅਤੇ ਵਿਧਾਨ ਸਭਾ ਦੀਆਂ 36 ਤੋਂ ਜ਼ਿਆਦਾ ਚੋਣਾਂ ਹੋ ਚੁੱਕੀਆਂ ਹਨ। ਲਗਭਗ ਹਰ ਤਿਮਾਹੀ ਇੱਕ ਚੋਣ। ਹਰ ਵਾਰ ਆਦਰਸ਼ ਚੋਣ ਜਾਬਤਾ ਲੱਗਦਾ ਹੈ ਅਤੇ ਵਿਕਾਸ ਕਾਰਜ ਠੱਪ ਹੋ ਜਾਂਦੇ ਹਨ। ਸਰਕਾਰੀ ਘੋਸ਼ਨਾਵਾਂ ਵੀ ਬੰਦ ਹੋ ਜਾਂਦੀਆਂ ਹਨ।

ਅਸਲ ਵਿੱਚ ਵੇਖਣ ਵਾਲੀ ਗੱਲ ਤਾਂ ਇਹ ਹੈ ਕਿ ਜਿਹੜੀ ਲਕੀਰ, ਸ਼ਾਸਨ ਅਤੇ ਚੋਣ ਪ੍ਰਚਾਰ ਦਰਮਿਆਨ ਸੀ, ਕੀ ਉਹ ਮਿੱਟ ਤਾਂ ਨਹੀਂ ਗਈ? ਦੇਸ਼ ਦਾ ਪ੍ਰਧਾਨ ਮੰਤਰੀ ਹਰ ਵੇਲੇ ਚੋਣ ਮੋਡ ਵਿੱਚ ਰਹਿੰਦਾ। ਉਸਦੀ ਕੈਬਨਿਟ ਸ਼ਾਸਨ, ਪ੍ਰਸ਼ਾਸਨ ਨਾਲੋਂ ਵੱਧ ਚੋਣ ਮੁਹਿੰਮ 'ਚ ਜੁਟੀ ਰਹਿੰਦੀ ਹੈ। ਪੱਛਮੀ ਬੰਗਾਲ ਦੀ ਸਾਲ 2026 ਚੋਣ ਦੇ ਲਈ ਉੜੀਸਾ ਦੇ ਮੁੱਖ ਮੰਤਰੀ ਮੋਹਨ ਮਾਝੀ, ਕੈਬਨਟ ਮੰਤਰੀ ਅਤੇ ਵਿਧਾਇਕਾਂ ਦੀਆਂ ਟੋਲੀਆਂ ਬੂਥ ਪ੍ਰਬੰਧਨ ਲਈ ਕਲਕੱਤਾ ਪਹੁੰਚੀਆਂ। ਸਿੱਧਾ ਸਪਸ਼ਟ ਸੰਕੇਤ ਇਹ ਹੈ ਕਿ ਇੱਕ ਸੂਬੇ ਦੀ ਚੁਣੀ ਹੋਈ ਸਰਕਾਰ, ਦੂਜੇ ਸੂਬੇ ਵਿੱਚ ਚੋਣ ਲੜ ਰਹੀ ਹੈ। ਕਿਉਂਕਿ ਭਾਜਪਾ ਜਾਣਦੀ ਹੈ ਕਿ ਕੇਂਦਰ ਵਿੱਚ ਸੱਤਾ ਦੀ ਸਥਾਪਤੀ ਸੂਬਿਆਂ 'ਚ ਜਿੱਤ ਰਾਹੀਂ ਪ੍ਰਾਪਤ ਹੋ ਸਕਦੀ ਹੈ। ਸੂਬਿਆਂ ਵਿਚਲੀ ਜਿੱਤ ਰਾਜ ਸਭਾ ਵਿੱਚ ਤਾਕਤ ਵਧਾਉਂਦੀ ਹੈ, ਜੋ ਸੰਵਿਧਾਨਿਕ ਸੋਧਾਂ ਲਈ ਅਤਿਅੰਤ ਜ਼ਰੂਰੀ ਹੈ। ਇਸ ਲਈ ਭਾਜਪਾ ਲਈ ਹਰ ਵਿਧਾਨ ਸਭਾ ਚੋਣ ਰਾਸ਼ਟਰੀ ਉਦੇਸ਼ ਬਣ ਜਾਂਦਾ ਹੈ, ਜਿਸ ਲਈ ਭਾਜਪਾ ਚੋਣਾਂ 'ਚ ਅੱਡੀ ਚੋਟੀ ਦਾ ਜ਼ੋਰ ਲਾਉਂਦੀ ਹੈ।

ਉੱਤਰ ਪ੍ਰਦੇਸ਼ ਵਿਧਾਨ ਸਭਾ ਦੀ ਚੋਣ 2027 ਵਿੱਚ ਹੈ। ਭਾਜਪਾ ਨੇ ਮੋਰਚਾਂ ਹੁਣੇ ਹੀ ਖੋਲ ਦਿੱਤਾ ਹੈ। ਪ੍ਰਧਾਨ ਮੰਤਰੀ ਵਾਰਾਣਸੀ ਦੌਰੇ 'ਤੇ ਗਏ ਹਨ। ਪੰਜਾਬ 'ਚ ਚੋਣ ਸਰਗਰਮੀਆਂ ਆਰੰਭ ਹੋ ਗਈਆਂ ਹਨ। ਭਾਜਪਾ ਦੇ ਉੱਚ ਅਧਿਕਾਰੀ ਕਾਨਫਰੰਸਾਂ ਕਰਨ ਲੱਗ ਪਏ ਹਨ। ਵਰਕਰਾਂ ਦੀਆਂ ਮੀਟਿੰਗਾਂ ਹੋ ਰਹੀਆਂ ਹਨ। ਪੰਜਾਬ ਚੋਣਾਂ ਤੋਂ ਪਹਿਲਾਂ ਸੱਤ ਰਾਜ ਸਭਾ ਮੈਂਬਰ ਈਡੀ ਅਤੇ ਹੋਰ ਏਜੰਸੀਆਂ ਦਾ ਡਰ ਪਾ ਕੇ ਆਪਣੇ ਨਾਲ ਭਾਜਪਾ ਨੇ ਜੋੜ ਲਏ ਹਨ। ਹੋਰ ਪਾਰਟੀਆਂ ਵਿੱਚੋਂ ਵੱਡੇ ਨੇਤਾ ਆਪਣੀ ਪਾਰਟੀ ਵਿੱਚ ਸ਼ਾਮਲ ਕੀਤੇ ਜਾਣ ਲਈ ਯਤਨ ਆਰੰਭੇ ਜਾ ਚੁੱਕੇ ਹਨ। ਇਥੋਂ ਤੱਕ ਕਿ ਸੋਸ਼ਲ ਮੀਡੀਆ, ਟੀ.ਵੀ.ਚੈਨਲਾਂ ਉੱਤੇ ਭਾਜਪਾ ਸਰਗਰਮੀ ਵਧਾ ਦਿੱਤੀ ਗਈ ਹੈ। ਵਿਕਾਸ ਯੋਜਨਾਵਾਂ ਦੇ ਨੀਹ ਪੱਥਰ ਰੱਖੇ ਜਾਣ ਦੀ ਪ੍ਰਕਿਰਿਆ ਸ਼ੁਰੂ ਕਰ ਦਿੱਤੀ ਗਈ ਹੈ। ਮੌਜੂਦਾ ਆਮ ਆਦਮੀ ਪਾਰਟੀ ਸਰਕਾਰ ਨੂੰ ਬਦਨਾਮ ਕਰਨ ਲਈ ਸਰਗਰਮੀਆਂ ਸਿਖ਼ਰਾਂ 'ਤੇ ਹਨ । ਇਥੋਂ ਤੱਕ ਕਿ ਪਹਿਲੀ ਮਈ ਦੇ ਵਿਧਾਨ ਸਭਾ ਸੈਸ਼ਨ ਦੌਰਾਨ ਬਰਾਬਰ ਭਾਜਪਾ ਨੇ ਵਿਧਾਨ ਸਭਾ ਦੇ ਬਾਹਰ ਸੈਸ਼ਨ ਚਲਾਇਆ। ਸੂਬੇ 'ਚ ਬੇਰੁਜ਼ਗਾਰੀ, ਨਸ਼ਿਆਂ ਦੇ ਪ੍ਰਕੋਪ, ਕਾਨੂੰਨ ਵਿਵਸਥਾ ਸਬੰਧੀ ਵੱਡੇ ਸਵਾਲ ਚੁੱਕੇ।

ਲੋਕਤੰਤਰ ਵਿੱਚ ਚੋਣਾਂ ਹੁਣ ਮਿਸ਼ਨ ਨਹੀਂ ਰਿਹਾ। ਕਦੇ ਸਮਾਂ ਸੀ ਸਿਆਸੀ ਪਾਰਟੀਆਂ ਚੋਣਾਂ ਤੋਂ ਪਹਿਲਾਂ ਚੋਣ ਮੈਨੀਫੈਸਟੋ ਜਾਰੀ ਕਰਦੀਆਂ ਹਨ। ਲੋਕਾਂ ਦੇ ਵਿਹੜੇ ਜਾਂਦੀਆਂ ਸਨ, ਲੋਕਾਂ ਦੀ ਗੱਲ ਸੁਣਦੀਆਂ ਸਨ, ਪਰ ਹੁਣ ਭਾਜਪਾ ਨੇ ਚੋਣਾਂ ਨੂੰ ਇੱਕ ਮਸ਼ੀਨ ਬਣਾ ਦਿੱਤਾ ਹੈ ਅਤੇ ਵਿਰੋਧੀਆਂ ਨੂੰ ਚਿੱਤ ਕਰ ਸੁੱਟਿਆ ਹੈ, ਕਿਉਂਕਿ ਵਿਰੋਧੀਆਂ ਕੋਲ ਸਾਧਨ ਨਹੀਂ, ਸਮਾਨ ਨਹੀਂ ਅਤੇ ਉੱਪਰੋਂ ਇਹ ਕੇ ਵਿਰੋਧੀ ਧਿਰ ਵਿਖਰੀ ਪਈ ਹੈ।

ਭਾਜਪਾ ਆਪਣੀ ਚੋਣ ਮਸ਼ੀਨਰੀ ਰਾਹੀਂ ਡਾਟਾ ਇਕੱਠਾ ਕਰਦੀ ਹੈ, ਸੰਗਠਨ ਰਾਹੀਂ ਕੰਮ ਕਰਦੀ ਹੈ, ਚੋਣ ਜਿੱਤਣ ਲਈ ਰਣਨੀਤੀ ਬਣਾਉਂਦੀ ਹੈ। ਸੋਸ਼ਲ ਮੀਡੀਆ ਦੀ ਵਰਤੋਂ ਕਰਦੀ ਹੈ। ਚੋਣ ਮੈਨੇਜਮੈਂਟ ਕਰਦੀ ਹੈ। ਫੰਡ ਇਕੱਠੇ ਕਰਦੀ ਹੈ ਅਤੇ ਪੂਰੇ ਜੋਸ਼ ਨਾਲ ਜਿੱਤ ਵੱਲ ਵਧਦੀ ਹੈ ਅਤੇ ਇਸ ਕੰਮ ਲਈ ਸਾਮ, ਦਾਮ, ਦੰਡ ਦੀ ਵਰਤੋਂ ਕਰਨ ਤੋਂ ਗੁਰੇਜ਼ ਨਹੀਂ ਕਰਦੀ। ਉਂਝ ਵੀ ਭਾਜਪਾ ਦਾ ਕੰਮ ਕਰਨ ਦਾ ਤਰੀਕਾ ਚਾਣਕਿਆ ਵਾਲਾ ਹੈ। ਉਸਨੇ ਪੱਛਮੀ ਬੰਗਾਲ ਅਤੇ ਚਾਰ ਹੋਰ ਰਾਜਾਂ ਦੀਆਂ ਚੋਣਾਂ ਜਿੱਤਣ ਲਈ ਲੋਕ ਸਭਾ ਦਾ ਸਪੈਸ਼ਲ ਇਜਲਾਸ ਬੁਲਾਇਆ। ਪਰਸੀਮਨ ( ਹਲਕਾ ਬੰਦੀ) ਮਤਾ ਪਾਸ ਕਰਵਾਉਣ ਲਈ ਨਾਰੀ ਸੰਸ਼ੋਧਨ ਬਿੱਲ ਪਾਰਲੀਮੈਂਟ 'ਚ ਲਿਆਉਣ ਦੀ ਚਾਲ ਚੱਲੀ। ਪਾਸ ਨਾ ਹੋਣ ਦੀ ਸੂਰਤ 'ਚ ਵਿਰੋਧੀ ਧਿਰ ਉੱਤੇ ਨਾਰੀ ਵਿਰੋਧੀ ਹੋਣ ਦਾ ਚੋਣ ਪ੍ਰਚਾਰ ਕੀਤਾ। ਹਾਲਾਂਕਿ ਪੱਛਮੀ ਬੰਗਾਲ ਵਿੱਚ ਨਾਰੀ ਮੁੱਖ ਮੰਤਰੀ ਹੈ ਅਤੇ ਭਾਜਪਾ ਦੀਆਂ 19 ਸੂਬਾ ਸਰਕਾਰਾਂ ਦੀ ਕੋਈ ਵੀ ਮੁੱਖ ਮੰਤਰੀ ਨਾਰੀ ਨਹੀਂ, ਹਾਂ ਅੱਧੀ-ਅਧੂਰੀ ਸਟੇਟ ਦਿੱਲੀ ਦੀ ਮੁੱਖ ਮੰਤਰੀ ਜ਼ਰੂਰ ਨਾਰੀ ਬਣਾਈ ਹੋਈ ਹੈ।

ਇਹਨਾਂ ਚੋਣਾਂ ਦੌਰਾਨ "ਇੱਕ ਦੇਸ਼ ਇਕ ਚੋਣ" ਦਾ ਪੱਤਾ ਖੇਡਣ ਦਾ ਭਾਜਪਾ ਯਤਨ ਕਰ ਰਹੀ ਹੈ। ਹਾਲਾਂਕਿ ਮਨ ਤੋਂ ਭਾਜਪਾ ਕਦੇ ਵੀ ਇਸ ਬਿੱਲ ਨੂੰ ਪਾਸ ਨਹੀਂ ਹੋਣ ਦੇਵੇਗੀ, ਜਿਸ ਨੂੰ ਪਾਸ ਕਰਵਾਉਣ ਲਈ ਦੋ ਤਿਹਾਈ ਬਹੁਮਤ ਚਾਹੀਦਾ ਹੈ, ਕਿਉਂਕਿ ਭਾਜਪਾ ਨੂੰ ਨਿੱਤ ਚੋਣ ਸੰਗਰਾਮ ਲੋੜੀਂਦਾ ਹੈ, ਜਿਸ ਨਾਲ ਉਹ ਲੋਕਾਂ ਨੂੰ ਗੁੰਮਰਾਹ ਕਰਕੇ ਆਪਣੇ ਨੀਤੀਗਤ ਫ਼ੈਸਲੇ, ਜਿਸ ਵਿੱਚ ਭਾਰਤੀ ਸੰਵਿਧਾਨ ਨੂੰ ਮੁੜ ਲਿਖੇ ਜਾਣਾ ਅਤੇ ਦੇਸ਼ ਨੂੰ ਹਿੰਦੂ ਰਾਸ਼ਟਰ ਬਣਾਉਣ ਨੂੰ ਲਾਗੂ ਕਰਨਾ ਸ਼ਾਮਿਲ ਹੈ, ਵੱਲ ਲੋਕਾਂ ਦਾ ਧਿਆਨ ਖਿੱਚਦੀ ਰਹੇ। ਜੇਕਰ ਸੱਚਮੁੱਚ ਇਹ ਸੋਧ, ਜਿਸ ਵਿੱਚ ਲੋਕ ਸਭਾ, ਵਿਧਾਨ ਸਭਾ ਦੀਆਂ ਚੋਣਾਂ ਇੱਕੋ ਵੇਲੇ ਕਰਨਾ ਅਤੇ ਉਸਦੇ 100 ਦਿਨਾਂ ਦੇ ਅੰਦਰ ਪੰਚਾਇਤਾਂ ਅਤੇ ਨਗਰ ਪਾਲਿਕਾ ਦੀਆਂ ਚੋਣਾਂ ਕਰਵਾਉਣਾ ਸ਼ਾਮਿਲ ਹੈ, ਉਸ ਲਾਗੂ ਕਰਨੀ ਹੁੰਦੀ ਤਾਂ ਉਹ ਮਾਮਲੇ ਨੂੰ ਲਟਕਾਉਂਦੀ ਨਾ। ਸਾਬਕਾ ਰਾਸ਼ਟਰਪਤੀ ਰਾਮ ਨਾਥ ਕੋਵਿੰਦ ਨੇ ਮਾਰਚ 2024 ਵਿੱਚ ਇਸ ਸਬੰਧੀ ਇੱਕ ਰਿਪੋਰਟ ਪੇਸ਼ ਕੀਤੀ ਅਤੇ ਸੰਵਿਧਾਨ ਦੀ ਧਾਰਾ 82 -ਏ ਅਤੇ 324- ਏ ਵਿੱਚ ਤਰਮੀਮ ਦਾ ਸੁਝਾਅ ਦਿੱਤਾ। ਪਰ ਇਹ ਸੁਝਾਅ ਹਾਲੇ ਤੱਕ ਪਰਵਾਨ ਨਹੀਂ ਹੋਇਆ ਕਿਉਂਕਿ ਇਹ ਭਾਜਪਾ ਨੂੰ ਰਾਸ ਨਹੀਂ ਆਉਂਦਾ। ਜਦਕਿ ਵਿਰੋਧੀ ਧਿਰ ਕਾਂਗਰਸ ਇਸ ਨੂੰ ਕੇਂਦਰੀਕਰਨ ਦੀ ਰਣਨੀਤੀ ਦੱਸਦੀ ਹੈ।

ਵੇਖਣ ਵਾਲੀ ਗੱਲ ਤਾਂ ਇਹ ਹੈ ਕਿ ਕੀ ਲਗਾਤਾਰ ਚੋਣ ਪ੍ਰਚਾਰ ਅਤੇ ਉਹ ਵੀ ਹਰ ਦਿਨ-ਹਰ ਰਾਤ, ਹਰ ਮਹੀਨੇ ਲਗਾਤਾਰ ਲੋਕ ਹਿੱਤ ਜਾਂ ਦੇਸ਼ ਹਿੱਤ ਵਿੱਚ ਹੈ?

ਕੀ ਇਹ ਲਗਾਤਾਰ ਸਦਾ ਬਹਾਰ ਚੋਣ ਮੌਸਮ ਲੋਕਤੰਤਰ ਦੀਆਂ ਜੜ੍ਹਾਂ 'ਚ ਤੇਲ ਨਹੀਂ ਦਿੰਦਾ? ਮੰਤਰੀ ਦੌਰੇ 'ਤੇ ਰਹਿੰਦੇ ਹਨ, ਨੀਤੀਆਂ ਬਣਦੀਆਂ ਨਹੀਂ ਜਾਂ ਬਣੀਆ ਨੀਤੀਆਂ ਲਾਗੂ ਨਹੀਂ ਹੁੰਦੀਆਂ। ਇਸ ਦੀ ਕੀਮਤ ਆਮ ਲੋਕਾਂ ਨੂੰ ਤਾਰਨੀ ਪੈਂਦੀ ਹੈ। ਦੂਜੀ ਕੀਮਤ ਵਿਰੋਧੀ ਧਿਰਾਂ ਦੇ ਲੋਕਾਂ ਨੂੰ ਤਾਰਨੀ ਪੈਂਦੀ, ਜਿਸ ਦੇ ਨੇਤਾਵਾਂ ਵਿਰੁੱਧ ਹਾਕਮ ਧਿਰ ਲਗਾਤਾਰ ਈ.ਡੀ ਅਤੇ ਹੋਰ ਏਜੰਸੀਆਂ 'ਤੇ ਮੁਕੱਦਮੇ ਦਰਜ ਕਰਵਾਉਂਦੀ ਹੈ। 2014 ਤੋਂ 2025 ਦੇ ਦਰਮਿਆਨ ਈ.ਡੀ. ਨੇ 121 ਨੇਤਾਵਾਂ ਵਿਰੁੱਧ ਜਾਂਚ ਕੀਤੀ, ਇਹਨਾਂ ਵਿੱਚੋਂ ਸਿਰਫ਼ 11 ਹੀ ਸੱਤਾਧਾਰੀ ਧਿਰਾਂ ਦੇ ਸਨ।

ਇੱਥੇ ਇਹ ਗੱਲ ਵੀ ਕਰਨੀ ਬਣਦੀ ਹੈ ਕਿ 2017 ਵਿੱਚ ਜੋ ਚੋਣ ਬਾਂਡ ਜਾਰੀ ਕੀਤੇ ਗਏ, ਉਸ ਵਿੱਚ ਭਾਜਪਾ ਨੂੰ ਸਭ ਤੋਂ ਵੱਧ ਫੰਡ ਮਿਲਿਆ। ਫਰਵਰੀ 2024 ਵਿੱਚ ਸੁਪਰੀਮ ਕੋਰਟ ਨੇ ਇਸ ਨੂੰ ਗ਼ੈਰ-ਸੰਵਿਧਾਨਿਕ ਕਿਹਾ। ਪਰ ਇਹ ਗੱਲ ਸਪੱਸ਼ਟ ਹੋਈ ਕਿ ਕੰਪਨੀਆਂ ਨੇ ਜੋ ਚੰਦੇ ਭਾਜਪਾ ਨੂੰ ਦਿੱਤੇ, ਉਸ ਦਾ ਨੀਤੀਗਤ ਫ਼ਾਇਦਾ ਵੀ ਇਹਨਾਂ ਕੰਪਨੀਆਂ ਨੇ ਹੀ ਚੁੱਕਿਆ।

ਜੇਕਰ ਤੁਲਨਾਤਮਕ ਦ੍ਰਿਸ਼ਟੀਕੋਣ ਤੋਂ ਵੇਖਿਆ ਜਾਵੇ ਤਾਂ ਬਰਤਾਨੀਆ 'ਚ ਸਿਰਫ਼ 25 ਦਿਨ, ਜਪਾਨ 'ਚ 12 ਦਿਨ, ਕੈਨੇਡਾ 'ਚ ਵੱਧ ਤੋਂ ਵੱਧ 78 ਦਿਨ ਅਤੇ ਮੈਕਸੀਕੋ ਵਿੱਚ 147 ਦਿਨਾਂ ਦੀ ਚੋਣ ਪ੍ਰਚਾਰ ਕਾਨੂੰਨੀ ਸੀਮਾ ਹੈ। ਬਾਕੀ ਸਮਾਂ ਸਾਸ਼ਨ ਕਰਨ ਲਈ ਹੈ। ਪਰ ਭਾਰਤ 'ਚ ਤਾਂ ਕੋਈ ਸੀਮਾ ਹੀ ਨਹੀਂ ਹੈ, ਇਸ ਲਈ ਮੌਸਮੀ, ਬੇ-ਮੌਸਮੀ ਚੋਣ ਪ੍ਰਚਾਰ ਨਿਰੰਤਰ ਜਾਰੀ ਰਹਿੰਦਾ ਹੈ।

ਭਾਰਤ ਵਿੱਚ ਸਿਆਸੀ ਆਦਰਸ਼ ਦਾ ਪਤਨ ਇੱਕ ਸਥਾਪਿਤ ਪ੍ਰਵਿਰਤੀ ਬਣ ਚੁੱਕਾ ਹੈ, ਜਿਸ ਵਿੱਚ ਚੋਣਾਂ ਤੇ ਕੇਂਦਰੀ ਸਿਆਸਤ ਅਤੇ ਸਾਸ਼ਨ ਦੇ ਵਿਚਲਾ ਸੰਤੁਲਨ ਇੱਕ ਵੱਡਾ ਕਾਰਨ ਹੈ।

ਭਾਵੇਂ ਕਿ ਭਾਰਤ ਹੀ ਇਹੋ ਜਿਹਾ ਇੱਕ ਦੇਸ਼ ਨਹੀਂ ਹੈ, ਜਿੱਥੇ 12 ਮਹੀਨੇ ਚੋਣ ਮੌਸਮ ਰਹਿੰਦਾ ਹੈ, 2024 ਵਿੱਚ ਅਮਰੀਕਾ ਦੇ ਰਾਸ਼ਟਰਪਤੀ ਡੋਨਰਡ ਟਰੰਪ ਚੋਣਾਂ ਤੋਂ 721 ਦਿਨ ਪਹਿਲਾਂ ਅਤੇ ਜੋਅ ਬਾਇਡਨ ਨੇ 560 ਦਿਨ ਪਹਿਲਾਂ ਚੋਣ ਪ੍ਰਚਾਰ ਆਰੰਭਿਆ। ਅਮਰੀਕਾ ਵਿੱਚ ਇਸ ਪਰਿਵਰਤੀ ਨੇ ਰਿਪਬਲੀਕਨ ਪ੍ਰਣਾਲੀ ਅਰਥਾਤ ਪ੍ਰਤੀਨਿਧਤਵ ਅਧਾਰਤ ਸਾਸ਼ਨ ਨੂੰ ਤੋੜ ਦਿੱਤਾ ਹੈ। ਇਹੀ ਖ਼ਤਰਾ ਹੁਣ ਭਾਰਤ ਵਿੱਚ ਹੈ। ਜਦੋਂ ਨੀਤੀਗਤ ਫ਼ੈਸਲਾ ਵੋਟ ਦੀ ਕਸੌਟੀ ਨਾਲ ਹੀ ਤੋਲਿਆ ਜਾਏਗਾ, ਜਦ ਹਰ ਮੰਤਰੀ ਦਾ ਦਿਮਾਗ ਅਗਲੀਆਂ ਚੋਣਾਂ ਵੱਲ ਹੀ ਰਹੇਗਾ ਤਾਂ ਨਾਗਰਿਕ ਅਤੇ ਉਸ ਦੇ ਨਾਲ ਜੁੜੇ ਸਾਰੋਕਾਰ, ਮੁੱਦੇ ਕੀ ਪਿੱਛੇ ਨਹੀਂ ਛੁੱਟ ਜਾਣਗੇ?

ਲੋਕਤੰਤਰ ਵਿੱਚ ਚੋਣਾਂ ਇੱਕ ਸਾਧਨ ਹਨ, ਪਰ ਜਦੋਂ ਇਹ ਸਾਧਨ ਹੀ ਸਭ ਕੁਝ ਬਣ ਜਾਵੇ ਤਾਂ ਸਾਧ (ਲੋਕ ਭਲਾਈ) ਗੁਆਚ ਜਾਂਦਾ ਹੈ।

ਜੇਕਰ ਚੋਣਾਂ ਦਾ ਮਕਸਦ ਸਿਰਫ਼ ਸੱਤਾ ਹਾਸਲ ਕਰਨਾ ਅਤੇ ਵਿਰੋਧੀਆਂ ਨੂੰ ਪਛਾੜਨਾ ਰਹਿ ਜਾਵੇ ਤਾਂ ਇਹ ਲੋਕਤੰਤਰ ਨਹੀਂ ਸਗੋਂ ਕੇਵਲ ਇੱਕ ਚੋਣਤੰਤਰ ਬਣ ਕੇ ਰਹਿ ਜਾਂਦਾ ਹੈ।

# JK TYRE INC

JK TYRE
TOTAL CONTROL

**KTD10-LEAO**
Radial Truck Tire (Long Haul)



295/75R22.5
$2600
With Installation
Singh: 510-766-9382

**JK JETSTEEL JDH**

SPECIAL OFFER !!



DRIVE TIRE
11R22.5-
With Installation
Singh: 510-766-9382

**Firestone FS591**

SPECIAL OFFER !!

STEER TIRE
295/75R22.5
With Installation
Singh: 510-766-9382



11R22.5
With Installation
Singh: 510-766-9382

Sizes available in drive & trailer
295/75/22.5
11r/22.5
11r/24.5
255/70/22.5
315/80/22.5
425/65/22.5

**JETWAY JTH 1**

SPECIAL OFFER !!



TRAILER TIRE
11R22.5-
11R24.5-
With Installation
Singh: 510-766-9382

**JETWAY JTH SD**

SPECIAL OFFER !!



TRAILER TIRE
295/75R22.5-
With Installation
Singh: 510-766-9382

**JK JETSTEEL JDL2**

SPECIAL OFFER !!



DRIVE TIRE
11R22.5-
11R24.5-
295/75R22.5-
With Installation
Singh: 510-766-9382



FALKEN TIRES · GOODYEAR · KELLY TIRES · BARKLEY Feel the difference · PIRELLI
MICHELIN A better way forward · BRIDGESTONE · Firestone · YOKOHAMA
PEARLY · NAMA · TOYO TIRES driven to perform · Continental · DUNLOP TIRES

## S. Singh Cell: (510) 766-9382

2955 N. Wilson Way Stockton , CA 95205



ਬਰਜਿੰਦਰ ਕੌਰ ਬਿਸਰਾਓ
99889-01324

# ਚੀਸਾਂ

ਅੱਜ ਸਵੇਰੇ ਸਵੇਰੇ ਰਸੋਈ ਵਿੱਚ ਰੋਟੀ ਵਾਲ਼ਾ ਡੱਬਾ ਖੋਲ੍ਹ ਕੇ ਵੇਖਣ ਲੱਗੀ ਤਾਂ ਦੇਖਿਆ ਕਿ ਰਾਤ ਦੀਆਂ ਰੋਟੀਆਂ ਦਾ ਥੱਬਾ ਬਚਿਆ ਪਿਆ ਸੀ। ਕੁਝ ਕੁ ਰੋਟੀਆਂ ਇੱਕ ਦਿਨ ਪਹਿਲਾਂ ਦੀਆਂ ਵੀ ਬਚੀਆਂ ਹੋਈਆਂ ਸਨ ਜੋ ਮੈਂ ਰਾਤ ਨੂੰ ਇੱਕ ਪਲਾਸਟਿਕ ਦੇ ਡੱਬੇ ਵਿੱਚ ਪਾ ਕੇ ਫਰਿੱਜ ਵਿੱਚ ਰੱਖੀਆਂ ਹੋਈਆਂ ਸਨ। ਮੈਂ ਉਹ ਵੀ ਬਾਹਰ ਕੱਢੀਆਂ ਤਾਂ ਕੁੱਲ ਮਿਲਾ ਕੇ ਵੀਹ ਕੁ ਰੋਟੀਆਂ ਸਨ। ਰੋਟੀ ਘੱਟ ਖਾਣ ਪਿੱਛੇ ਅਤੇ ਖਾਣਾ ਬਣਾਉਣ ਵਾਲ਼ੀ ਤੋਂ ਜ਼ਿਆਦਾ ਰੋਟੀਆਂ ਬਣਾਉਣ ਪਿੱਛੇ ਮੇਰੀ ਤੇ ਮੇਰੇ ਪਤੀ ਦੀ ਹਲਕੀ ਫੁਲਕੀ ਤਕਰਾਰ ਹੋਈ। ਇਸੇ ਤਕਰਾਰ ਦੌਰਾਨ ਮੈਂ ਤਿੰਨ ਚਾਰ ਰੋਟੀਆਂ ਬਾਹਰਲੇ ਕੁੱਤਿਆਂ ਨੂੰ ਦੇਣ ਲਈ ਫਿਰ ਪਲਾਸਟਿਕ ਦੇ ਡੱਬੇ ਵਿੱਚ ਪਾ ਕੇ ਰੱਖ ਦਿੱਤੀਆਂ ਤੇ ਬਾਕੀ ਰੋਟੀਆਂ ਨੂੰ ਲੈ ਕੇ ਬੁੜ ਬੁੜ ਕਰਦੀ ਹੋਈ ਗੇਟ ਵੱਲ ਨੂੰ ਚੱਲ ਪਈ ਤਾਂ ਜੋ ਕੋਈ ਅਵਾਰਾ ਪਸ਼ੂ ਦਿਖੇ ਤਾਂ ਉਸ ਨੂੰ ਖਵਾ ਆਵਾਂ।

ਜਿਵੇਂ ਹੀ ਮੈਂ ਗੇਟ ਖੋਲ੍ਹਿਆ ਤੇ ਐਧਰ ਓਧਰ ਵੇਖਿਆ ਤਾਂ ਚਾਰ ਕੁ ਘਰ ਪਿੱਛੇ ਇੱਕ ਸਾਂਢ ਤੁਰਿਆ ਤੁਰਿਆ ਆਉਂਦਾ ਇੱਕ ਦਰਖ਼ਤ ਹੇਠਾ ਖੜ੍ਹਾ ਹੋ ਗਿਆ ਤੇ ਰੇਤੇ ਵਿੱਚ ਕਦੇ ਮੂੰਹ ਤੇ ਕਦੇ ਲੱਤ ਮਾਰ ਕੇ ਰੇਤਾ ਇੱਧਰ ਉੱਧਰ ਕਰਨ ਲੱਗਿਆ। ਸ਼ਾਇਦ ਉਹ ਉਸ ਜਗ੍ਹਾ ਤੇ ਬੈਠਣ ਦੀ ਕੋਸ਼ਿਸ਼ ਕਰ ਰਿਹਾ ਸੀ। ਬਿਲਕੁਲ ਉਸ ਦੇ ਸਾਹਮਣੇ ਘਰ ਵਾਲਿਆਂ ਦਾ ਮੁੰਡਾ ਆਪਣੇ ਚੁਬਾਰੇ ਵਿੱਚ ਖੜ੍ਹਾ ਪਾਣੀ ਦਾ ਮੱਗ ਭਰ ਕੇ ਉਸ ਉੱਤੇ ਪਾਉਣ ਲੱਗਿਆ ਤਾਂ ਜੋ ਉਹ ਕਿਤੇ ਉੱਥੇ ਦਰਖ਼ਤ ਹੇਠਾਂ ਬੈਠ ਨਾ ਜਾਵੇ। ਮੈਂ ਹੱਥ ਵਿੱਚ ਰੋਟੀਆਂ ਫੜੀ ਉਸ ਦਾ ਇੰਤਜ਼ਾਰ ਕਰ ਰਹੀ ਸੀ ਤੇ ਨਾਲ਼ੇ ਇਹ ਸਾਰਾ ਨਜ਼ਾਰਾ ਵੇਖ ਰਹੀ ਸੀ। ਜਦ ਚੁਬਾਰੇ ਵਾਲ਼ੇ ਮੁੰਡੇ ਨੇ ਲਗਾਤਾਰ ਚਾਰ ਪੰਜ ਮੱਗ ਪਾਣੀ ਦੇ ਉਸ ਉੱਤੇ ਪਾਏ ਤਾਂ ਉਹ ਹੌਲ਼ੀ ਹੌਲ਼ੀ ਲੰਗ ਮਾਰਦਾ ਹੋਇਆ ਲੜਖੜਾਉਂਦਾ ਹੋਇਆ ਮੇਰੇ ਘਰ ਵੱਲ ਨੂੰ ਅੱਗੇ ਨੂੰ ਵਧਣ ਲੱਗਿਆ। ਮੇਰੇ ਹੱਥ ਵਿੱਚ ਰੋਟੀਆਂ ਫੜੀਆਂ ਵੇਖ ਕੇ ਉਹ ਸਿੱਧਾ ਚੱਲਦਾ ਚੱਲਦਾ ਮੇਰੇ ਵੱਲ ਨੂੰ ਆਉਣ ਲੱਗਿਆ। ਉਸ ਤੋਂ ਬਹੁਤ ਮੁਸ਼ਕਲ ਨਾਲ਼ ਤੁਰਿਆ ਜਾ ਰਿਹਾ ਸੀ, ਤੁਰਦਾ ਤੁਰਦਾ,ਨਾਲ਼ ਹੀ ਉਹ ਹੌਲ਼ੀ ਜਿਹੀ ਦਰਦ ਭਰੀ ਅਵਾਜ਼ ਵਿੱਚ ਰਿੰਗ ਵੀ ਰਿਹਾ ਸੀ। ਜਦ ਉਸ ਨੇ ਮੇਰੇ ਗੇਟ ਵਿੱਚ ਆ ਕੇ ਮੇਰੇ ਹੱਥ ਵਿੱਚੋਂ ਰੋਟੀਆਂ ਫੜ ਕੇ ਖਾਧੀਆਂ ਤਾਂ ਉਸ ਦਾ ਵੱਡਾ ਸਾਰਾ ਦਿਓ ਵਰਗਾ ਸਰੀਰ ਵੇਖ ਕੇ ਮੇਰਾ ਹਿਰਦਾ ਵਲੂੰਧਰਿਆ ਗਿਆ।

ਸਾਂਢ ਦੇ ਇਸ ਵੱਡੇ ਸਾਰੇ ਭਾਰੀ ਜੁੱਸੇ ਨੂੰ ਮੋਟੀ ਡਾਂਗ ਦੀ ਕੁੱਟ ਦੇ ਨਿਸ਼ਾਨਾਂ ਦੀਆਂ ਲਾਸ਼ਾਂ ਨਾਲ ਵਿੰਨ੍ਹਿਆ ਪਿਆ ਸੀ। ਉਸ ਦੀਆਂ ਮੂਹਰਲੀਆਂ ਦੋਵੇਂ ਲੱਤਾਂ ਵੀ ਕੁੱਟ ਕੁੱਟ ਕੇ ਜ਼ਖ਼ਮੀ ਕੀਤੀਆਂ ਹੋਈਆਂ ਸਨ। ਉਸ ਦੀਆਂ ਲੱਤਾਂ ਆਪਣੇ ਸਰੀਰ ਦਾ ਭਾਰ ਖਿੱਚਣ ਵਿੱਚ ਅਸਮਰਥ ਸਨ ਇਸੇ ਲਈ ਹੀ ਉਹ ਜਦ ਇੱਕ ਪੁਲਾਂਘ ਪੁੱਟਦਾ ਤਾਂ ਉਹ ਕੁਰਲਾਉਂਦਾ ਸੀ। ਮੈਂ ਉਸ ਦੀ ਹਾਲਤ ਦੇਖ ਕੇ ਸੋਚ ਰਹੀ ਸੀ ਕਿ ਉਹ ਇਨਸਾਨ ਕਿੰਨਾ ਬੇਦਰਦ ਹੋਵੇਗਾ ,ਜਿਸ ਕਿਸੇ ਨੇ ਵੀ ਉਸ ਨੂੰ ਕੁੱਟਿਆ ਹੋਵੇਗਾ । ਉਸ ਅੰਦਰਲੀ ਮਾਨਸਿਕਤਾ ਤੇ ਇਨਸਾਨੀਅਤ ਕਿੰਨੀ ਡਿੱਗੀ ਹੋਈ ਹੋਵੇਗੀ । ਉਹ ਇਨਸਾਨ ਇਸ ਧਰਤੀ ਉੱਤੇ ਇੱਕ ਹੈਵਾਨ ਤੋਂ ਘੱਟ ਨਹੀਂ ਹੋਵੇਗਾ । ਉਸ ਤੋਂ ਬਾਅਦ ਜਦ ਉਹ ਦਰਦ ਨਾਲ ਕੁਰਲਾਉਂਦਾ ਹੋਇਆ ਜਿੱਥੇ ਬੈਠਣਾ ਚਾਹੁੰਦਾ ਸੀ ਉਸ ਨੂੰ ਇਨਸਾਨ ਬੈਠਣ ਵੀ ਨਹੀਂ ਦੇ ਰਿਹਾ। ਚਾਹੇ ਉਸ ਭੁੱਖੇ ਸਾਂਢ ਨੇ ਮੇਰੇ ਤੋਂ ਲੈਕੇ ਦਸ ਬਾਰਾਂ ਰੋਟੀਆਂ ਖਾ ਕੇ ਘਰ ਅੱਗੇ ਰੱਖੇ ਪਾਣੀ ਦੇ ਭਾਂਡੇ ਵਿੱਚੋਂ ਪਾਣੀ ਪੀ ਲਿਆ ਸੀ ਜਿਸ ਨੂੰ ਵੇਖ ਕੇ ਮੇਰੇ ਮਨ ਨੂੰ ਥੋੜ੍ਹੀ ਤਸੱਲੀ ਹੋਈ ਸੀ। ਫਿਰ ਉਹ ਦਰਦ ਨਾਲ ਰਿੰਗਦਾ ਕਰਲਾਉਂਦਾ ਹੋਇਆ ਹੌਲ਼ੀ ਹੌਲ਼ੀ ਅੱਗੇ ਨੂੰ ਵਧਦਾ ਜਾ ਰਿਹਾ ਸੀ ਤਾਂ ਮੈਂ ਸੋਚ ਰਹੀ ਸੀ ਕਿ ਪਤਾ ਨਹੀਂ ਕਿੰਨਾ ਹੋਰ ਸਫ਼ਰ ਤੈਅ ਕਰਕੇ ਉਸ ਨੂੰ ਇਸ ਬੇਦਰਦ ਦੁਨੀਆਂ ਵਿੱਚ ਬੈਠ ਕੇ ਅਰਾਮ ਕਰਨ ਨੂੰ ਜ਼ਮੀਨ ਦਾ ਟੁਕੜਾ ਨਸੀਬ ਹੋਣਾ ਸੀ ਜਾਂ ਕਿੰਨੇ ਹੋਰ ਲੋਕਾਂ ਤੋਂ ਸੋਟੀਆਂ ਦੀ ਮਾਰ ਖਾਣੀ ਪੈਣੀ ਸੀ। ਜਿਵੇਂ ਜਿਵੇਂ ਉਹ ਦੂਰ ਹੋ ਰਿਹਾ ਸੀ,ਉਸ ਦੀਆਂ ਦਰਦ ਭਰੀਆਂ ਅਵਾਜ਼ਾਂ ਚਾਹੇ ਮੱਧਮ ਹੋ ਰਹੀਆਂ ਸਨ ਪਰ ਉਸ ਦੇ ਪਿੰਡੇ ਤੇ ਪਈਆਂ ਲਾਸ਼ਾਂ ਅਤੇ ਭੰਨੇ ਹੋਏ ਗੋਡੇ ਗਿੱਟਿਆਂ ਦੀਆਂ ਚੀਸਾਂ ਮੇਰੇ ਮਨ ਨੂੰ ਪਲ ਪਲ ਤੜਫਾ ਰਹੀਆਂ ਸਨ ।










ਕਈ ਵੀਰਾਂ ਦੇ
**LICENSE CANCEL**
ਹੋ ਰਹੇ ਹਨ ਤੇ ਹੁਣ
ਉਹ ਆਪਣਾ ਟਰੱਕ ਵੀ ਨਹੀਂ
ਚਲਾ ਸਕਦੇ।

## ਕਿਉਂਕਿ DMV ਕਈ ਲੋਕਾਂ ਦੇ CDL License Cancel ਕਰ ਰਿਹਾ

ਖਾਸ ਕਰਕੇ ਉਹਨਾਂ ਦੇ ਜਿਨ੍ਹਾਂ ਕੋਲ

**Green Card ਨਹੀਂ ਹੈ | I-485 Application ਅਜੇ Pending ਹੈ।**

## Ghuman Law Group ਤੁਹਾਡੇ ਨਾਲ ਹੈ

ਅਸੀਂ ਤੁਹਾਡੀ ਮਦਦ ਕਰ ਸਕਦੇ ਹਾਂ :



Green Card Case ਨੂੰ ਜਲਦੀ ਹੱਲ ਕਰਨ ਵਿੱਚ



CDL ਅਤੇ ਕੰਮ ਨੂੰ ਬਚਾਉਣ ਲਈ Legal Guidance



Deportation ਜਾਂ Immigration Detention Cases ਵਿੱਚ Legal Advice



Appeals ਅਤੇ Immigration Process ਵਿੱਚ ਸਹਾਇਤਾ



Estate Planning ਰਾਹੀਂ Property ਅਤੇ Assets ਨੂੰ safe ਕਰਨ ਵਿੱਚ ਮਦਦ



ਤੁਹਾਡੇ ਪਰਿਵਾਰ ਦੇ ਭਵਿੱਖ ਨੂੰ Secure ਬਣਾਉਣ ਵਿੱਚ ਸਹਾਇਤਾ

GHUMAN LAW GROUP INC.
Criminal Defense, Family and Immigration Law

Deportation ਜਾਂ Immigration Process ਦੇ ਦੌਰਾਨ ਘਰ, ਨੌਕਰੀ, ਜਾਇਦਾਦ ਤੇ ਮਿਹਨਤ ਦੀ ਕਮਾਈ ਤਕ ਖਤਰੇ ਵਿੱਚ ਪੈ ਸਕਦੇ ਹਨ

**ਹੁਣੇ ਸੰਪਰਕ ਕਰੋ : (228) 200-0001 (ਮੁਫ਼ਤ ਸਲਾਹ ਵੀ ਉਪਲਬਧ ਹੈ)**

Ghuman Law Group ਤੁਹਾਡੇ ਹੱਕਾਂ ਦੀ ਮਜ਼ਬੂਤ ਆਵਾਜ਼ | ਤੁਹਾਡਾ Legal Partner


web -www.globaldrugtestinginc@gmail.com
email -info@globaltruckpermits.com
ਕੈਲੇਫੋਰਨੀਆ ਅੰਦਰ ਸਾਰੀਆਂ ਸੇਵਾਵਾਂ ਇੱਕੋ ਥਾਂ
GLOBAL TRUCK PERMITS
GLOBAL TRUCK PERMITS
ਦੇ ਜ਼ਰੀਏ ਲੈ ਕੇ ਜਾਉ ਤੁਹਾਡੇ Business ਨੂੰ ਤਰੱਕੀਆਂ ਵੱਲ
ਟ੍ਰੱਕਰ ਵੀਰਾਂ ਵਾਸਤੇ, ਇੱਕ ਹੀ ਛੱਤ ਹੇਠ
New Company Permits
IRP Plates
Trailer Plates
Truck ELD
DOT Drug Testing
DOT Drug Testing | Compliance Services | Driver Hiring
Driver Files | Safety Audit | Clearing House | Driver Management
“ਸਾਡਾ ਇਸ ਕੰਮ ਵਿਚ
19 ਸਾਲ ਦਾ ਤਜਰਬਾ ਹੈ”
ਅੱਜ ਹੀ ਕਾਲ ਕਰੋ :
ਰਾਜਿੰਦਰ ਟਾਂਡਾ
Ph : (209) 636-0880 | Ph : (209) 364-3020 | Cell :(510) 557-6988
Address: 159 Darcy Pkwy Lathrop, CA 95330

# TAKE CONTROL OF YOUR HEALTH!

## PRIVATE, AFFORDABLE, & CONVENIENT

# 8000+ TESTS

General Health, Food Allergy Testing, Paternity Testing, Hormone Testing, Diabetes Monitoring, STD Testing, & More!

## NO INSURANCE? NO PROBLEM!


WALK-INS WELCOME

ANYLABTEST NOW

ਵਧੇਰੇ ਜਾਣਕਾਰੀ ਲਈ ਕਾਲ ਕਰੋ : (209) 629-8282 | (209) 505-6384

Address: 119. Maple AVe, Suite A Manteca, CA 95336






SANJHI SOCH
ਮਨਿੰਦਰ ਸਿੰਘ ਗਿੱਲ
ਮੈਨਜਿੰਗ ਡਾਇਰੈਕਟਰ,
'ਰੇਡੀਓ ਇੰਡੀਆ' ਸਰੀ (ਕਨੇਡਾ)

# ਪੰਜਾਬ, ਪੰਜਾਬੀ ਅਤੇ ਪੰਜਾਬੀਅਤ ਦੀ ਦੁਸ਼ਮਣ ਖਾਲਿਸਤਾਨੀ ਨਫ਼ਰਤ ਦੀ ਵਿਚਾਰਧਾਰਾ

ਪੰਜਾਬ ਦੀ ਧਰਤੀ ਨੇ ਹਮੇਸ਼ਾਂ ਪਿਆਰ, ਭਾਈਚਾਰੇ ਅਤੇ ਸਰਬ ਸਾਂਝੀਵਾਲਤਾ ਦਾ ਸੰਦੇਸ਼ ਦਿੱਤਾ ਹੈ। ਇਹ ਉਹ ਮਿੱਟੀ ਹੈ ਜਿੱਥੇ ਗੁਰੂਆਂ, ਸੂਫੀਆਂ ਅਤੇ ਸੰਤਾਂ ਨੇ ਮਨੁੱਖਤਾ ਨੂੰ ਜੋੜਨ ਦੀ ਗੱਲ ਕੀਤੀ। ਸਿੱਖੀ ਦਾ ਮੂਲ ਸਿਧਾਂਤ "ਸਰਬੱਤ ਦਾ ਭਲਾ" ਹੈ, ਜੋ ਹਰ ਧਰਮ, ਹਰ ਜਾਤ ਅਤੇ ਹਰ ਇਨਸਾਨ ਦੀ ਭਲਾਈ ਦੀ ਗੱਲ ਕਰਦਾ ਹੈ। ਪਰ ਖਾਲਿਸਤਾਨ ਦੀ ਵਿਚਾਰਧਾਰਾ ਇਸੇ ਸਿੱਖੀ ਦੇ ਮੂਲ ਸਿਧਾਂਤਾਂ ਦੇ ਖਿਲਾਫ ਖੜ੍ਹੀ ਨਜ਼ਰ ਆਉਂਦੀ ਹੈ। ਖਾਲਿਸਤਾਨ ਦੀ ਸੋਚ ਨਫਰਤ, ਵੰਡ ਅਤੇ ਹਿੰਸਾ ਨੂੰ ਜਨਮ ਦਿੰਦੀ ਹੈ। ਇਹ ਵਿਚਾਰਧਾਰਾ ਪੰਜਾਬ ਦੀ ਸਾਂਝੀ ਸੰਸਕ੍ਰਿਤੀ ਅਤੇ ਪੰਜਾਬੀਅਤ ਦੇ ਅਸਲ ਰੂਪ ਨੂੰ ਖਤਮ ਕਰਨ ਦੀ ਕੋਸ਼ਿਸ਼ ਕਰਦੀ ਹੈ। ਪੰਜਾਬ ਦੀ ਪਹਿਚਾਣ ਕਦੇ ਵੀ ਤੰਗ ਸੋਚ ਜਾਂ ਵੰਡਵਾਦ ਨਾਲ ਨਹੀਂ ਰਹੀ। ਪੰਜਾਬ ਨੇ ਹਮੇਸ਼ਾਂ ਹਰ ਕਿਸੇ ਨੂੰ ਗਲੇ ਲਾਇਆ ਹੈ, ਭਾਵੇਂ ਉਹ ਕਿਸੇ ਵੀ ਧਰਮ ਜਾਂ ਭਾਈਚਾਰੇ ਨਾਲ ਸੰਬੰਧਿਤ ਹੋਵੇ। ਸਾਡੇ ਤਾਂ ਧਰਮ ਅਸਥਾਨਾਂ ਦੇ ਚਾਰ ਦਰਵਾਜ਼ੇ ਇਸੇ ਸੰਕਲਪ ਦੇ ਪ੍ਰਤੀਕ ਹਨ। ਜਦੋਂ ਪੰਜਾਬ ਵਿੱਚ ਖਾਲਿਸਤਾਨੀ ਅੱਤਵਾਦ ਦਾ ਦੌਰ ਸੀ, ਉਸ ਵੇਲੇ ਪੰਜਾਬ ਨੇ ਆਪਣਾ ਸਭ ਤੋਂ ਦਰਦਨਾਕ ਸਮਾਂ ਆਪਣੇ ਪਿੰਡੇ 'ਤੇ ਹੰਢਾਇਆ। ਹਜ਼ਾਰਾਂ ਨਿਰਦੋਸ਼ ਲੋਕ ਮਾਰੇ ਗਏ, ਪਰਿਵਾਰ ਉਜੜ ਗਏ ਅਤੇ ਪੰਜਾਬ ਦੀ ਅਰਥਵਿਵਸਥਾ ਤਬਾਹ ਹੋ ਗਈ। ਪੰਜਾਬੀ ਕਲਾ ਅਤੇ ਸੱਭਿਆਚਾਰ ਨਾਲ ਜੁੜੇ ਅਨੇਕਾਂ ਪੰਜਾਬੀ ਕਲਾਕਾਰ ਵੀ ਇਸ ਅੱਤਵਾਦ ਦਾ ਸ਼ਿਕਾਰ ਬਣੇ। ਕਈ ਪੰਜਾਬੀ ਕਲਾਕਾਰਾਂ ਨੂੰ ਆਪਣਾ ਗਾਇਕੀ ਅਤੇ ਕਲਾ ਦਾ ਕੰਮ ਛੱਡ ਕੇ ਆਟਾ ਚੱਕੀਆਂ ਜਾਂ ਹੋਰ ਛੋਟੇ ਰੋਜ਼ਗਾਰ ਕਰਨ ਲਈ ਮਜਬੂਰ ਹੋਣਾ ਪਿਆ, ਕਿਉਂਕਿ ਅੱਤਵਾਦ ਦੇ ਡਰ ਨੇ ਰਚਨਾਤਮਕ ਆਵਾਜ਼ਾਂ ਨੂੰ ਚੁੱਪ ਕਰਾ ਦਿੱਤਾ ਸੀ। ਅੱਜ ਵੀ ਉਹੀ ਨਫਰਤੀ ਸੋਚ ਨਵੇਂ ਰੂਪ ਵਿੱਚ ਸਾਹਮਣੇ ਆ ਰਹੀ ਹੈ। ਇਹ ਟੋਲਾ ਪੰਜਾਬ ਦੇ ਉਹਨਾਂ ਹੀਰਿਆਂ ਨੂੰ ਨਿਸ਼ਾਨਾ ਬਣਾ ਰਿਹਾ ਹੈ ਜਿਨ੍ਹਾਂ ਨੇ ਦੁਨੀਆ ਭਰ ਵਿੱਚ ਪੰਜਾਬੀ ਭਾਸ਼ਾ, ਸੱਭਿਆਚਾਰ ਅਤੇ ਪੰਜਾਬੀਅਤ ਦਾ ਨਾਮ ਰੌਸ਼ਨ ਕੀਤਾ ਹੈ।

ਗੁਰਦਾਸ ਮਾਨ ਅਤੇ ਦਲਜੀਤ ਦੁਸਾਂਝ ਵਰਗੇ ਕਲਾਕਾਰਾਂ ਨੂੰ ਸੋਸ਼ਲ ਮੀਡੀਆ ਰਾਹੀਂ ਧਮਕੀਆਂ, ਬਹਿਸਕਾਰ ਮੁਹਿੰਮਾਂ ਅਤੇ ਨਫਰਤ ਦਾ ਸਾਹਮਣਾ ਕਰਵਾਇਆ ਜਾ ਰਿਹਾ ਹੈ। ਇਹ ਉਹੀ ਸੋਚ ਹੈ ਜੋ ਕਲਾ, ਵਿਚਾਰ ਅਤੇ ਪ੍ਰਗਟਾਵੇ ਦੀ ਆਜ਼ਾਦੀ ਤੋਂ ਡਰਦੀ ਹੈ। ਪੰਜਾਬੀਅਤ ਨੂੰ ਦੁਨੀਆਂ ਭਰ ਵਿਚ ਸਨਮਾਨਯੋਗ ਸਥਾਨ ਦੁਆਉਣ ਵਾਲੇ ਤੇ " ਮੈਂ ਧਰਤੀ ਪੰਜਾਬ ਦੀ ਲੋਕੋ ਵੱਸਦੀ ਉੱਜੜ ਗਈ " ਵਰਗੇ ਗੀਤ ਗਾਉਣ ਵਾਲੇ ਗੁਰਦਾਸ ਮਾਨ ਨੂੰ ਇਸ ਟੋਲੇ ਵੱਲੋਂ ਜਿਸ ਕਦਰ ਨਫਰਤ ਦਾ ਸ਼ਿਕਾਰ ਬਣਾਇਆ ਗਿਆ ਉਸਦਾ ਸੇਕ ਅਜੇ ਘਟਿਆ ਨਹੀਂ ਸੀ ਕਿ ਹੁਣ ਇਹ ਟੋਲਾ ਦਲਜੀਤ ਦੁਸਾਂਝ ਦੇ ਦੁਆਲੇ ਹੋ ਗਿਆ ਹੈ। ਅੱਜ ਦਲਜੀਤ ਦੁਸਾਂਝ ਨੂੰ ਸਿੱਖੀ ਦਾ ਗ਼ਦਾਰ ਅਤੇ ਏਜੰਸੀਆਂ ਦਾ ਟੂਲ ਦੱਸਣ ਵਾਲੇ ਇਹੁ ਢਾਈ ਟੋਟਰੂ ਦੱਸ ਸਕਦੇ ਹਨ ਕਿ ਸਿੱਖ ਹਿਰਦਿਆਂ ਦੀ ਪੀੜ੍ਹ '1984' ਵਰਗੀ ਫਿਲਮ ਬਣਾਕੇ, ਦਿੱਲੀ ਸਿੱਖ ਕਤਲੇਆਮ 'ਤੇ 'ਜੋਗੀ' ਵਰਗੀ ਫਿਲਮ ਬਣਾਕੇ, ਸਰਦਾਰ ਜਸਵੰਤ ਸਿੰਘ ਖਾਲੜਾ 'ਤੇ '1995' ਵਰਗੀ ਫਿਲਮ (ਜੋ ਭਾਰਤ ਸਰਕਾਰ ਨੇ ਅਜੇ ਤੱਕ ਰਿਲੀਜ਼ ਨਹੀਂ ਹੋਣ ਦਿੱਤੀ) ਬਣਾਕੇ, ਇਤਿਹਾਸਕ ਕਿਸਾਨ ਅੰਦੋਲਨ ਦੌਰਾਨ ਕਰੋੜਾਂ ਰੁਪਏ ਸੰਘਰਸ਼ ਦੇ ਲੇਖੇ ਲਗਾਕੇ ਕਿਹੜੀ ਗਲਤੀ ਕੀਤੀ ਸੀ ਜਿਸਨੂੰ ਅਸੀਂ ਗ਼ਦਾਰੀ ਦਾ ਲਕਬ ਦੇਕੇ ਨਿੰਦ ਸਕੀਏ ? ਅਸੀਂ ਕਿਵੇਂ ਭੁੱਲ ਜਾਈਏ ਕਿ ਦਲਜੀਤ ਦੁਸਾਂਝ ਨੇ ਦੁਨੀਆਂ ਭਰ ਵਿੱਚ ਪੱਗ ਦੀ ਸ਼ਾਨ ਵਧਾਈ ਹੈ। ਅੱਜ ਇਹ 'ਭਗੌੜੇ' ਦਲਜੀਤ ਦੁਸਾਂਝ 'ਤੇ ਗਿਲਾ ਕਰਦੇ ਹੈ ਕਿ ਉਸਨੇ ਆਪਣੇ ਸ਼ੋਅ ਦੌਰਾਨ ਭਾਰਤੀ ਤਿਰੰਗਾ ਕਿਉਂ ਲਹਿਰਾਇਆ ? ਪਰ ਇਹ ਲੋਕ ਕਿਓਂ ਭੁੱਲ ਜਾਂਦੇ ਹਨ ਕਿ ਕਿ ਇਹ ਉਹੀ ਤਿਰੰਗਾ ਹੈ ਜਿਸਦਾ ਸਿਖ਼ਰਲਾ 'ਕੇਸਰੀ' ਰੰਗ ਭਾਰਤ ਵਿੱਚ ਸਾਡੀ ਮਾਨਤਾ ਦਾ ਪ੍ਰਤੀਕ ਹੈ ਤੇ ਇਸੇ ਤਿਰੰਗੇ ਲਈ ਸਾਡੇ ਵੱਡ ਵਡੇਰੇ ਸਿੱਖਾਂ ਤੇ ਪੰਜਾਬੀਆਂ ਨੇ 87% ਕੁਰਬਾਨੀਆਂ ਦਿੱਤੀਆਂ ਸੀ। ਕੀ ਅੱਜ ਤਿਰੰਗੇ ਦਾ ਵਿਰੋਧ ਕਰਕੇ ਅਤੇ ਉਸਨੂੰ ਪੈਰਾਂ ਹੇਠ ਲਤਾੜਕੇ ਅਸੀਂ ਕੁਰਬਾਨੀਆਂ ਦੇਣ ਵਾਲੇ ਆਪਣੇ ਉਨ੍ਹਾਂ ਬਜ਼ੁਰਗਾਂ ਦੀਆਂ ਪੱਗਾਂ ਨੂੰ ਪੈਰਾਂ ਹੇਠ ਨਹੀਂ ਲਤਾੜ ਰਹੇ ? ਕੀ ਅਸੀਂ ਆਪਣੇ ਬਜ਼ੁਰਗਾਂ ਦੀਆਂ ਦੇਹਾਂ ਤੇ ਭੰਗੜੇ ਨਹੀਂ ਪਾ ਰਹੇ। ਤੁਸੀਂ ਭਾਰਤੀ ਸਰਕਾਰ ਦਾ ਵਿਰੋਧ ਕਰਨਾ ਹੈ ਜੰਮ-ਜੰਮ ਕਰੋ ਪਰ ਤੁਹਾਨੂੰ ਕੋਈ ਹੱਕ ਨਹੀਂ ਕਿ ਤੁਸੀਂ ਉਨ੍ਹਾਂ ਸਿੱਖਾਂ ਦੀਆਂ ਕੁਰਬਾਨੀਆਂ ਨੂੰ ਪੈਰਾਂ ਹੇਠ ਲਤਾੜੋਂ ਜਿਨ੍ਹਾਂ ਕਰਕੇ ਤੁਹਾਡੀ ਹੋਂਦ ਕਾਇਮ ਹੈ। ਸਵਾਲ ਇਹ ਹੈ ਕਿ ਇਹ ਕੌਣ ਹਨ ਜੋ ਲੋਕਾਂ ਨੂੰ ਸਿੱਖੀ ਅਤੇ ਪੰਜਾਬੀਅਤ ਦੇ ਸਰਟੀਫਿਕੇਟ ਵੰਡਣ ਲੱਗ ਪਏ ਹਨ? ਸਿੱਖੀ ਕਿਸੇ ਇੱਕ ਟੋਲੇ ਦੀ ਜਾਇਦਾਦ ਨਹੀਂ ਅਤੇ ਨਾ ਹੀ ਪੰਜਾਬੀਅਤ ਨੂੰ ਕੁਝ ਲੋਕ ਆਪਣੇ ਮਾਪਦੰਡਾਂ ਨਾਲ ਤੋਲ ਸਕਦੇ ਹਨ। ਪੰਜਾਬੀਅਤ ਇੱਕ ਖੁੱਲ੍ਹੀ ਸੋਚ ਹੈ ਪਿਆਰ, ਸਤਿਕਾਰ, ਸਾਂਝ ਅਤੇ ਇਨਸਾਨੀਅਤ ਦੀ ਸੋਚ। ਅਜੋਕੇ ਵਿਰੋਧ ਦੀ ਸਭ ਤੋਂ ਵੱਡੀ ਤ੍ਰਾਸਦੀ ਇਹ ਹੈ ਕਿ ਜਿਹੜੇ ਲੋਕ ਖੁਦ ਵਿਦੇਸ਼ਾਂ ਵਿੱਚ ਬੈਠ ਕੇ ਅਮਰੀਕਨ ਬੋਲਬਾਣੀ ਵਿੱਚ ਪੰਜਾਬੀਅਤ ਦੇ ਪਾਠ ਪੜ੍ਹਾਉਂਦੇ ਹਨ, ਕੀ ਉਹ ਪੰਜਾਬ ਦੀ ਮਿੱਟੀ, ਪੰਜਾਬ ਦੇ ਦਰਦ ਅਤੇ ਪੰਜਾਬ ਦੀ ਅਸਲੀ ਰੂਹ ਨੂੰ ਸਮਝਣ ਦਾ ਦਾਅਵਾ ਕਰ ਸਕਦੇ ਹਨ ? ਪੰਜਾਬੀਅਤ ਨਾ ਤਾਂ ਉੱਚੀਆਂ ਆਵਾਜ਼ਾਂ ਨਾਲ ਸਾਬਤ ਹੁੰਦੀ ਹੈ ਅਤੇ ਨਾ ਹੀ ਸੋਸ਼ਲ ਮੀਡੀਆ ਦੇ ਫਤਵਿਆਂ ਨਾਲ। ਪੰਜਾਬੀਅਤ ਲੋਕਾਂ ਨੂੰ ਜੋੜਦੀ ਹੈ, ਤੋੜਦੀ ਨਹੀਂ।






# ਪਬਲਿਕ ਹਿਤ ਵਿਚ ਸੂਚਨਾ

ਜਿੱਥੇ ਜਿੱਥੇ ਵੀ ਇਹ ਅਵਾਜ ਪਹੁੰਚ ਰਹੀ ਹੈ ਮੈਂ ਗੁਰਦੀਪ ਸਿੰਘ ਸੰਧੂ ਹੈਮਿਓਪੈਥਿਕ ਕਨਸਲਟੈਟ ਉਮਰ ਦੇ ਪੰਝਤਰਵੇਂ ਸਾਲ ਵਿੱਚ ਮੇਰੀ ਮੈਡੀਕਲ ਪ੍ਰੈਕਟਿਸ ਦੇ ਪੰਜਾਹ ਸਾਲ ਪੂਰੇ ਹੋਣ ਤੇ ਅਤੇ ਇਸ ਵਕਤ ਅਮੈਰਿਕਨ ਇਕੋਨਮੀ ਦੀ ਸਭ ਤੋਂ ਮਾੜੀ ਹਾਲਤ ਹੋਣ ਕਰਕੇ ਇਹ ਐਲਾਨ ਕਰਦਾ ਹਾ ਕਿ ਹਰੇਕ ਬਿਮਾਰ ਜੋ ਕਿਸੇ ਵੀ ਉਮਰ ਵਿੱਚ ਕਿਸੇ ਵੀ ਬਿਮਾਰੀ ਦਾ ਇਲਾਜ ਕਰਵਾਉਂਦੇ ਥੱਕ ਗਏ ਹਨ ਤਾਂ ਕੀਮਤਾਂ ਦੀ ਪ੍ਰਵਾਹ ਕੀਤੇ ਬਿਨਾਂ ਜੋ ਵੀ ਤੁਹਾਡੀ ਜੇਬ ਇਜਾਜ਼ਤ ਦੇਵੇ ਉਹੀ ਦੇ ਕੇ ਇਲਾਜ ਕਰਵਾ ਸਕਦੇ ਹੋ। ਬੱਸ ਇੱਕ ਗੱਲ ਯਾਦ ਰੱਖਣਾ ਕਿ ਮੁਰਗੀ ਨਾ ਮਰੇ ਤੇ ਅੰਡੇ ਮਿਲਦੇ ਰਹਿਣ ਮੇਰੀ ਇਲਾਜ ਕਰਨ ਦੀ ਸਮਰੱਥਾ ਵੀ ਬਣੀ ਰਹੇ ਤੇ ਤੁਹਾਡਾ ਵੀ ਘੱਟ ਖਰਚ ਨਾਲ ਇਲਾਜ ਹੋ ਸਕੇ ।

ਕਾਲ ਕਰ ਸਕਦੇ ਹੋ 408-687-1899

ਮੇਰੇ ਵੱਲੋਂ ਸਿਹਤ ਵਿਗਿਆਨ ਦੀ ਲੜੀਵਾਰ ਸੀਰੀਜ ਸੁਣਨ ਲਈ ਮੇਰਾ ਯੂ ਟਿਊਬ ਚੈਨਲ, **https://youtu.be/-DUhK3cACEU SabRangstation.com** ਰੋਜ਼ਾਨਾ ਸ਼ਾਮ 5 ਵਜੇ ਤੋਂ 6 ਵਜੇ ਤੱਕ ਰੇਡੀਓ ਸਭਰੰਗ ਰੇਡੀਓ ਪਰਵਾਜ ਯੂਟਿਊਬ ਅਤੇ ਫੇਸਬੁੱਕ ਉੱਪਰ ਸੋਮਵਾਰ ਰੇਡੀਓ ਪੰਜਾਬ 1310 **AM** ਸ਼ਾਮ 3.35 ਤੋਂ 3.55 ਪੰਜਾਬੀ ਵਿੱਚ 4.35 ਤੋਂ 4.55 ਹਿੰਦੀ ਵਿੱਚ, ਸਾਂਝੀ ਸੋਚ ਟੀਵੀ ਸੋਮਵਾਰ, ਬੁੱਧਵਾਰ ਅਤੇ ਸ਼ੁਕਰਵਾਰ ਪੰਜਾਬੀ ਵਿੱਚ।

# INFORMATION IN PUBLIC INTREST

I, Gurdip S Sandhu Homeopathic consultant at the completion of my 50 years of medical practice and in my 75 year of age and in worst condition of American economy, I declare that any one suffering and tired of any treatment for any disease at any age call for best homeopathic treatment with economical price charges which suites to your pocket but Make sure you take the egg and still the hen survives so that I can continue serving your health needs.

To listen to my health education lecture series, go to https://youtu.be/-DUhK3cACEU, Sabrangstation.com you can listen in cars @ Radio Sabrang and Radio Parwas while driving from 5pm to 6 pm. Facebook, Youtube Radio Punjab 1310 AM tune to 3.35pm to 3.55 pm Daily in Punjabi and 4.35 to 4.55 in Hindi . TV Sanjhi Soch Monday, Wednesday  Friday in Punjabi.

## HOMEOPATHIC NATURAL MEDICINES

**When Tired of All Treatments,
For any Disease, at any Age
Try Alternative Treatment**

**Safe and Effective Medicines without any Side Effects**



**GURDIP S SANDHU**




**Consultant/Physician
Since 1973
DHMS-Gold Medalist,
BAMS, MDEH
Ex-Prof, Principal &
CMO Medical
Colleges/Hospitals in
India**

**(408) 687-1899        (925) 587-1148**

**Homeopathic Medicine and Notary Consultancy**

9701 SARA ANN CT DUBLIN, CA 94568

**PRACTICE UNDER PROVISION OF ACT SB_577 STATE OF CA**


WE HAVE THE CHEAPEST FARES TO INDIA
LEGEND TRAVEL
arc
accredited agency
CST # 207524-40
Special Fares To India From West-coast (us) On Air India Direct Flights
AIR INDIA
JATINDER SINGH
LOWEST AIRFARES FROM USA TO INDIA
★Travel Insurance ★ Great last Minute Deals ★ Offices in India
ਜੇ ਤੁਹਾਨੂੰ ਕਿਤੋਂ ਵੀ ਟਿਕਟ ਨਾ ਮਿਲੇ ਤਾਂ ਸਾਨੂੰ ਇਕ ਵਾਰ ਫੋਨ ਕਰੋ
ਅਸੀਂ ਸਾਰੀਆਂ ਏਅਰਲਾਈਨਜ਼ ਨਾਲ ਕੰਮ ਕਰਦੇ ਹਾਂ।
CALL US
(510) 797-9010
USA OFFICE: 2450 PERALTA BLVD., STE 106-108,
FREMONT CA 94536 PH.: 510-797-9010
Website: www.legendamerica.net
Emirates
CATHAY PACIFIC
ASIANA AIRLINES
JET AIRWAYS
CHINA AIRLINES
BRITISH AIRWAYS
SINGAPORE AIRLINES
Lufthansa
ANA

# RESIDENTIAL, COMMERCIAL AND SOLAR FARMS

with Singhsloar High performance Bifacial Smart Panels

ਅਮਰੀਕਾ ਦੇ ਕਿਸੇ ਵੀ ਹਿੱਸੇ ਆਪਣੇ ਘਰ ਕਾਰੋਬਾਰ ਤੇ ਸੋਲਰ ਸਿਸਟਮ ਲਗਾਉਣ ਲਈ ਸਤਨਾਮ ਸਿੰਘ ਖਾਲਸਾ ਨਾਲ ਅੱਜ ਹੀ ਸੰਪਰਕ ਕਰੋ

100% CUSTOMER SATISFACTION GUARANTEED

SINGH SOLAR



## ਬਿਜਲੀ ਦੇ ਬਿੱਲ ਤੋਂ ਹਮੇਸ਼ਾ ਲਈ ਛੁਟਕਾਰਾ

**ਸਿਰਫ਼ ਇਕ ਕਾਲ - ਵੱਡੀ ਬੱਚਤ**

# 510-706-1300

singhsolarusa@gmail.com



ਵਿਜੈ ਗਰਗ
ਰਿਟਾਇਰਡ ਪ੍ਰਿੰਸੀਪਲ
ਮਲੋਟ

# ਬੱਚਿਆਂ ਦਾ ਅਖਬਾਰ: ਸ਼ਬਦਾਂ ਰਾਹੀਂ ਨੌਜਵਾਨਾਂ ਦੇ ਮਨਾਂ ਨੂੰ ਪਾਲਣਾ

ਤੇਜ਼ੀ ਨਾਲ ਵਧਦੀ ਡਿਜੀਟਲ ਸਮੱਗਰੀ ਦੇ ਦਬਦਬੇ ਵਾਲੇ ਯੁੱਗ ਵਿੱਚ, ਬੱਚਿਆਂ ਲਈ ਖਾਸ ਤੌਰ 'ਤੇ ਤਿਆਰ ਕੀਤੇ ਗਏ ਅਖਬਾਰ ਦਾ ਵਿਚਾਰ ਪੁਰਾਣੇ ਜ਼ਮਾਨੇ ਦਾ ਲੱਗ ਸਕਦਾ ਹੈ। ਫਿਰ ਵੀ,"ਦਿ ਚਿਲਡਰਨਜ਼ ਟੂਅਰਪੇਪਰ" ਦੀ ਧਾਰਨਾ ਅੱਜ ਵੀ ਬਹੁਤ ਮਾਇਨੇ ਰੱਖਦੀ ਹੈ। ਸਿਰਫ਼ ਜਾਣਕਾਰੀ ਦੇ ਸਰੋਤ ਤੋਂ ਵੱਧ, ਇਹ ਇੱਕ ਸ਼ਕਤੀਸ਼ਾਲੀ ਵਿਦਿਅਕ ਸਾਧਨ ਹੈ ਜੋ ਉਤਸੁਕਤਾ ਨੂੰ ਵਧਾਉਂਦਾ ਹੈ, ਜਾਗਰੂਕਤਾ ਪੈਦਾ ਕਰਦਾ ਹੈ, ਅਤੇ ਨੌਜਵਾਨ ਮਨਾਂ ਨੂੰ ਸੂਚਿਤ, ਜ਼ਿੰਮੇਵਾਰ ਨਾਗਰਿਕਾਂ ਵਿੱਚ ਬਦਲਦਾ ਹੈ। ਬੱਚਿਆਂ ਦਾ ਅਖਬਾਰ ਸਿਰਫ਼ ਬਾਲਗਾਂ ਲਈ ਇੱਕ ਸਰਲ ਸੰਸਕਰਣ ਨਹੀਂ ਹੈ। ਇਹ ਨੌਜਵਾਨ ਪਾਠਕਾਂ ਦੇ ਬੋਧਾਤਮਕ ਪੱਧਰ, ਰੁਚੀਆਂ ਅਤੇ ਭਾਵਨਾਤਮਕ ਪਰਿਪੱਕਤਾ ਨਾਲ ਮੇਲ ਖਾਂਦਾ ਹੈ। ਇਸਦੀ ਭਾਸ਼ਾ ਸਪਸ਼ਟ, ਦਿਲਚਸਪ ਅਤੇ ਉਮਰ ਦੇ ਅਨੁਕੂਲ ਹੈ। ਗੁੰਝਲਦਾਰ ਵਿਸ਼ਵਵਿਆਪੀ ਮੁੱਦਿਆਂ ਨੂੰ ਸਧਾਰਨ ਸ਼ਬਦਾਂ ਵਿੱਚ ਸਮਝਾਇਆ ਗਿਆ ਹੈ, ਜਿਸ ਨਾਲ ਬੱਚੇ ਬਿਨਾਂ ਕਿਸੇ ਦਬਾਅ ਦੇ ਦੁਨੀਆ ਨੂੰ ਸਮਝ ਸਕਦੇ ਹਨ। ਵਿਗਿਆਨ ਅਤੇ ਵਾਤਾਵਰਣ ਤੋਂ ਲੈ ਕੇ ਸੱਭਿਆਚਾਰ ਅਤੇ ਮੌਜੂਦਾ ਘਟਨਾਵਾਂ ਤੱਕ, ਇਹ ਦੋਸਤਾਨਾ ਅਤੇ ਪਹੁੰਚਯੋਗ ਤਰੀਕੇ ਨਾਲ ਗਿਆਨ ਦੀ ਇੱਕ ਖਿੜਕੀ ਖੋਲ੍ਹਦਾ ਹੈ।

ਬੱਚਿਆਂ ਦੇ ਅਖਬਾਰ ਦੀ ਸਭ ਤੋਂ ਵੱਡੀ ਤਾਕਤ ਇਸਦੀ ਪੜ੍ਹਨ ਦੀ ਆਦਤ ਪੈਦਾ ਕਰਨ ਦੀ ਯੋਗਤਾ ਹੈ। ਇੱਕ ਅਜਿਹੇ ਸਮੇਂ ਵਿੱਚ ਜਦੋਂ ਸਕ੍ਰੀਨਾਂ ਅਕਸਰ ਬੱਚੇ ਦੇ ਧਿਆਨ 'ਤੇ ਹਾਵੀ ਹੁੰਦੀਆਂ ਹਨ, ਇੱਕ ਅਖਬਾਰ ਇੱਕ ਤਾਜ਼ਗੀ ਭਰਿਆ ਵਿਕਲਪ ਪੇਸ਼ ਕਰਦਾ ਹੈ। ਅਖ਼ਬਾਰ ਫੜਨ, ਉਸਦੇ ਪੰਨੇ ਪਲਟਣ ਅਤੇ ਨਵੀਆਂ ਕਹਾਣੀਆਂ ਦੀ ਖੋਜ ਕਰਨ ਦਾ ਸਪਰਸ਼ ਅਨੁਭਵ ਇਕਾਗਰਤਾ ਅਤੇ ਕਲਪਨਾ ਨੂੰ ਉਤਸ਼ਾਹਿਤ ਕਰਦਾ ਹੈ। ਡਿਜੀਟਲ ਸਕ੍ਰੌਲਿੰਗ ਦੇ ਉਲਟ, ਅਖਬਾਰ ਪੜ੍ਹਨਾ ਸਮੱਗਰੀ ਨਾਲ ਡੂੰਘੀ ਸ਼ਮੂਲੀਅਤ ਨੂੰ ਉਤਸ਼ਾਹਿਤ ਕਰਦਾ ਹੈ, ਬੱਚਿਆਂ ਨੂੰ ਸਮਝ ਅਤੇ ਆਲੋਚਨਾਤਮਕ ਸੋਚ ਦੇ ਹੁਨਰ ਵਿਕਸਤ ਕਰਨ ਵਿੱਚ ਮਦਦ ਕਰਦਾ ਹੈ।

ਇਸ ਤੋਂ ਇਲਾਵਾ, ਬੱਚਿਆਂ ਦਾ ਅਖਬਾਰ ਦੁਨੀਆ ਬਾਰੇ ਜਾਗਰੂਕਤਾ ਪੈਦਾ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦਾ ਹੈ। ਇਹ ਨੌਜਵਾਨ ਪਾਠਕਾਂ ਨੂੰ ਮੌਜੂਦਾ ਘਟਨਾਵਾਂ ਨਾਲ ਸੰਤੁਲਿਤ ਅਤੇ ਗੈਰ-ਧਮਕੀਦਾਰ ਤਰੀਕੇ ਨਾਲ ਜਾਣੂ ਕਰਵਾਉਂਦਾ ਹੈ। ਉਦਾਹਰਣ ਵਜੋਂ, ਜਲਵਾਯੂ ਪਰਿਵਰਤਨ, ਤਕਨੀਕੀ ਤਰੱਕੀ, ਜਾਂ ਸੱਭਿਆਚਾਰਕ ਵਿਭਿੰਨਤਾ ਵਰਗੇ ਵਿਸ਼ਿਆਂ ਨੂੰ ਸੰਵੇਦਨਸ਼ੀਲਤਾ ਅਤੇ ਸਪਸ਼ਟਤਾ ਨਾਲ ਪੇਸ਼ ਕੀਤਾ ਜਾਂਦਾ ਹੈ। ਇਹ ਸ਼ੁਰੂਆਤੀ ਸੰਪਰਕ ਬੱਚਿਆਂ ਨੂੰ ਵਿਸ਼ਵਵਿਆਪੀ ਮੁੱਦਿਆਂ ਬਾਰੇ ਵਧੇਰੇ ਜਾਗਰੂਕ ਹੋਣ ਵਿੱਚ ਮਦਦ ਕਰਦਾ ਹੈ ਅਤੇ ਉਹਨਾਂ ਨੂੰ ਸਮਾਜ ਵਿੱਚ ਆਪਣੀ ਭੂਮਿਕਾ ਬਾਰੇ ਸੋਚਣ ਲਈ ਪ੍ਰੇਰਿਤ ਕਰਦਾ ਹੈ।

ਸਿਰਜਣਾਤਮਕਤਾ ਇੱਕ ਹੋਰ ਖੇਤਰ ਹੈ ਜਿੱਥੇ ਬੱਚੇ ਅਖ਼ਬਾਰਾਂ ਵਿੱਚ ਉੱਤਮ ਹੁੰਦੇ ਹਨ। ਅਜਿਹੇ ਬਹੁਤ ਸਾਰੇ ਪ੍ਰਕਾਸ਼ਨਾਂ ਵਿੱਚ ਕਹਾਣੀਆਂ, ਕਵਿਤਾਵਾਂ, ਡਰਾਇੰਗਾਂ, ਪਹੇਲੀਆਂ ਅਤੇ ਬੱਚਿਆਂ ਦੁਆਰਾ ਦਿੱਤੇ ਗਏ ਕੁਇਜ਼ ਦੇ ਭਾਗ ਸ਼ਾਮਲ ਹਨ। ਇਹ ਨਾ ਸਿਰਫ਼ ਉਨ੍ਹਾਂ ਦੇ ਆਤਮਵਿਸ਼ਵਾਸ ਨੂੰ ਵਧਾਉਂਦਾ ਹੈ, ਸਗੋਂ ਉਨ੍ਹਾਂ ਨੂੰ ਮਾਲਕੀ ਅਤੇ ਭਾਗੀਦਾਰੀ ਦੀ ਭਾਵਨਾ ਵੀ ਦਿੰਦਾ ਹੈ। ਜਦੋਂ ਕੋਈ ਬੱਚਾ ਆਪਣਾ ਨਾਮ ਜਾਂ ਕੰਮ ਪ੍ਰਕਾਸ਼ਿਤ ਹੁੰਦਾ ਦੇਖਦਾ ਹੈ, ਤਾਂ ਇਹ ਇੱਕ ਡੂੰਘੀ ਪ੍ਰੇਰਣਾਦਾਇਕ ਅਨੁਭਵ ਹੋ ਸਕਦਾ ਹੈ, ਜੋ ਉਸਨੂੰ ਆਪਣੇ ਆਪ ਨੂੰ ਵਧੇਰੇ ਖੁੱਲ੍ਹ ਕੇ ਪ੍ਰਗਟ ਕਰਨ ਲਈ ਉਤਸ਼ਾਹਿਤ ਕਰਦਾ ਹੈ।

ਇਸ ਤੋਂ ਇਲਾਵਾ, ਬੱਚਿਆਂ ਦੇ ਅਖਬਾਰ ਅਕਸਰ ਨੌਜਵਾਨ ਪ੍ਰਾਪਤੀਆਂ, ਵਿਗਿਆਨੀਆਂ, ਕਲਾਕਾਰਾਂ ਅਤੇ ਸਮਾਜਿਕ ਕਰਮਚਾਰੀਆਂ ਦੀਆਂ ਪ੍ਰੇਰਨਾਦਾਇਕ ਕਹਾਣੀਆਂ ਨੂੰ ਉਜਾਗਰ ਕਰਦੇ ਹਨ। ਇਹ ਕਹਾਣੀਆਂ ਰੋਲ ਮਾਡਲ ਵਜੋਂ ਕੰਮ ਕਰਦੀਆਂ ਹਨ, ਬੱਚਿਆਂ ਨੂੰ ਦਿਖਾਉਂਦੀਆਂ ਹਨ ਕਿ ਸਮਰਪਣ ਅਤੇ ਮਿਹਨਤ ਨਾਲ ਕੀ ਸੰਭਵ ਹੈ। ਉਹ ਸਫਲਤਾ ਦੀਆਂ ਵਿਭਿੰਨ ਉਦਾਹਰਣਾਂ ਪੇਸ਼ ਕਰਕੇ, ਬੱਚਿਆਂ ਨੂੰ ਆਪਣੇ ਜਨੂੰਨਾਂ ਦਾ ਪਾਲਣ ਕਰਨ ਲਈ ਉਤਸ਼ਾਹਿਤ ਕਰਕੇ ਰੂੜ੍ਹੀਵਾਦੀ ਧਾਰਨਾਵਾਂ ਨੂੰ ਤੋੜਨ ਵਿੱਚ ਵੀ ਮਦਦ ਕਰਦੇ ਹਨ।

ਬੱਚਿਆਂ ਦੇ ਅਖਬਾਰ ਦਾ ਵਿਦਿਅਕ ਮੁੱਲ ਸਿੱਖਿਆ ਤੋਂ ਪਰੇ ਹੈ। ਇਹ ਹਮਦਰਦੀ, ਸੰਚਾਰ ਅਤੇ ਨੈਤਿਕ ਸੋਚ ਵਰਗੇ ਜ਼ਰੂਰੀ ਜੀਵਨ ਹੁਨਰਾਂ ਨੂੰ ਉਤਸ਼ਾਹਿਤ ਕਰਦਾ ਹੈ। ਸਮਾਜਿਕ ਮੁੱਦਿਆਂ, ਦਿਆਲਤਾ, ਟੀਮ ਵਰਕ ਅਤੇ ਸਮੱਸਿਆ-ਹੱਲ ਕਰਨ ਬਾਰੇ ਲੇਖ ਬੱਚਿਆਂ ਨੂੰ ਇੱਕ ਵਿਸ਼ਾਲ ਦ੍ਰਿਸ਼ਟੀਕੋਣ ਵਿਕਸਤ ਕਰਨ ਵਿੱਚ ਮਦਦ ਕਰਦੇ ਹਨ। ਉਹ ਵੱਖ-ਵੱਖ ਦ੍ਰਿਸ਼ਟੀਕੋਣਾਂ ਦਾ ਸਤਿਕਾਰ ਕਰਨਾ ਸਿੱਖਦੇ ਹਨ ਅਤੇ ਸਹਿਯੋਗ ਅਤੇ ਜ਼ਿੰਮੇਵਾਰੀ ਦੀ ਮਹੱਤਤਾ ਨੂੰ ਸਮਝਦੇ ਹਨ।

ਕਲਾਸਰੂਮ ਵਿੱਚ, ਬੱਚਿਆਂ ਦਾ ਅਖਬਾਰ ਇੱਕ ਕੀਮਤੀ ਸਿੱਖਿਆ ਸਰੋਤ ਹੋ ਸਕਦਾ ਹੈ। ਅਧਿਆਪਕ ਇਸ ਦੀ ਵਰਤੋਂ ਪਾਠਾਂ ਨੂੰ ਹੋਰ ਇੰਟਰਐਕਟਿਵ ਅਤੇ ਢੁਕਵਾਂ ਬਣਾਉਣ ਲਈ ਕਰ ਸਕਦੇ ਹਨ। ਉਦਾਹਰਣ ਵਜੋਂ, ਇੱਕ ਵਿਗਿਆਨ ਲੇਖ ਪਾਠ ਪੁਸਤਕ ਦੇ ਅਧਿਆਇ ਦੀ ਪੂਰਤੀ ਕਰ ਸਕਦਾ ਹੈ, ਜਦੋਂ ਕਿ ਇੱਕ ਖ਼ਬਰ ਸਮਾਜਿਕ ਅਧਿਐਨ ਦੀਆਂ ਕਲਾਸਾਂ ਵਿੱਚ ਚਰਚਾਵਾਂ ਨੂੰ ਜਨਮ ਦੇ ਸਕਦੀ ਹੈ। ਬਹਿਸਾਂ, ਪੇਸ਼ਕਾਰੀਆਂ ਅਤੇ ਰਚਨਾਤਮਕ ਲਿਖਤ ਵਰਗੀਆਂ ਗਤੀਵਿਧੀਆਂ ਨੂੰ ਅਖਬਾਰਾਂ ਦੀ ਸਮੱਗਰੀ ਦੇ ਆਲੇ-ਦੁਆਲੇ ਬਣਾਇਆ ਜਾ ਸਕਦਾ ਹੈ, ਜਿਸ ਨਾਲ ਸਿੱਖਣਾ ਵਧੇਰੇ ਗਤੀਸ਼ੀਲ ਅਤੇ ਮਜ਼ੇਦਾਰ ਹੋ ਜਾਂਦਾ ਹੈ। ਭਾਰਤੀ ਸੰਦਰਭ ਵਿੱਚ, ਬੱਚਿਆਂ ਦੇ ਅਖ਼ਬਾਰਾਂ ਦੀ ਮਹੱਤਤਾ ਖਾਸ ਤੌਰ 'ਤੇ ਮਹੱਤਵਪੂਰਨ ਹੈ। ਵਿਭਿੰਨ ਆਬਾਦੀ ਅਤੇ ਤੇਜ਼ੀ ਨਾਲ ਬਦਲ ਰਹੇ ਸਮਾਜ ਦੇ ਨਾਲ, ਨੌਜਵਾਨ ਨਾਗਰਿਕਾਂ ਨੂੰ ਉਨ੍ਹਾਂ ਦੀ ਸੱਭਿਆਚਾਰ, ਕਦਰਾਂ-ਕੀਮਤਾਂ ਅਤੇ ਜ਼ਿੰਮੇਵਾਰੀਆਂ ਬਾਰੇ ਸਿੱਖਿਅਤ ਕਰਨ ਦੀ ਲੋੜ ਹੈ। ਬੱਚਿਆਂ ਲਈ ਤਿਆਰ ਕੀਤੇ ਗਏ ਅਖ਼ਬਾਰ ਰਵਾਇਤੀ ਗਿਆਨ ਅਤੇ ਆਧੁਨਿਕ ਹਕੀਕਤਾਂ ਵਿਚਕਾਰ ਪਾੜੇ ਨੂੰ ਪੂਰਾ ਕਰ ਸਕਦੇ ਹਨ। ਉਹ ਬਹੁ-ਭਾਸ਼ਾਈ ਸਿੱਖਿਆ ਨੂੰ ਉਤਸ਼ਾਹਿਤ ਕਰ ਸਕਦੇ ਹਨ, ਸਥਾਨਕ ਕਹਾਣੀਆਂ ਦਾ ਜਸ਼ਨ ਮਨਾ ਸਕਦੇ ਹਨ, ਅਤੇ ਵਿਸ਼ਵਵਿਆਪੀ ਜਾਗਰੂਕਤਾ ਨੂੰ ਉਤਸ਼ਾਹਿਤ ਕਰਦੇ ਹੋਏ ਰਾਸ਼ਟਰੀ ਪਛਾਣ ਦੀ ਭਾਵਨਾ ਨੂੰ ਉਤਸ਼ਾਹਿਤ ਕਰ ਸਕਦਾ ਹੈ।

ਹਾਲਾਂਕਿ, ਬੱਚਿਆਂ ਦੇ ਅਖ਼ਬਾਰਾਂ ਦੀ ਸਫਲਤਾ ਬਦਲਦੇ ਸਮੇਂ ਦੇ ਅਨੁਕੂਲ ਹੋਣ ਦੀ ਉਨ੍ਹਾਂ ਦੀ ਯੋਗਤਾ 'ਤੇ ਨਿਰਭਰ ਕਰਦੀ ਹੈ। ਜਦੋਂ ਕਿ ਪ੍ਰਿੰਟ ਕੀਮਤੀ ਰਹਿੰਦਾ ਹੈ, ਡਿਜੀਟਲ ਪਲੇਟਫਾਰਮਾਂ ਨੂੰ ਜੋੜਨ ਨਾਲ ਪਹੁੰਚ ਅਤੇ ਸ਼ਮੂਲੀਅਤ ਵਧ ਸਕਦੀ ਹੈ। ਇੰਟਰਐਕਟਿਵ ਵਿਸ਼ੇਸ਼ਤਾਵਾਂ, ਆਡੀਓ-ਵਿਜ਼ੂਅਲ ਸਮੱਗਰੀ, ਅਤੇ ਔਨਲਾਈਨ ਭਾਗੀਦਾਰੀ ਅੱਜ ਦੀ ਤਕਨੀਕੀ-ਸਮਝਦਾਰ ਪੀੜ੍ਹੀ ਲਈ ਅਖ਼ਬਾਰਾਂ ਨੂੰ ਹੋਰ ਆਕਰਸ਼ਕ ਬਣਾ ਸਕਦੀਆਂ ਹਨ। ਟੀਚਾ ਪ੍ਰਿੰਟ ਨੂੰ ਬਦਲਣਾ ਨਹੀਂ ਹੋਣਾ ਚਾਹੀਦਾ, ਸਗੋਂ ਇਸਨੂੰ ਪੂਰਕ ਬਣਾਉਣਾ ਚਾਹੀਦਾ ਹੈ, ਇੱਕ ਸੰਤੁਲਿਤ ਅਤੇ ਭਰਪੂਰ ਅਨੁਭਵ ਪੈਦਾ ਕਰਨਾ ਚਾਹੀਦਾ ਹੈ।

ਬੱਚਿਆਂ ਨੂੰ ਅਖ਼ਬਾਰ ਪੜ੍ਹਨ ਲਈ ਉਤਸ਼ਾਹਿਤ ਕਰਨ ਵਿੱਚ ਮਾਪਿਆਂ ਦੀ ਵੀ ਮਹੱਤਵਪੂਰਨ ਭੂਮਿਕਾ ਹੁੰਦੀ ਹੈ। ਪੜ੍ਹਨ, ਲੇਖਾਂ 'ਤੇ ਚਰਚਾ ਕਰਨ ਅਤੇ ਆਪਣੇ ਬੱਚੇ ਦੇ ਵਿਚਾਰਾਂ ਵਿੱਚ ਦਿਲਚਸਪੀ ਦਿਖਾ ਕੇ, ਉਹ ਘਰ ਵਿੱਚ ਇੱਕ ਸਕਾਰਾਤਮਕ ਸਿੱਖਣ ਦਾ ਮਾਹੌਲ ਬਣਾ ਸਕਦੇ ਹਨ। ਜਦੋਂ ਬੱਚੇ ਬਾਲਗਾਂ ਨੂੰ ਪੜ੍ਹਨ ਅਤੇ ਜਾਣਕਾਰੀ ਪ੍ਰਾਪਤ ਕਰਨ ਦੀ ਕਦਰ ਕਰਦੇ ਦੇਖਦੇ ਹਨ, ਤਾਂ ਉਨ੍ਹਾਂ ਵਿੱਚ ਵੀ ਇਸੇ ਤਰ੍ਹਾਂ ਦੀਆਂ ਆਦਤਾਂ ਪੈਦਾ ਹੋਣ ਦੀ ਸੰਭਾਵਨਾ ਵੱਧ ਹੁੰਦੀ ਹੈ। ਇਸਦੇ ਬਹੁਤ ਸਾਰੇ ਫਾਇਦਿਆਂ ਦੇ ਬਾਵਜੂਦ, ਬੱਚਿਆਂ ਵਿੱਚ ਅਖ਼ਬਾਰ ਪੜ੍ਹਨ ਦਾ ਸੱਭਿਆਚਾਰ ਹੌਲੀ-ਹੌਲੀ ਘਟਦਾ ਜਾ ਰਿਹਾ ਹੈ।

ਇਸਦੇ ਬਹੁਤ ਸਾਰੇ ਫਾਇਦਿਆਂ ਦੇ ਬਾਵਜੂਦ, ਕੁਝ ਖੇਤਰਾਂ ਵਿੱਚ ਬੱਚਿਆਂ ਵਿੱਚ ਅਖ਼ਬਾਰਾਂ ਪੜ੍ਹਨ ਦਾ ਸੱਭਿਆਚਾਰ ਹੌਲੀ-ਹੌਲੀ ਘਟਦਾ ਜਾ ਰਿਹਾ ਹੈ। ਇਸ ਰੁਝਾਨ ਨੂੰ ਸਿੱਖਿਅਕਾਂ, ਮਾਪਿਆਂ, ਪ੍ਰਕਾਸ਼ਕਾਂ ਅਤੇ ਨੀਤੀ ਨਿਰਮਾਤਾਵਾਂ ਦੇ ਸਮੂਹਿਕ ਯਤਨਾਂ ਰਾਹੀਂ ਹੱਲ ਕਰਨ ਦੀ ਲੋੜ ਹੈ। ਬੱਚਿਆਂ ਦੇ ਅਖ਼ਬਾਰਾਂ ਨੂੰ ਕਿਫਾਇਤੀ, ਪਹੁੰਚਯੋਗ ਅਤੇ ਦਿਲਚਸਪ ਬਣਾਉਣਾ ਉਨ੍ਹਾਂ ਦੀ ਨਿਰੰਤਰ ਪ੍ਰਸੰਗਿਕਤਾ ਨੂੰ ਯਕੀਨੀ ਬਣਾਉਣ ਲਈ ਜ਼ਰੂਰੀ ਹੈ। ਸਿੱਟੇ ਵਜੋਂ, ਦ ਚਿਲਡਰਨਜ਼ ਨਿਊਜ਼ਪੇਅਰ ਕਹਾਣੀਆਂ ਅਤੇ ਤੱਥਾਂ ਦੇ ਸੰਗ੍ਰਹਿ ਤੋਂ ਕਿਤੇ ਵੱਧ ਹੈ।

ਇਹ ਗਿਆਨ, ਸਿਰਜਣਾਤਮਕਤਾ ਅਤੇ ਜਾਗਰੂਕਤਾ ਦਾ ਪ੍ਰਵੇਸ਼ ਦੁਆਰ ਹੈ। ਇਹ ਬੱਚਿਆਂ ਦੇ ਦੁਨੀਆ ਨੂੰ ਦੇਖਣ ਅਤੇ ਇਸ ਵਿੱਚ ਉਨ੍ਹਾਂ ਦੀ ਜਗ੍ਹਾ ਨੂੰ ਆਕਾਰ ਦਿੰਦਾ ਹੈ। ਪੜ੍ਹਨ, ਆਲੋਚਨਾਤਮਕ ਸੋਚ ਅਤੇ ਸਵੈ-ਪ੍ਰਗਟਾਵੇ ਨੂੰ ਉਤਸ਼ਾਹਿਤ ਕਰਕੇ, ਇਹ ਜੀਵਨ ਭਰ ਸਿੱਖਣ ਦੀ ਨੀਂਹ ਰੱਖਦਾ ਹੈ।

ਜਾਣਕਾਰੀ ਨਾਲ ਭਰੀ ਦੁਨੀਆਂ ਵਿੱਚ, ਬੱਚਿਆਂ ਨੂੰ ਸਿਰਫ਼ ਪਹੁੰਚ ਦੀ ਲੋੜ ਨਹੀਂ ਹੈ, ਸਗੋਂ ਮਾਰਗਦਰਸ਼ਨ ਦੀ ਵੀ ਲੋੜ ਹੈ। ਇੱਕ ਚੰਗੀ ਤਰ੍ਹਾਂ ਤਿਆਰ ਕੀਤਾ ਗਿਆ ਬੱਚਿਆਂ ਦਾ ਅਖਬਾਰ ਇਹ ਮਾਰਗਦਰਸ਼ਨ ਪ੍ਰਦਾਨ ਕਰਦਾ ਹੈ, ਜੋ ਨੌਜਵਾਨ ਪਾਠਕਾਂ ਨੂੰ ਸੋਚ-ਸਮਝ ਕੇ, ਸੂਚਿਤ ਅਤੇ ਜ਼ਿੰਮੇਵਾਰ ਵਿਅਕਤੀ ਬਣਨ ਵਿੱਚ ਮਦਦ ਕਰਦਾ ਹੈ। ਇਹ, ਹਰ ਅਰਥ ਵਿੱਚ, ਭਵਿੱਖ ਵਿੱਚ ਇੱਕ ਨਿਵੇਸ਼ ਹੈ ਇੱਕ ਸਮੇਂ ਵਿੱਚ ਇੱਕ ਪੰਨਾ।

Now Open New Banquet Hall in Sacramento
For more info: Contact Paul : (916)334-6000



ਰੋਜ਼ਮਾਰਰਾ ਦੀ ਜ਼ਰੂਰਤ ਦਾ ਹਰ ਸਾਮਾਨ ਮਿਲੇਗਾ ਇਕ ਹੀ ਜਗਾਹ ਤੇ

# Indian & Fijian Grocery Store



HOURS
10a.m - 8p.m

(209) 486-8233



ਇੱਥੇ ਪੱਗਾਂ, ਜਵੈਲਰੀ, ਧਾਰਮਿਕ ਫੋਟੋਆਂ, ਰੁਮਾਲਾ ਸਾਹਿਬ, ਪੂਜਾ ਦੀ ਸਮੱਗਰੀ, ਦਾਲਾਂ, ਨਮਕੀਨ, ਇੰਡੀਅਨ ਮੇਡ ਸਪੈਸ਼ਲ ਬਿਸਕੁਟ, ਤਾਜ਼ੀਆਂ ਸਬਜ਼ੀਆਂ, ਫਰੋਜ਼ਨ ਸਬਜ਼ੀਆਂ ਤੇ ਨਾਲ ਹੀ ਖਰੀਦਦਾਰੀ ਕਰ ਸਕਦੇ ਹੋ ਇੰਡੀਅਨ,ਪਾਕਿਸਤਾਨੀ ਤੇ ਫਿਜੀਆਨਾ ਗਰੋਸਰੀ




ਤਿਓਹਾਰਾਂ ਵਿੱਚ ਆਪਣੇ ਘਰ ਨੂੰ ਬਿਹਤਰੀਨ ਬਨਾਉਣ ਲਈ ਖਰੀਦ ਸਕਦੇ ਹੋ ਹਰ ਤਰ੍ਹਾਂ ਦੇ ਸਜਾਵਟ ਦਾ ਸਮਾਨ |

Ria Money Transfer

INDIA ਪੈਸੇ ਭੇਜਣ ਲਈ RIA MONEY TRANSFER ਦੀਆਂ ਸੇਵਾਵਾਂ ਤੁਸੀਂ ਸਾਡੇ ਸਟੋਰ ਤੋਂ ਲੈ ਸਕਦੇ ਹੋ

Address : 2015 Yosemite Blvd. Modesto CA

Website : www.indianfijianstore.wixsite.com/my-site-1 @indianfijiangrocery

ਸਾਡੇ ਦੂਜੇ ਸਟੋਰ ਦਾ ਪਤਾ NAV INDIAN MERCHANDISE GROCERY STORE 3230 MITCHELL ROAD, STE, C, CERES, CA 95307


Truck Parking Yard
ਟਰੱਕ PARK ਕਰਨ ਲਈ ਇੱਕ ਸੁਰੱਖਿਅਤ ਅਤੇ ਵਿਸ਼ਵਾਸਯੋਗ ਥਾਂ
• ਸਾਡੇ YARD ਨੂੰ LOCK ਵਾਲਾ GATE ਲੱਗਿਆ ਹੋਇਆ ਹੈ
• ਇੱਥੇ 24 ਘੰਟੇ ਸੁਰੱਖਿਆ GUARD ਦੀ ਡਿਊਟੀ ਰਹਿੰਦੀ ਹੈ
• ਸਾਰੇ ਇਲਾਕੇ ਦੀ ਨਿਗਰਾਨੀ ਕੈਮਰਿਆਂ ਰਾਹੀਂ ਹਰ ਵੇਲੇ ਕੀਤੀ ਜਾਂਦੀ ਹੈ
Truck Parking - Only $200 Monthly
Bobtail Parking - Only $100 Monthly
ਸਾਡੇ TRUCK YARD ਦੇ ਅੰਦਰ ਹੀ
ਟਰੱਕ Repair Shop ਅਤੇ TYRE SHOP ਵੀ
ਉਪਲਬਧ ਹੈ |
ਹੋਰ ਜਾਣਕਾਰੀ ਜਾਂ ਬੁਕਿੰਗ ਲਈ ਸੰਪਰਕ ਕਰੋ
Harbans Gill (209) 972-0013
1651 EAST Whitmore Ave, Ceres, CA 95307




ਸੁਆਦ ਜੋ ਦਿਲ ਜਿੱਤ ਲਵੇ !

# 'Sidhu Catering'

ਵਿਆਹ ਸ਼ਾਦੀ, ਰਿਸੈਪਸ਼ਨ, ਜਨਮਦਿਨ, ਧਾਰਮਿਕ ਸਮਾਗਮ
ਅਨੰਦ ਕਾਰਜ ਜਾਂ ਹੋਵੇ ਕੋਈ ਹੋਰ ਖੁਸ਼ੀ ਦਾ ਮੌਕਾ

1000 ਤੋਂ ਵੱਧ ਬੰਦਿਆਂ ਤੱਕ ਦੀ ਪੂਰੀ Catering ਉਪਲਬਧ

ਸ਼ੁੱਧ ਅਤੇ ਸੁਆਦੀ ਖਾਣਾ

ਟਿਫ਼ਨ ਸਰਵਿਸ ਉਪਲਬਧ ਹੈ

ਹਰ ਕਿਸਮ ਦੀ ਕਰਵਾਓ ਮਠਿਆਈ ਅਤੇ ਸੀਰਨੀ ਤਿਆਰ
ਅਸੀਂ ਕਰਾਂਗੇ ' ਹਰ ਕਿਸੇ ਦੇ ਰੇਟ ਨੂੰ ਬੀਟ '

California ਵਿੱਚ ਕਿਤੇ ਵੀ ਪਾਓ Catering ਦੀ ਸੇਵਾ



'Sidhu Catering' - ਤੁਹਾਡੇ ਪ੍ਰੋਗਰਾਮ ਨੂੰ ਬਣਾਵੇ ਯਾਦਗਾਰ !

ਅੱਜ ਹੀ ਕਾਲ ਕਰੋ ਤੇ ਆਪਣੀ Booking ਬੁਕਿੰਗ ਕਰਵਾਓ

ਸੰਪਰਕ ਨੰਬਰ ਨੋਟ ਕਰ ਲਓ : (559) 283-1311 | (510) 230-6107

# ਵਧਾਈ


ਵਿਆਹ ਦੇ ਕਈ ਸਾਲਾਂ ਬਾਅਦ ਮਾਸਟਰ ਰਘਵੀਰ ਸਿੰਘ ਦੇ ਘਰ ਪੁੱਤਰ ਨੇ ਜਨਮ ਲਿਆ ਸੀ। ਉਸ ਦੇ ਗੁਆਂਢੀ ਤੇ ਪਿੰਡ ਦੇ ਹੋਰ ਲੋਕ ਉਸ ਦੇ ਘਰ ਪੁੱਤਰ ਦੇ ਜਨਮ ਦੀਆਂ ਵਧਾਈਆਂ ਦੇਣ ਆ ਰਹੇ ਸਨ, ਪਰ ਉਸ ਦਾ ਗੁਆਂਢੀ ਪਰਮਜੀਤ , ਜਿਸ ਦੇ ਘਰ ਦਾ ਗੇਟ ਉਸ ਦੇ ਘਰ ਦੇ ਗੇਟ ਦੇ ਬਿਲਕੁਲ ਸਾਮ੍ਹਣੇ ਹੈ, ਵਧਾਈ ਦੇਣ ਨਾ ਆਇਆ। ਇੱਕ ਦਿਨ ਜਦੋਂ ਉਹ ਸਕੂਲ ਜਾਣ ਲਈ ਆਪਣੇ ਘਰ ਦੇ ਗੇਟ ਤੋਂ ਨਿਕਲਣ ਲੱਗਾ, ਤਾਂ ਉਸ ਦੀ ਨਜ਼ਰ ਪਰਮਜੀਤ ਤੇ ਪੈ ਗਈ, ਜੋ ਕਿ ਆਪਣੇ ਘਰ ਦੇ ਗੇਟ ਤੋਂ ਬਾਹਰ ਖੜ੍ਹਾ ਸੀ।" ਪਰਮਜੀਤ ਕੀ ਹਾਲ ਆ? ਤੂੰ ਮੈਨੂੰ ਵਧਾਈ ਦੇਣ ਵੀ ਨਹੀਂ ਆਇਆ? ਕੀ ਗੱਲ ਆ?" ਮਾਸਟਰ ਰਘਵੀਰ ਸਿੰਘ ਨੇ ਇੱਕੋ ਸਾਹੇ ਉਸ ਨੂੰ ਕਈ ਸਵਾਲ ਕਰ ਦਿੱਤੇ।

ਆਪਣੇ ਅੰਦਰ ਦੱਬੇ ਲਾਵੇ ਨੂੰ ਬਾਹਰ ਕੱਢਦਾ ਹੋਇਆ ਉਹ ਬੋਲਿਆ," ਮਾਸਟਰ ਜੀ, ਮੇਰਾ ਵੱਡਾ ਮੁੰਡਾ ਪਿੰਡ ਦੇ ਸਰਕਾਰੀ ਹਾਈ ਸਕੂਲ ਵਿੱਚ ਦਸਵੀਂ ਕਲਾਸ 'ਚ ਪੜ੍ਹਦਾ ਸੀ। ਮਾੜੇ ਮੁੰਡਿਆਂ ਦੀ ਸ਼ਹਿ ਤੇ ਉਹ ਇੱਥੋਂ ਲਾਗਲੇ ਪਿੰਡ ਦੇ ਸਕੂਲ ਵਿੱਚ ਪੜ੍ਹਨ ਲਈ ਸਰਟੀਫਿਕੇਟ ਲੈ ਗਿਆ, ਪਰ ਉਹ ਉੱਥੇ ਵੀ ਨਾ ਪੜ੍ਹਿਆ। ਮਾੜੇ ਮੁੰਡਿਆਂ ਦੀ ਸੰਗਤ ਵਿੱਚ ਪੈ ਕੇ ਉਹ ਨਸ਼ੇ ਕਰਨ ਲੱਗ ਪਿਆ ਆ। ਘਰ ਦੀ ਜੋ ਚੀਜ਼ ਉਸ ਨੂੰ ਦਿਸਦੀ ਆ, ਵੇਚਣ ਤੁਰ ਪੈਂਦਾ ਆ। ਕਿਸੇ ਨਾ ਕਿਸੇ ਬਹਾਨੇ ਨਸ਼ਾ ਕਰਨ ਲਈ ਪੈਸੇ ਮੰਗਦਾ ਰਹਿੰਦਾ ਆ। ਮੈਨੂੰ ਰੱਜ ਕੇ ਗਾਲ਼ਾਂ ਕੱਢਦਾ ਆ। ਉਹ ਮੋਟਰਸਾਈਕਲ ਲੈ ਕੇ ਪਤਾ ਨਹੀਂ ਕਿੱਥੇ ਕਿੱਥੇ ਘੁੰਮਦਾ ਰਹਿੰਦਾ ਆ। ਉਦ੍ਹੇ ਕਰਕੇ ਮੈਨੂੰ ਫੌਜ ਦੀ ਨੌਕਰੀ ਵੀ ਛੱਡਣੀ ਪਈ ਆ। ਮੈਂ ਤਾਂ ਉਦ੍ਹੇ ਵੱਲੋਂ ਬੜਾ ਦੁਖੀ ਆਂ। ਹਰ ਵੇਲੇ ਪ੍ਰੇਸ਼ਾਨ ਰਹਿੰਦਾ ਆਂ। ਹਰ ਵੇਲੇ ਡਰ ਲੱਗਾ ਰਹਿੰਦਾ ਆ ਕਿ ਕਿਤੇ ਕੁੱਝ ਕਰਕੇ ਨਾ ਆ ਜਾਵੇ। ਏਸੇ ਕਰਕੇ ਮੈਂ ਤੁਹਾਨੂੰ ਵਧਾਈ ਦੇਣ ਨਹੀਂ ਆਇਆ। ਰੱਬ ਇਹੋ ਜਿਹੇ ਪੁੱਤ ਕਿਸੇ ਨੂੰ ਨਾ ਦੇਵੇ। ਰੱਬ ਨੇ ਤੁਹਾਨੂੰ ਪੁੱਤਰ ਦੀ ਦਾਤ ਬਖਸ਼ੀ ਆ, ਬਹੁਤ ਖੁਸ਼ੀ ਦੀ ਗੱਲ ਆ। ਇਹ ਵੱਡਾ ਹੋ ਕੇ ਪੜ੍ਹ, ਲਿਖ ਕੇ ਚੰਗੇ ਕੰਮ ਕਰੇ, ਮਾੜੀ ਸੰਗਤ ਤੋਂ ਬਚ ਕੇ ਰਹੇ, ਮੇਰੀ ਰੱਬ ਅੱਗੇ ਇਹੋ ਦੁਆ ਆ।"



ਮਹਿੰਦਰ ਸਿੰਘ ਮਾਨ
ਸਲੋਹ ਰੋਡ, ਨਵਾਂ ਸ਼ਹਿਰ
99158-03554

# ਡਾਇਰੀ ਦਾ ਪੰਨਾ
## ਰੱਬੀ ਰੂਹ ਵਰਗੇ ਲੋਕ



ਅੰਮ੍ਰਿਤ ਵੇਲਾ ਹੈ। ਟਰੇਨ ਵਿਚ ਬੈਠਾ ਸਿਰਸਾ ਤੋਂ ਬਠਿੰਡਾ ਜਾ ਰਿਹਾ ਹਾਂ। ਅਹਿਮ ਗੱਲ ਕਿ ਸਿਰਸਾ ਆਇਆ ਹੀ ਪਹਿਲੀ ਵਾਰ ਹਾਂ। ਕਦੇ ਸਬੱਬ ਨਹੀਂ ਸੀ ਬਣਿਆ। ਵੈਸੇ ਸਿਰਸਾ ਦਾ ਨਾਂ ਦੁਨੀਆਂ ਭਰ ਵਿੱਚ ਉੱਘਾ ਹੈ। ਆਪਣੀ ਅੱਜ ਦੀ ਡਾਇਰੀ ਦਾ ਪੰਨਾ ਲਿਖਦਿਆਂ ਸੋਚ ਰਿਹਾ ਹਾਂ ਕਿ ਜੇ ਦੁਨੀਆਂ ਖੜੀ ਹੋਈ ਹੈ, ਤਾਂ ਉਹ ਰੱਬ ਵਰਗੇ ਲੋਕਾਂ ਕਰਕੇ ਹੀ ਹੈ, ਨਹੀਂ ਤਾਂ ਇਨਸਾਨ ਹੁਣ ਤੀਕ ਇਨਸਾਨ ਨੂੰ ਨੋਚ ਨੋਚ ਕੇ ਖਾ ਜਾਂਦਾ।

ਕਹਿੰਦੇ ਨੇ ਕਿ ਇਨਸਾਨ ਜਦ ਹੈਵਾਨ ਬਣਦਾ ਹੈ, ਈਸ਼ਵਰ ਪ੍ਰੇਸ਼ਾਨ ਹੋ ਜਾਂਦਾ ਹੈ ਤੇ ਫਿਰ ਉਹ ਆਪਣੇ ਵਰਗੇ ਬੰਦਿਆਂ ਨੂੰ ਕਹਿੰਦਾ ਹੈ ਕਿ ਜਾਓ, ਦੁਖੀਆਂ ਦਾ ਦੁਖ ਨਿਵਾਰੋ। ਟੁੱਟਿਆਂ ਨੂੰ ਜੋੜੋ। ਰੋਂਦਿਆਂ ਨੂੰ ਗਲੇ ਲਗਾਓ। ਧੀਰਜ ਵੰਡੋ। ਪ੍ਰੇਮ ਭਾਵਨਾ ਬਲਵਾਨ ਕਰੋ। ਇਹ ਸੱਚ ਹੈ ਕਿ ਮੈਂ 10 ਸਾਲ ਦੀ ਉਮਰੇ ਘਰੋਂ ਨਿਕਲਿਆ। ਅਜ 41 ਸਾਲ ਹੋ ਗਏ ਨੇ, ਸਫਰ ਦਰ ਸਫਰ। ਪੈਰ ਪਹੀਏ ਬਣੇ ਚਲੇ ਆ ਰਹੇ ਨੇ। ਪੈਰ ਟਾਈਰ ਬਣ ਗਏ ਕਹਿਣਾ ਬਣਦਾ ਹੈ। ਹੁਣ ਸਿਰਸਾ ਆਇਆ ਤਾਂ ਦੋ ਦਿਨ ਬੜੇ ਖੂਬਸੂਰਤ ਸਨ। ਚੌਧਰੀ ਦੇਵੀ ਲਾਲ ਯੂਨੀਵਰਸਿਟੀ ਆਇਆ ਸਾਂ। ਇਕ ਸੈਮੀਨਾਰ ਸੀ। ਯੂਨੀਵਰਸਿਟੀ ਦੇ ਖੂਬਸੂਰਤ ਵਾਤਾਵਰਣ ਨੇ ਖੂਬ ਮਨ ਮੋਹਿਆ। ਹਰ ਬੰਦਾ ਆਪਣੇ ਕੰਮ ਵਿਚ ਰੁਚਿਤ। ਮਾਲੀਆਂ ਤੋਂ ਲੈਕੇ ਫੁੱਲ ਬੂਟੇ ਵੀ ਰੁੱਝੇ ਰੁੱਝੇ ਜਾਪਣ ਲੱਗੇ। ਜਿਥੇ ਰੱਬ ਵਰਗੇ ਬੰਦੇ ਪ੍ਰਬੰਧ ਚਲਾਉਂਦੇ ਹੋਣ, ਉਥੇ ਵਾਤਾਵਰਣ ਆਪੇ ਸੁਖਦ ਭਰਿਆ ਤੇ ਸੋਹਣਾ ਸੋਹਣਾ ਹੋ ਜਾਂਦਾ ਹੈ। ਜੁਗ ਜੁਗ ਜੀਵੇ ਨਿਮਰਤਾ ਦਾ ਪੁੰਜ ਡਾ ਪ੍ਰੋ ਵਿਜੈ ਕੁਮਾਰ ਵਾਈਸ ਚਾਂਸਲਰ।

ਪਤਾ ਨਹੀ ਕਿਸ ਮਿੱਟੀ ਦੇ ਬਣੇ ਨੇ ਡਾ ਵਿਜੈ ਜੀ, ਸਲੀਕਾ, ਖੁਸ਼ਮਜਾਜੀ, ਸਹਿਣਸ਼ੀਲਤਾ ਤੇ ਸਰਲਤਾ ਦੇਖਕੇ ਵਾਰ ਵਾਰ ਮਹਿਸੂਸ ਹੋਇਆ ਹੈ ਕਿ ਇਹੋ ਜਿਹੇ ਪ੍ਰਬੰਧਕ ਤੇ ਮੁਖੀ ਜੇਕਰ ਸਾਰੇ ਅਦਾਰਿਆਂ ਵਿੱਚ ਸ਼ਸ਼ੋਭਿਤ ਹੋਣ, ਸਾਡੇ ਰਾਜ ਬਾਹਰਲੇ ਮੁਲਕਾਂ ਵਰਗੇ ਹੋ ਜਾਣਗੇ। ਚੰਗੇ ਬੰਦੇ ਆਪਣੀ ਨਿੱਗਰ ਤੇ ਉਸਾਰੂ ਸੋਚ ਨਾਲ ਮੰਦੇ ਥਾਂ ਨੂੰ ਵੀ ਭਾਗ ਲਾ ਦਿੰਦੇ ਹਨ। ਅਗਲੀ ਵਾਰ ਆਇਆ ਤਾਂ ਸਰਸਾ ਨਦੀ ਦੇ ਦਰਸ਼ਨ ਕਰਨ ਜਾਵਾਂਗਾ, ਜਿਥੇ ਵਿਛੋੜੇ ਪਏ ਸਨ। ਉਨਾਂ ਵਿਛੋੜਿਆਂ ਤੇ ਕੁਰਬਾਨੀਆਂ ਕਾਰਣ ਹੀ ਅਸੀਂ ਜੀਵੰਤ ਹਾਂ। ਖੈਰ ਜੀ। ਸਿਰਸਾ ਤੋਂ ਵਾਪਸੀ ਬੜੀ ਸਹਿਜ ਹੈ। ਅਜ ਡਾਇਰੀ ਦਾ ਪੰਨਾ ਏਨਾ ਹੀ। ਬਾਕੀ ਫੇਰ।



ਨਿੰਦਰ ਘੁਗਿਆਣਵੀ

LARRY T. NIERMEYER
Attorney at Law



OFFERING SERVICES IN THE FOLLOWING AREAS

1. Divorce/Family law
2. Restraining Orders
3. Criminal Matters
4. Driving Under Influence (DUI)
5. Work Injury/Car Injury
6. Defamation Cases
7. Personal Injury
8. Wrongful Death
9. Civil Litigation





PHONE: (209) 574-9447
1420 F STREET ST_ 2ND FLOOR MODESTO, CA 95354
Email : ltniermeyer@aol.com


Imperial Spice
Resturant Bar & Banquet Hall
Vibrant flavors of
North and South Indian cuisine.
IMPERIAL SPICE
OPEN
10am to 10pm
ਸੋਮਵਾਰ ਤੋਂ ਬੁੱਧਵਾਰ 10am to 3pm
Lunch Buffett
ਸਿਰਫ ਤੇ ਸਿਰਫ
$14.99
SPECIAL
Fish Pakora
$4.99
ਜੇਕਰ ਤੁਸੀਂ $100 ਤੋ ਵੱਧ ਖਰਚਦੇ ਹੋ ਤਾਂ 1 ਪਲੈਟ ਪਾਣੀਪੁਰੀ FREE
OPEN
7 DAYS
A WEEK
ਮੰਗਲਵਾਰ ਨੂੰ ਖਾਸ ਸਪੈਸ਼ਲ Buffet $12.99
ਰਾਤੀ Dinner ਸਮੇਂ 5 ਜਾਂ 5 ਤੋਂ ਵੱਧ ਬੰਦਿਆਂ ਦੇ
ਖਾਣਾ ਖਾਣ 'ਤੇ ਹੋਵੇਗਾ 10% discount
ਸਿਰਫ ਮੰਗਲਵਾਰ ਨੂੰ hard liquor ਦੀਆਂ ਕੁਝ items ਦੇ shot ਦੀ ਕੀਮਤ ਹੋਵੇਗੀ ਸਿਰਫ $8
PACKAGE DEALS AVAILABLE
Spacious Banquet Hall
Professional Decoration
DJ & Special Security Available
5000 ਬੰਦਿਆਂ ਤੱਕ ਦੀ
Catering ਦਾ ਪ੍ਰਬੰਧ
ਅਸੀਂ ਦੇਸੀ ਘਿਉ ਦੀਆਂ ਹਰ ਤਰ੍ਹਾਂ ਦੀਆਂ ਮਿਠਾਈਆਂ ਵੀ ਬਣਾਉਂਦੇ ਹਾਂ
ਅਤੇ ਵਿਆਹ ਸ਼ਾਦੀਆਂ ਵਾਸਤੇ ਵੱਡੇ ਆਡਰ ਵੀ ਮਿਠਾਈਆਂ ਦੇ ਲੈਂਦੇ ਹਾਂ ।
Sonu (209) 595-8596 Goutam (209) 494-9404
430 W Grant Line Rd Tracy, CA 95376


ATWAL
IMMIGRATION SERVICES
ATWAL
TAX & IMMIGRATION
— SERVICES —
FAMILY PETITIONS
NATURALIZATION (US CITIZENSHIP)
GREEN CARD RENEW
WORK PERMIT RENEW
AFFIDAVIT OF SUPPORT
INDIAN AND US PASSPORT RENEW
INDIAN VISA
OCI
E-VISA
INDIAN PASSPORT SURRENDER
ਦੇਰ ਨਾ ਕਰੋ, ਹੁਣੇ ਮਿਲੋ TAX ਅਤੇ ਹੋਰ ਵਧੇਰੀਆਂ
IMMIGRATION SERVICES ਲਈ
TONY
ATWAL
ਵਧੇਰੇ ਜਾਣਕਾਰੀ ਤੁਸੀਂ ਲੈ ਸਕਦੇ ਹੋ
iservice1416@gmail.com
ਜਾਂ ਫ਼ਿਰ ਸਾਡੀ WEBSITE
www.atwaltaximmigrationservices.com
ADDRESS 1
119 N Maple Ave, Ste B,Manteca, CA,95336 Manteca
(209) 505-6384
ADDRESS 2
2800 Mitchell Rd,Ste.W,Ceres ,CA 95307, Ceres
(209) 568-9682

# CAPITAL SERVICES

INSURANCE | VEHICLE REG. | IMMIGRATION | NOTARY PUBLIC | LIVE SCAN

ਸੈਕਰਾਮੈਂਟੋ, ਕੈਲੀਫੋਰਨੀਆ

**AUTO · HOME · TRUCK · BUSINESS · LIFE · MEDICAL**

## ਪਾਸਪੋਰਟ / ਵੀਜ਼ਾ

* ਓ ਸੀ ਆਈ
* ਸਰੰਡਰ ਸਰਟੀਫਿਕੇਟ, ਪੈਨ ਕਾਰਡ
* ਫੈਮਲੀ ਪਟੀਸ਼ਨ * ਗਰੀਨ ਕਾਰਡ
* ਸਿਟੀਜ਼ਨ * ਵਸੀਅਤ *Living Trust
* ਫੈਮਲੀ ਪਟੀਸ਼ਨ *Legal Documents

The Attorney has 25 years of experience in your favor for all legal services.

## Vehicle Registration

(Approved by CA DMV)

* ਕਾਰ ਸਟਿੱਕਰ ਸਲਾਨਾ
* ਕਾਰ ਟਰਾਂਸਫਰ
* ਪਲੇਟਾਂ ਤੇ ਸਟਿੱਕਰ
* ਕਮਰਸ਼ੀਅਲ ਵਹੀਕਲ
* Vin Verification

Lic.43779

## Other Services

* Live Scan / Fingerprints
* Covered California.
* Drug Testing * Alcohol Test
* Notary Services
* International Driver Lic.

Lic. 6000947



**Office Ph.(916) 427-4321**

6624 FLORIN ROAD, SACRAMENTO CA, 95828

FAX: 916)258-0441, Cell: (916)308-7997

Email: sacramento99@yahoo.com Website: www.capitalservices.us



Capital DRUG TESTING

# CAPITAL DRUG TESTING

## Drug and Alcohol Test

## DOT / NON DOT

**PRE EMPLOYMENT - RANDOM**
**POST ACCIDENT - REASONABLE SUSPICION**

**Services: DOT Random Prog., FMCSA Clearinghouse, DOT Supervisor Training, SAP Classes Etc.**

**Lab. Ph:(916) 680-9293**

6624 Florin Road
Sacramento CA, 95828

Email: capitaldrugtest@gmail.com
Website: www.capitaldrugtest.com



ਹਰੇ ਟਰੱਕਾਂ ਵਾਲਿਆਂ ਦੇ ਨਾਂਅ ਨਾਲ ਜਾਣੇ ਜਾਂਦੇ

# SMARTWAY EXPRESS INC.



Trucking ਵਿੱਚ ਲੰਬੇ ਸਮੇਂ ਦੇ ਤਜ਼ੁਰਬੇਕਾਰ

**Paul Sahota**

ਓਨਰ ਓਪਰੇਟਰਾਂ ਤੇ ਟੀਮ ਡਰਾਈਵਰਾਂ ਦੀ ਲੋੜ
ਤਜ਼ਰਬਾ ਘੱਟੋ-ਘੱਟ 1 ਸਾਲ
ਇੱਥੇ ਟੀਮ ਡਰਾਈਵਰਾਂ ਨੂੰ 60 ਸੇਂਟ ਅਤੇ ਸੋਲੋ ਡਰਾਇਵਰਾਂ ਨੂੰ 52 ਸੇਂਟ ਪ੍ਰਤੀ ਮੀਲ ਦਿੱਤੇ ਜਾਂਦੇ ਹਨ ਤੇ ਸਾਲ ਦੇ ਆਖੀਰ 'ਚ W-2 ਦਿੱਤਾ ਜਾਂਦਾ ਹੈ

ਜੇਕਰ ਤੁਸੀਂ ਚਾਹੁੰਦੇ ਹੋ ਟਰੱਕ ਖਰੀਦਣਾ ਜਾਂ ਸਾਡੇ ਨਾਲ ਕੰਮ ਕਰਨਾ ਤਾਂ ਅਸੀਂ ਤੁਹਾਡੀ ਪੂਰੀ ਮਦਦ ਕਰਾਂਗੇ

ਕਿਸੇ ਵੀ ਤਰ੍ਹਾਂ ਦੀ ਜਾਣਕਾਰੀ ਜਾਂ ਕੰਮ ਲਈ ਸਾਨੂੰ ਫੋਨ ਕਰੋ
ਫੋਨ : (559) 653-8130, 774-243-4154

SmartWay Express 3545 Date Avenue Fresno, CA 93725
ਈ-ਮੇਲ: newtrucks@smartwayexp.com

ਵਕਤ ਬਦਲ ਚੁੱਕਾ ਹੈ, ਵਕਤ ਦੇ ਨਾਲ ਬਦਲ ਚੁੱਕੇ ਨੇ Entertainment ਦੇ ਸਾਧਨ ਵੀ

e-Baba Entertainment App ਨੂੰ Download ਕਰੋ।




ਹੁਣ ਕਿਸੇ ਵੀ Company ਦੇ ਬਣੇ Android TV 'ਚ eBaba App ਡਾਊਨਲੋਡ ਕਰੋ ਜਾਂ ਸਮਾਰਟ TV ਦੀ HDMI Port 'ਚ Google TV Dongle ਲਾਵੋ ਤੇ eBaba ਡਾਊਨਲੋਡ ਕਰਕੇ ਰਿਮੋਟ ਦੀ ਵਰਤੋਂ ਰਾਹੀਂ, ਵੱਡੀ TV Screen ਉਤੇ ਬਹੁਤ ਸਾਰੇ English, Punjabi, Hindi ਅਤੇ Urdu ਦੇ TV Channel ਫ੍ਰੀ 'ਚ ਵੇਖੋ ਅਤੇ ਰੇਡੀਓ 'ਚ ਸੁਣੋ, also eBaba Entertainment App available for your ਸਮਾਰਟ phone on app store and Play store.




Cast Dongle ਦੀ ਮਦਦ ਨਾਲ ਆਪਣੀ ਪਸੰਦੀਦਾ TV Channel ਜਾਂ Movies ਆਪਣੇ TV 'ਤੇ ਵੀ ਦੇਖ ਸਕਦੇ ਹੋ ਅਤੇ Drive ਕਰਦੇ ਵੇਲੇ Bluetooth ਨਾਲ ਰੇਡਿਓ ਵੀ ਸੁਣ ਸਕਦੇ ਹੋ।




ਇਸ ਲਈ ਜਲਦੀ ਤੋਂ ਜਲਦੀ ਇਹ App Download ਕਰੋ ਅਤੇ ਆਪਣੇ ਦੋਸਤਾਂ ਨਾਲ ਵੀ ਇਹ ਜਾਣਕਾਰੀ Share ਕਰੋ।


JASPREET SINGH
ATTORNEY AT LAW USA
JASPREET SINGH ATTORNEY AT LAW USA
SPECIALIZES IN IMMIGRATION LAW MATTERS , POLITICAL ASYLUM , DEPORTATION
DEFENSE , GREEN CARDS , MARRIAGE , CITIZENSHIP, P3 AND E-2 VISAS
LAW OFFICES IN NY , NJ AND CALIFORNIA
SACRAMENTO, CA
5855 AUBURN BLVD,
SACRAMENTO, CA 95841
+1-917-915-4142
FREMONT, CA
3155 KEARNEY ST, SUITE
#248, FREMONT, CA 94538
+1-510-657-6444
NEW YORK, NY
108-14 JAMAICA AVENUE,
RICHMOND HILL, NY 11418
+1-718-533-8444
FRESNO, CA
1625 E SHAW AVE #122,
FRESNO, CA 93711
+1-559-271-5511
NEW JERSEY, NJ
2060 OAK TREE ROAD #1,
EDISON, NEW JERSEY, 08820
+1-732-453-6699
LOS ANGELES, CA
1013 N BEGONIA AVE,
ONTARIO, CA 91762
+1-917-915-4142
CONTACT
+1-917-915-4142
Jaspreetsinghlaoffice@gmail.com


Arrested ?
DUI ?
Drug Charges ?
Gun Violation ?
Ghuman Law Group
GHUMAN LAW GROUP
Get the Legal Defence you Deserve.
Why Choose Us?
Trusted Legal Experts
Personalized Strategies
Proven Track Record
Criminal Defence Law
• DUI / DWI Defense
• Drug Charges
• Domestic Violence Defense
• Assault & Battery Defense
• Theft / Fraud / Financial Crimes
• Probation Violations
Contact Us
info@ghumanlawgroup.com
ghumanlawgroup.org
+1 228-200-0001

GHUMAN
LAW GROUP INC.

# Ghuman Law Group

## ਤੁਹਾਡੇ ਲਈ ਲੈ ਕੇ ਆਏ ਨੇ
## AMERICA ਵਿੱਚ
## BUSINESS ਕਰਨ ਦਾ ਸੁਨਿਹਰੀ ਮੌਕਾ !

ਜੇਕਰ ਤੁਸੀਂ Canada, England, Australia, New Zealand, Europe ਜਾਂ ਕਿਸੇ ਹੋਰ ਦੇਸ਼ ਦੇ ਨਾਗਰਿਕ ਹੋ

**ਆਓ E-2 Investor Visa ਰਾਹੀਂ**

ਸਿਰਫ $25,000 ਦੀ ਘੱਟੋ-ਘੱਟ Investment
ਜੇ ਹੋਰ ਵੱਧ invest ਕਰਨਾ ਚਾਹੋ, ਉਹ ਵੀ ਸੰਭਵ






**GHUMAN LAW GROUP**
**ਤੁਹਾਡੀ ਕੰਪਨੀ ਸੈੱਟ ਕਰਵਾਉਣ 'ਚ ਪੂਰੀ ਮਦਦ ਕਰੇਗਾ**



**ਇਮੀਗਰੇਸ਼ਨ ਸਬੰਧੀ ਸਾਰਾ Paperwork ਅਸੀਂ ਕਰਾਂਗੇ**

**ਪਰਿਵਾਰ ਸਮੇਤ ਆਉਣ ਦਾ ਵਧੀਆ ਮੌਕਾ**



- 2 ਸਾਲ ਦਾ Work Permit
- Spouse ਨੂੰ ਮਿਲੇਗਾ Open Work Permit
- ਬੱਚਿਆਂ ਲਈ ਸਕੂਲ ਜਾਣ ਦੀ ਇਜਾਜ਼ਤ
- ਹਰ 2 ਸਾਲ ਬਾਅਦ Work Permit Renew ਕਰਵਾ ਸਕਦੇ ਹੋ

**ਜਿੰਨਾ ਚਾਹੋ, ਅਮਰੀਕਾ ਵਿੱਚ ਰਹਿ ਕੇ ਆਪਣਾ ਬਿਜ਼ਨਸ ਚਲਾ ਸਕਦੇ ਹੋ**

MON - FRI, 9:00 AM - 3:00 PM

+1 (223) 300-0001 | www.ghumanlawgroup.org

2450 VENTURE OAKS WAY, STE 225 SACRAMENTO, CA

# ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਮਹਾਰਾਜ-ਸਰਲ ਵਿਆਖਿਆ

**ਅੰਕ 199**

ਗਉੜੀ ਮਹਲਾ ੫ ॥ ।

ਸੋ ਕਿਛੁ ਕਰਿ ਜਿਤੁ ਮੈਲੁ ਨ ਲਾਗੈ ॥ ਹਰਿ ਕੀਰਤਨ ਮਹਿ ਏਹੁ ਮਨੁ ਜਾਗੈ ॥੧॥ ਰਹਾਉ ॥ ਏਕੋ ਸਿਮਰਿ ਨ ਦੂਜਾ ਭਾਉ ॥ ਸੰਤਸੰਗਿ ਜਪਿ ਕੇਵਲ ਨਾਉ ॥੧॥ ਕਰਮ ਧਰਮ ਨੇਮ ਬ੍ਰਤ ਪੂਜਾ ॥ ਪਾਰਬ੍ਰਹਮ ਬਿਨੁ ਜਾਨੁ ਨ ਦੂਜਾ ॥੨॥ ਤਾ ਕੀ ਪੂਰਨ ਹੋਈ ਘਾਲ ॥ ਜਾ ਕੀ ਪ੍ਰੀਤਿ ਅਪੁਨੇ ਪ੍ਰਭ ਨਾਲਿ ॥੩॥ ਸੋ ਬੈਸਨੋ ਹੈ ਅਪਰ ਅਪਾਰੁ ॥ ਕਹੁ ਨਾਨਕ ਜਿਨਿ ਤਜੇ ਬਿਕਾਰ ॥੪॥੯੬॥੧੬੫॥ {ਪੰਨਾ 199}

ਭਾਵ ਅਰਥ:-

ਹੇ ਬੰਦਿਆ ! ਉਹ ਕਰਮ ਕਰ ਜਿਸ ਦੇ ਕਰਨ ਨਾਲ ਮਨ ਮੈਲਾ ਨਾ ਹੋਵੇ ।ਅਜਿਹਾ ਕਰਮ ਉਸ ਹਰਿ ਕਰਤਾਰ ਪ੍ਰਭੂ ਦਾ ਸ਼ਬਦ ਕੀਰਤਨ ਕਰਨ ਤੋਂ ਵਧੀਆ ਕੁਝ ਹੋਰ ਨਹੀਂ ,ਜਿਸ ਵਿੱਚ ਮਨ ਦੀ ਜਾਗਰਤੀ ਆਉਂਦੀ ਹੈ ਚਾਨਣਾ ਹੁੰਦਾ ਹੈ ਰੋਸ਼ਨੀ ਹੁੰਦੀ ਹੈ॥੧॥ ਰਹਾਉ॥

ਹੇ ਭਾਈ ਸੱਚਾ ਸੰਗ ਕਰ, ਗੁਰੂ ਜਨਾਂ ਦਾ ਸੰਗ ਕਰ, ਜਿਸ ਵਿੱਚ ਇਕੋ ਹੀ ਪਰਮਾਤਮਾ ਨੂੰ ਯਾਦ ਕੀਤਾ ਜਾਂਦਾ ਹੈ ਕਿਸੇ ਦੂਜੇ ਭਾਵਾਂ(ਮਾਇਆ ਅਤੇ ਵਿਕਾਰ) ਦੀ ਗੱਲ ਨਹੀਂ ਕੀਤੀ ਜਾਂਦੀ॥੧॥

ਭਾਵੇਂ ਤੂੰ ਨਿਤਾ ਪ੍ਰਤੀ ਧਰਮ ਕਰਮ ਦੇ ਕੰਮ ਕਰਦਾ ਹੈਂ, ਨੇਮ ਨਾਲ ਪੂਜਾ ਵਰਤ ਆਦਿ ਰੱਖਦਾ ਹੈਂ ਪਰ ਉਸ ਪਾਰਬ੍ਰਹਮ ਪ੍ਰਭੂ ਦੇ ਨਾਮ ਤੋਂ ਬਗੈਰ ਸਾਰੀਆਂ ਚੀਜ਼ਾਂ ਦੂਜੇ ਭਾਵ ਵਿੱਚ ਆਉਂਦੀਆਂ ਹਨ॥੨॥

ਉਸੇ ਬੰਦੇ ਦੀ ਘਾਲਣਾ ਮਿਹਨਤ ਸੰਪੂਰਨ ਹੁੰਦੀ ਹੈ, ਜਿਸ ਦਾ ਧਿਆਨ ਆਪਣੇ ਸੱਚੇ ਪ੍ਰਭੂ ਪਰਮਾਤਮਾ ਦੇ ਨਾਮ ਸਿਮਰਨ ਵਿੱਚ ਜੁੜਦਾ ਹੈ॥੩॥

ਸੱਚੇ ਪਾਤਸ਼ਾਹ ,ਗੁਰੂ ਨਾਨਕ ਦੇਵ ਦੀ ਪੰਜਵੀਂ ਜੋਤ ਫਰਮਾਉਂਦੇ ਹਨ ! ਜਿਸ ਨੇ ਮਾੜੇ ਕੰਮ ਤਿਆਗ ਦਿੱਤੇ ਉਹ ਪੂਰਨ ਵੈਸ਼ਨੋ ਰੂਪੀ ਹੋ ਗਿਆ॥੪॥

ਗਉੜੀ ਮਹਲਾ ੫ ॥

ਜੀਵਤ ਛਾਡਿ ਜਾਹਿ ਦੇਵਾਨੇ ॥ ਮੁਇਆ ਉਨ ਤੇ ਕੋ ਵਰਸਾਂਨੇ ॥੧॥ ਸਿਮਰਿ ਗੋਵਿੰਦੁ ਮਨਿ ਤਨਿ ਧੁਰਿ ਲਿਖਿਆ ॥ ਕਾਹੂ ਕਾਜ ਨ ਆਵਤ ਬਿਖਿਆ ॥੧॥ ਰਹਾਉ ॥ ਬਿਖੈ ਠਗਉਰੀ ਜਿਨਿ ਜਿਨਿ ਖਾਈ ॥ ਤਾ ਕੀ ਤ੍ਰਿਸਨਾ ਕਬਹੂੰ ਨ ਜਾਈ ॥੨॥ ਦਾਰਨ ਦੁਖ ਦੁਤਰ ਸੰਸਾਰੁ ॥ ਰਾਮ ਨਾਮ ਬਿਨੁ ਕੈਸੇ ਉਤਰਸਿ ਪਾਰਿ ॥੩॥ ਸਾਧਸੰਗਿ ਮਿਲਿ ਦੁਇ ਕੁਲ ਸਾਧਿ ॥ ਰਾਮ ਨਾਮ ਨਾਨਕ ਆਰਾਧਿ ॥੪॥੯੭॥੧੬੬॥ {ਪੰਨਾ 199}

ਭਾਵ ਅਰਥ:-

ਹੇ ਪਗਲੇ ਬੰਦੇ ! ਜੇ ਤੂੰ ਜਿਉਂਦਿਆਂ ਨਾਮ ਦਾ ਲਾਹਾ ਨਹੀਂ ਲੈ ਸਕਿਆ ਤਾਂ ਮਰਨ ਤੋਂ ਬਾਅਦ ਕੀ ਲੈ ਸਕਦਾ ਹੈਂ॥੧॥

ਜੇ ਤੇਰੇ ਭਾਗਾਂ ਵਿੱਚ ਉਹਦਾ ਨਾਮ ਸਿਮਰਨ ਲਿਖਿਆ ਹੋਇਆ ਹੋਵੇਗਾ ਤਾਂ ਕਿਸੇ ਤਰ੍ਹਾਂ ਦਾ ਝੂਠ ਪਾਪ ਵਿਕਾਰ ਤੇਰੇ ਅੱਗੇ ਨਹੀਂ ਆਏਗਾ॥੧॥ ਰਹਾਉ॥

ਇਹ ਮਾਇਆ ਦੀ ਜਹਿਰ ਰੂਪੀ ਠੱਗ ਬੂਟੀ ਜਿਨੇ ਜਿਨੇ ਆਪਣੇ ਜੀਵਨ ਵਿੱਚ ਉਤਾਰ ਲਈ, ਉਸ ਦੀ ਭੁੱਖ ਹੋਰ ਵਧ ਗਈ ਅਤੇ ਅਸੀਮਤ ਹੋ ਗਈ॥੨॥

ਇਹ ਸੰਸਾਰ ਇੱਕ ਅਜਿਹਾ ਸਮੁੰਦਰ ਹੈ, ਜਿਹੜਾ ਦਲਿੱਦਰ ,ਦੁੱਖ, ਸੰਤਾਪਾਂ ਨਾਲ ਭਰਿਆ ਹੋਇਆ ਹੈ। ਇਸ ਨੂੰ ਬਿਨਾਂ ਅਕਾਲ ਪੁਰਖ ਦੀ ਸਿਫਤ ਸਲਾਹ ਦੇ ਨਹੀਂ ਪਾਰ ਉੱਤਰਿਆ ਜਾ ਸਕਦਾ॥੩॥

ਹੇ ਭਾਈ ! ਗੁਰੂ ਨਾਨਕ ਦੇਵ ਜੀ ਦੀ ਪੰਜਵੀਂ ਜੋਤ ਫਰਮਾਉਂਦੇ ਹਨ ਕਿ ਜੇ ਤੂੰ ਆਪਣਾ ਲੋਕ ਅਤੇ ਪਰਲੋਕ ਸੁਧਾਰਨਾ ਹੈ ਤਾਂ ਉਸ ਅਕਾਲ ਪੁਰਖ ਦੇ ਨਾਮ ਨਾਲ ਆਪਣੇ ਆਪ ਨੂੰ ਇਸ ਜੀਵਨ ਵਿੱਚ ਜੋੜ ਲੈ॥੪॥

ਗਉੜੀ ਮਹਲਾ ੫ ॥

ਗਰੀਬਾ ਉਪਰਿ ਜਿ ਖਿੰਜੈ ਦਾੜੀ ॥ ਪਾਰਬ੍ਰਹਮਿ ਸਾ ਅਗਨਿ ਮਹਿ ਸਾੜੀ ॥੧॥ ਪੂਰਾ ਨਿਆਉ ਕਰੇ ਕਰਤਾਰੁ ॥ ਅਪੁਨੇ ਦਾਸ ਕਉ ਰਾਖਨਹਾਰੁ ॥੧॥ ਰਹਾਉ ॥ ਆਦਿ ਜੁਗਾਦਿ ਪ੍ਰਗਟਿ ਪਰਤਾਪੁ ॥ ਨਿੰਦਕੁ ਮੁਆ ਉਪਜਿ ਵਡ ਤਾਪੁ ॥੨॥ ਤਿਨਿ ਮਾਰਿਆ ਜਿ ਰਖੈ ਨ ਕੋਇ ॥ ਆਗੈ ਪਾਛੈ ਮੰਦੀ ਸੋਇ ॥੩॥ ਅਪੁਨੇ ਦਾਸ ਰਾਖੈ ਕੰਠਿ ਲਾਇ ॥ ਸਰਣਿ ਨਾਨਕ ਹਰਿ ਨਾਮੁ ਧਿਆਇ ॥੪॥੯੮॥੧੬੭॥ {ਪੰਨਾ 199}

ਭਾਵ ਅਰਥ:-

ਜਿਹੜਾ ਅਮੀਰ ਬੰਦਾ ਗਰੀਬਾਂ ਨੂੰ ਦੁੱਖ ਦਿੰਦਾ ਹੈ, ਓਹ ,ਗੋਵਿੰਦ ਪ੍ਰਭੂ ਉਸ ਨੂੰ ਅੱਗ ਵਿੱਚ ਸਾੜਦਾ ਹੈ (ਭਾਵ ਉਸ ਦਾ ਮਨ ਕਦੇ ਸ਼ਾਂਤ ਨਹੀਂ ਰਹਿ ਸਕਦਾ)॥੧ ॥

ਉਹ ਉੱਤਮ ਪੁਰਖ ਸੰਪੂਰਨ ਤੌਰ ਤੇ ਨਿਆਂ ਕਰਦਾ ਹੈ ਅਤੇ ਆਪਣੇ ਪਿਆਰੇ, ਨਾਮ ਲੇਵਾ ਦਾਸਾਂ ਦੀ ਆਪ ਰਾਖੀ ਕਰਦਾ ਹੈ॥੧॥ ਰਹਾਉ॥

ਅਜਿਹੇ ਨੇਕ ਬੰਦੇ ਦੀ ਚਰਚਾ ਜੱਗ ਵਿੱਚ ਹੁੰਦੀ ਹੈ, ਜਦ ਕਿ ਨਿੰਦਿਆ ਕਰਨ ਵਾਲੇ ਨੂੰ ਮਾਨਸਿਕ ਤਾਪ ਆਤਮਿਕ ਤਾਪ ਸਦਾ ਲਈ ਲੱਗ ਜਾਂਦਾ ਹੈ।੨॥ ।

(ਅਜਿਹੇ ਪਾਪੀ) ਮਨੁੱਖ ਨੂੰ ਉਹ ਅਗਮ ਅਗੋਚਰ ਪ੍ਰਭੂ ਆਪ ਸਿਝਦਾ ਹੈ ਅਤੇ ਉਸ ਨੂੰ ਕੋਈ ਹੋਰ ਬਚਾ ਨਹੀਂ ਸਕਦਾ ਜਿਸ ਦੇ ਅੱਗੇ ਪਿੱਛੇ ਮਾੜੀਆਂ ਹੀ ਚੀਜ਼ਾਂ, ਮਾੜੇ ਹੀ ਵਰਤਾਓ ਫਿਰਦੇ ਹਨ।(ਭਾਵ ਉਹਦੀ ਜਿੰਦਗੀ ਨਰਕ ਬਣ ਕੇ ਰਹਿ ਜਾਂਦੀ ਹੈ)॥੩॥

ਹੇ ਨਾਨਕ ! ਉਹ ਪ੍ਰਭੂ ਪਰਮਾਤਮਾ ਆਪਣੇ ਪਿਆਰਿਆਂ ਦਾਸਾਂ ਨੂੰ ਆਪਣੇ ਹਿਰਦੇ ਨਾਲ ਲਾ ਕੇ ਰੱਖਦਾ ਹੈ ,ਜਿਹੜਾ ਉਹਦੀ ਸ਼ਰਨ ਵਿੱਚ ਆਪਣੇ ਆਪ ਨੂੰ ਸਮਰਪਿਤ ਕਰਕੇ ਉਹਦੇ ਨਾਮ ਦੀ ਭਜਨ ਬੰਦਗੀ ਕਰਦਾ ਹੈ॥੪॥

ਗਉੜੀ ਮਹਲਾ ੫ ॥

ਮਹਜਰੁ ਝੂਠਾ ਕੀਤੋਨੁ ਆਪਿ ॥ ਪਾਪੀ ਕਉ ਲਾਗਾ ਸੰਤਾਪੁ ॥੧॥ ਜਿਸਹਿ ਸਹਾਈ ਗੋਬਿਦੁ ਮੇਰਾ ॥ ਤਿਸੁ ਕਉ ਜਮੁ ਨਹੀ ਆਵੈ ਨੇਰਾ ॥੧॥ ਰਹਾਉ ॥ ਸਾਚੀ ਦਰਗਹ ਬੋਲੈ ਕੂੜੁ ॥ ਸਿਰੁ ਹਾਥ ਪਛੋੜੈ ਅੰਧਾ ਮੂੜੁ ॥੨॥ ਰੋਗ ਬਿਆਪੇ ਕਰਦੇ ਪਾਪ ॥ ਅਦਲੀ ਹੋਇ ਬੈਠਾ ਪ੍ਰਭੁ ਆਪਿ ॥੩॥ ਅਪਨ ਕਮਾਇਐ ਆਪੇ ਬਾਧੇ ॥ ਦਰਬੁ ਗਇਆ ਸਭੁ ਜੀਅ ਕੈ ਸਾਥੈ ॥੪॥ ਨਾਨਕ ਸਰਨਿ ਪਰੇ ਦਰਬਾਰਿ ॥ ਰਾਖੀ ਪੈਜ ਮੇਰੈ ਕਰਤਾਰਿ ॥੫॥੯੯॥੧੬੮॥ {ਪੰਨਾ 199}

ਭਾਵ ਅਰਥ:-

ਪਾਪੀਆਂ ਅਤੇ ਦੁਸ਼ਟਾਂ ਨੂੰ ਉਹ ਪ੍ਰਭੂ ਪਰਮਾਤਮਾ ਆਪ ਹੀ ਝੂਠਾ ਕਰਾਰ ਦਿੰਦਾ ਹੈ ਤੇ ਇਸ ਦੀ ਸਜ਼ਾ ਸੰਤਾਪ ਦੇ ਰੂਪ ਵਿੱਚ ਅਜਿਹਾ ਬੰਦਾ ਸਦਾ ਲਈ ਹੰਡਾਉਂਦਾ ਹੈ॥੧॥

ਜਿਸ ਦਾ ਟੇਕ ਸਹਾਰਾ ਸਾਥ ਅਕਾਲ ਪੁਰਖ ਆਪ ਬਣਦਾ ਹੈ ਤੇ ਉਹ ਆਤਮਿਕ ਮੌਤੇ ਕਦੇ ਨਹੀਂ ਮਰਦਾ॥੧॥ ਰਹਾਉ॥

ਸੱਚੇ ਦਰਬਾਰ ਵਿੱਚ ਵੀ ਮੂੜ ਤੇ ਝੂਠਾ ਬੰਦਾ ਕੂੜ ਹੀ ਬੋਲਦਾ ਹੈ ਅਤੇ ਬਾਅਦ ਵਿੱਚ ਹੱਥ ਮਲਨੇ ਪੈਂਦੇ ਹਨ। ਭਾਵ ਪਛਤਾਵਾ ਕਰਨਾ ਹੀ ਹੁੰਦਾ ਹੈ, ਅਜਿਹੇ ਅੰਨੇ ਇਨਸਾਨਾਂ ਨੂੰ॥੨॥

ਉਹ ਵਾਹਿਗੁਰੂ ਪਰਮਾਤਮਾ ਇੱਕ ਦਰਬਾਨ ਦੇ ਤੌਰ ਤੇ ਬੈਠਾ ਸਭ ਕੁਝ ਦੇਖਦਾ ਹੈ, ਜਿਸ ਦਾ ਸਦਕਾ ਪਾਪੀਆਂ ਨੂੰ ਦੰਡ ਦੇ ਤੌਰ ਤੇ ਕਈ ਤਰ੍ਹਾਂ ਦੇ ਰੋਗ ਮਿਲਦੇ ਹਨ॥੩॥

ਹਰ ਜੀਵ ਆਪਣੀ ਹੀ ਕਮਾਈ ਪਰਲੋਕ ਵਿੱਚ ਲੈ ਕੇ ਜਾਂਦਾ ਹੈ ਤੇ ਉਹਦੇ ਮੁਤਾਬਕ ਹੀ ਫਲ ਪਾਉਂਦਾ ਹੈ ਭਾਵੇਂ ਇਹ ਮਨੁੱਖ ਬਾਕੀ ਜੀਆਂ ਦੇ ਨਾਲ ਹੀ ਉੱਥੇ ਪਹੁੰਚਦਾ ਹੈ॥੪॥

ਹੇ ਨਾਨਕ ! ਤੱਤਸਾਰ ਇਹ ਨਿਕਲਦਾ ਹੈ ਕਿ ਆਪਣੇ ਆਪ ਨੂੰ ਉਸ ਸੱਚੇ ਕਰਤਾਰ ਦੇ ਚਰਨ ਕਮਲਾਂ ਵਿੱਚ ਸਮਰਪਿਤ ਕਰ ਦਿਓ, ਉਹ ਆਪੇ ਹੀ ਜੀਵ ਦੀ ਹਰ ਤਰ੍ਹਾਂ ਦੀ ਰੱਖਿਆ ਕਰੇਗਾ॥੫॥

ਗਉੜੀ ਮਹਲਾ ੫ ॥

ਜਨ ਕੀ ਧੂਰਿ ਮਨ ਮੀਠ ਖਟਾਨੀ ॥ ਪੂਰਬਿ ਕਰਮਿ ਲਿਖਿਆ ਧੁਰਿ ਪ੍ਰਾਨੀ ॥੧॥ ਰਹਾਉ ॥ ਅਹੰਬੁਧਿ ਮਨ ਪੂਰਿ ਥਿਧਾਈ ॥ ਸਾਧ ਧੂਰਿ ਕਰਿ ਸੁਧ ਮੰਜਾਈ ॥੧॥ ਅਨਿਕ ਜਲਾ ਜੇ ਧੋਵੈ ਦੇਹੀ ॥ ਮੈਲੁ ਨ ਉਤਰੈ ਸੁਧੁ ਨ ਤੇਹੀ ॥੨॥ ਸਤਿਗੁਰੁ ਭੇਟਿਓ ਸਦਾ ਕ੍ਰਿਪਾਲ ॥ ਹਰਿ ਸਿਮਰਿ ਸਿਮਰਿ ਕਾਟਿਆ ਭਉ ਕਾਲ ॥੩॥ ਮੁਕਤਿ ਭੁਗਤਿ ਜੁਗਤਿ ਹਰਿ ਨਾਉ ॥ ਪ੍ਰੇਮ ਭਗਤਿ ਨਾਨਕ ਗੁਣ ਗਾਉ ॥੪॥੧੦੦॥੧੬੯॥ {ਪੰਨਾ 199-200}

ਭਾਵ ਅਰਥ:-

ਹੇ ਜੀਵ !ਪੂਰਬਲੇ ਕਰਮਾਂ ਦੀ ਜੋ ਗੰਦਗੀ ਤੇਰੇ ਮਨ ਨਾਲ ਚਿੰਬੜੀ ਹੈ ਉਹ ਸਾਧੂ ਮਜਨ ਕਰਨ ਨਾਲ ਸਾਧ ਸੰਗਤ ਅਤੇ ਉਹਨਾਂ ਦੇ ਚਰਨਾਂ ਦੀ ਧੂੜ ਮੱਥੇ ਤੇ ਲਾਉਣ ਨਾਲ (ਭਾਵ ਆਪਣੇ ਹਉਮੈ ਨੂੰ ਮਾਰ ਕੇ)ਸਾਧ ਸੰਗਤ ਵਿੱਚ ਵਿਚਰਨ ਨਾਲ ਅਤੇ ਨਾਮ ਸਿਮਰਨ ਕਰਨ ਨਾਲ ਹੀ ਉਤਰ ਸਕਦੀ ਹੈ॥੧॥ ਰਹਾਉ॥

ਜਿਸ ਹਿਰਦੇ ਵਿੱਚ ਸੰਪੂਰਨ ਤੌਰ ਤੇ ਹੰਕਾਰ ਵੱਸਿਆ ਹੋਇਆ ਹੋਵੇ ਉਸ ਨੂੰ ਸਾਧ ਸੰਗਤ ਦੇ ਚਰਨਾਂ ਦੀ ਧੂੜ ਹੀ ਮਾਂਜ ਕੇ ਸਾਫ ਕਰ ਸਕਦੀ ਹੈ॥੧॥

ਹੇ ਭਾਈ !ਭਾਵੇਂ ਤਰ੍ਹਾਂ ਤਰ੍ਹਾਂ ਦੇ ਇਸ਼ਨਾਨ ਕਰਕੇ ਸਰੀਰ ਨੂੰ ਸਾਫ ਕਰਨ ਦੀ ਕੋਸ਼ਿਸ਼ ਕਰ ਲੈ ਪਰ ਮਨ ਦੀ ਮੈਲ ਉਹਦੇ ਨਾਲ ਨਹੀਂ ਉਤਰਦੀ॥੨॥

ਇਹ ਉਦੋਂ ਹੀ ਸੰਭਵ ਹੋ ਸਕਦਾ ਹੈ (ਹਿਰਦਾ ਸਾਫ ਹੋ ਸਕਦਾ ਹੈ) ਜਦੋਂ ਸੱਚੇ ਗੁਰੂ ਦੀ ਕਿਰਪਾ ਹੋ ਜਾਵੇ ਤੇ ਉਹ ਤੈਨੂੰ ਆਪਣੇ ਨਾਲ ਮਿਲਾ ਲਵੇ ।

ਸਿਰਫ ਮਿਲਾਵੇ ਹੀ ਨਹੀਂ ਉਹ ਤੈਨੂੰ ਪ੍ਰਭੂ ਪਰਮਾਤਮਾ ਦੇ ਨਾਮ ਗੁਣ ਗਾਉਣ ਦੀ ਸਿੱਖਿਆ ਵੀ ਦਵੇ ਤੇ ਤੂੰ ਉਸ ਦੇ ਮਗਰ ਲੱਗ ਕੇ ਨਾਮ ਗੁਣ ਗਾ ਕੇ ਆਪਣੇ ਇਹ ਪਾਪ ਧੋ ਸਕਦਾ ਹੈਂ॥੩॥

ਹੇ ਨਾਨਕ ਪ੍ਰੇਮ ਭਗਤੀ ਨਾਲ ਉਸ ਸੱਚੇ ਕਰਤਾਰ ਦਾ ਨਾਮ ਜਪਣਾ ਕਰ॥੪॥

**ਅੰਗ 200**

ਗਉੜੀ ਮਹਲਾ ੫ ॥

ਜੀਵਨ ਪਦਵੀ ਹਰਿ ਕੇ ਦਾਸ ॥ ਜਿਨ ਮਿਲਿਆ ਆਤਮ ਪਰਗਾਸੁ ॥੧॥ ਹਰਿ ਕਾ ਸਿਮਰਨੁ ਸੁਨਿ ਮਨ ਕਾਨੀ ॥ ਸੁਖੁ ਪਾਵਹਿ ਹਰਿ ਦੁਆਰ ਪਰਾਨੀ ॥੧॥ ਰਹਾਉ ॥ ਆਠ ਪਹਰ ਧਿਆਈਐ ਗੋਪਾਲੁ ॥ ਨਾਨਕ ਦਰਸਨੁ ਦੇਖਿ ਨਿਹਾਲੁ ॥੨॥੧੦੧॥੧੭੦॥ {ਪੰਨਾ 200}

ਭਾਵ ਅਰਥ:-

ਹੇ ਭਾਈ ! ਜਿਸ ਮਨੁੱਖ ਨੂੰ ਆਤਮ ਚਾਨਣ ਹੋ ਗਿਆ (ਭਾਵ ਗੁਰੂ ਦਾ ਮਾਰਗ ਦਰਸ਼ਨ) ਉਸ ਗੁਰੂ ਦੇ ਦਾਸ ਨੂੰ ਜੀਵਨ ਦੀ ਉੱਚ ਪਦਵੀ ਪ੍ਰਾਪਤ ਹੋ ਗਈ॥੧॥ ਜਿਹੜਾ ਮਨੁੱਖ ਪ੍ਰਭੂ ਦਾ ਨਾਮ ਸਰਵਣ ਕਰਦਾ ਹੈ, ਉਹ ਹਰਿ ਪ੍ਰਭੂ ਦੇ ਦਰਬਾਰ ਤੇ ਪਹੁੰਚ ਜਾਂਦਾ ਹੈ ਅਤੇ ਸਾਰੇ ਤਰ੍ਹਾਂ ਦੇ ਸੁਖ ਹਾਸਿਲ ਕਰ ਲੈਂਦਾ ਹੈ॥੧॥ ਰਹਾਉ॥

ਹੇ ਨਾਨਕ ! ਦਿਨ ਦੇ ਅੱਠੇ ਪਹਿਰ ਉਸ ਜਨਮ ਦੇਣ ਵਾਲੇ ਨਿਰੰਕਾਰ ਨੂੰ ਸਿਮਰਨਾ ਕਰ, ਤੂੰ ਆਪੇ ਹੀ ਉਹਦੇ ਦਰਸ਼ਨ ਪਾ ਕੇ ਧੰਨ ਧੰਨ ਹੋ ਜਾਏਂਗਾ॥੨॥

ਗਉੜੀ ਮਹਲਾ ੫ ॥

ਸਾਂਤਿ ਭਈ ਗੁਰ ਗੋਬਿਦਿ ਪਾਈ ॥ ਤਾਪ ਪਾਪ ਬਿਨਸੇ ਮੇਰੇ ਭਾਈ ॥੧॥ ਰਹਾਉ ॥ ਰਾਮ ਨਾਮੁ ਨਿਤ ਰਸਨ ਬਖਾਨ ॥ ਬਿਨਸੇ ਰੋਗ ਭਏ ਕਲਿਆਨ ॥੧॥ ਪਾਰਬ੍ਰਹਮ ਗੁਣ ਅਗਮ ਬੀਚਾਰ ॥ ਸਾਧੂ ਸੰਗਮਿ ਹੈ ਨਿਸਤਾਰ ॥੨॥ ਨਿਰਮਲ ਗੁਣ ਗਾਵਹੁ ਨਿਤ ਨੀਤ ॥ ਗਈ ਬਿਆਧਿ ਉਬਰੇ ਜਨ ਮੀਤ ॥੩॥ ਮਨ ਬਚ ਕ੍ਰਮ ਪ੍ਰਭੁ ਅਪਨਾ ਧਿਆਈ ॥ ਨਾਨਕ ਦਾਸ ਤੇਰੀ ਸਰਣਾਈ ॥੪॥੧੦੨॥੧੭੧॥ {ਪੰਨਾ 200}

ਭਾਵ ਅਰਥ:-

ਹੇ ਮੇਰੇ ਸੱਜਣੋ ! ਉਸ ਕਰਤਾਰ ਪ੍ਰਭੂ ਦਾ ਨਾਮ ਜਪ ਕੇ ਜਦੋਂ ਉਸ ਦੇ ਚਰਨ ਕਮਲਾਂ ਦਾ ਆਸਰਾ ਮਿਲ ਜਾਂਦਾ ਹੈ , ਉਹਦੇ ਨਾਲ ਮਿਲਾਪ ਹੋ ਜਾਂਦਾ ਹੈ ਤਾਂ ਹਰ ਤਰਾਂ ਦੇ ਦੁਖ ਤਾਪ ਸੰਤਾਪ ਅਤੇ ਪਾਪ ਵਿਕਾਰ ਸਭ ਖਤਮ ਹੋ ਜਾਂਦੇ ਹਨ॥੧॥ ਰਹਾਉ॥

ਰਸਨਾ ਨਾਲ ਹਰ ਰੋਜ਼ ਹਰਿ ਪ੍ਰਭੂ ਦਾ ਨਾਮ ਜਪਣਾ ਕਰ ਜਿਸ ਨਾਲ ਤੇਰੇ ਸਾਰੇ ਦੁੱਖ ਤਕਲੀਫ ਪਾਪ ਅਤੇ ਮਾੜੇ ਵਿਚਾਰ ਖਤਮ ਹੋ ਜਾਣਗੇ॥੧॥

ਹੇ ਭਾਈ! ਆਪਣੇ ਮਨ ਨੂੰ,ਉਸ ਅਗਮ ਅਗੋਚਰ ਪਾਰਬ੍ਰਹਮ ਪਰਮੇਸ਼ਰ ਪ੍ਰਭੂ ਦੇ ਨਾਮ ਦੀ ਚਰਚਾ ਵਿਚਾਰ ਵਿੱਚ ਜੋੜ ਲੈ ,ਤੇਰੇ ਸਾਰੇ ਕਲਿਆਣ ਹੋ ਜਾਣਗੇ॥੨॥

ਉਸ ਪਾਵਨ ਪ੍ਰਭੂ ਦੇ ਨਿਤਾ ਪ੍ਰਤੀ ਗੁਣ ਗਾਣ ਕਰਨਾ ਕਰ, ਤੇਰੀਆਂ ਹਰ ਤਰ੍ਹਾਂ ਦੀਆਂ ਆਧੀਆਂ ਵਿਆਧੀਆਂ ਦੁੱਖ ਤਕਲੀਫਾਂ ਆਪਣੇ ਆਪ ਮੁੱਕ ਜਾਣਗੀਆਂ ਅਤੇ ਤੇਰਾ ਨਾਮ ਕੁਲ ਦੁਨੀਆਂ ਵਿੱਚ ਫੈਲ ਜਾਏਗਾ॥੩॥

ਹੇ ਨਾਨਕ ! ਮੈਂ ਪ੍ਰਭੂ ਦਾ ਦਾਸ ਆਪਣੇ ਮਨ ਨੂੰ ਬੁਰੇ ਕੰਮਾਂ ਵਿੱਚੋਂ ਬਚਾ ਕੇ ਚੰਗੇ ਕਰਮਾਂ ਵਿੱਚ ਲਾ ਚੁੱਕਿਆ ਹਾਂ ਅਤੇ ਅੰਤ ਤੇਰੀ ਸ਼ਰਨ ਵਿੱਚ ਆਪਣੇ ਆਪ ਨੂੰ ਸਮਰਪਿਤ ਕਰ ਚੁੱਕਾ ਹਾਂ॥੪॥

ਗਉੜੀ ਮਹਲਾ ੫ ॥

ਨੇਤ੍ਰ ਪ੍ਰਗਾਸੁ ਕੀਆ ਗੁਰਦੇਵ ॥ ਭਰਮ ਗਏ ਪੂਰਨ ਭਈ ਸੇਵ ॥੧॥ ਰਹਾਉ ॥ ਸੀਤਲਾ ਤੇ ਰਖਿਆ ਬਿਹਾਰੀ ॥ ਪਾਰਬ੍ਰਹਮ ਪ੍ਰਭ ਕਿਰਪਾ ਧਾਰੀ ॥੧॥ ਨਾਨਕ ਨਾਮੁ ਜਪੈ ਸੋ ਜੀਵੈ ॥ ਸਾਧਸੰਗਿ ਹਰਿ ਅੰਮ੍ਰਿਤੁ ਪੀਵੈ ॥੨॥੧੦੩॥੧੭੨॥ {ਪੰਨਾ 200}

ਭਾਵ ਅਰਥ:-

ਗੁਰੂ ਦੇ ਮਾਰਗਦਰਸ਼ਨ ਨਾਲ ਮੇਰੇ ਦਿਲੋ ਦਿਮਾਗ ਵਿੱਚ ਪ੍ਰਭੂ ਪਰਮਾਤਮਾ ਦੇ ਨਾਮ ਦਾ ਚਾਨਣਾ ਹੋ ਗਿਆ ਤੇ ਇਸ ਨਾਲ ਹਰ ਤਰ੍ਹਾਂ ਦੇ ਮੇਰੇ ਭਰਮ ਭੁਲੇਖੇ ਦੂਰ ਹੋ ਗਏ ਹਨ ਅਤੇ ਉਸ ਅਕਾਲ ਪੁਰਖ ਦੀ ਉਸਤਤਿ ਵਿੱਚ ਮਨ ਲੱਗ ਗਿਆ ਹੈ॥੧॥ ਰਹਾਉ॥

ਜਦੋਂ ਪ੍ਰਭੂ ਪਰਮਾਤਮਾ ਦੀ ਮੇਰੇ ਉੱਤੇ ਮਿਹਰ ਹੋ ਗਈ ਤਾਂ ਉਸ ਦਾਤੇ ਨੇ ਮੈਨੂੰ ਸ਼ੀਤਲਾ ਮਾਤਾ ਵਰਗੀਆਂ ਬਿਮਾਰੀਆਂ ਤੋਂ ਵੀ ਬਚਾ ਲਿਆ ਹੈ॥੧॥

ਹੇ ਨਾਨਕ ! ਉਸ ਅਕਾਲ ਪੁਰਖ ਦਾ ਨਾਮ ਜਪਣ ਵਾਲਾ ਆਤਮਿਕ ਮੌਤੇ ਨਾ ਮਰਨ ਕਰਕੇ ਹੋ ਜਾਂਦਾ ਹੈ, ਕਿਉਂਕਿ ਉਸ ਨੇ ਗੁਰੂ ਤੇ ਮਾਰਗ ਦਰਸ਼ਨ ਅਨੁਸਾਰ ਨਾਮ ਦਾ ਅੰਮ੍ਰਿਤ ਰਸ ਪੀ ਲਿਆ ਹੁੰਦਾ ਹੈ ॥੨॥

ਗਉੜੀ ਮਹਲਾ ੫ ॥

ਧਨੁ ਓਹੁ ਮਸਤਕੁ ਧਨੁ ਤੇਰੇ ਨੇਤ ॥ ਧਨੁ ਓਇ ਭਗਤ ਜਿਨ ਤੁਮ ਸੰਗਿ ਹੇਤ ॥੧॥ ਨਾਮ ਬਿਨਾ ਕੈਸੇ ਸੁਖੁ ਲਹੀਐ ॥ ਰਸਨਾ ਰਾਮ ਨਾਮ ਜਸੁ ਕਹੀਐ ॥੧॥ ਰਹਾਉ ॥ ਤਿਨ ਊਪਰਿ ਜਾਈਐ ਕੁਰਬਾਣੁ ॥ ਨਾਨਕ ਜਿਨਿ ਜਪਿਆ ਨਿਰਬਾਣੁ ॥੨॥੧੦੪॥੧੭੩॥

ਭਾਵ ਅਰਥ:-

ਹੇ ਪ੍ਰਭੂ ਉਹ ਮਸਤਕ ਭਾਗਾਂ ਵਾਲਾ ਹੈ ਜਿਹੜਾ ਤੇਰੇ ਦਰ ਤੇ ਝੁਕਦਾ ਹੈ ਉਹ ਨੇਤਰ ਧਨ ਹਨ ਜਿਹੜੇ ਤੇਰੇ ਦਰਸ਼ਨ ਕਰਦੇ ਤੇ ਉਹ ਭਗਤ ਵੀ ਧੰਨ ਹਨ ਜਿਹੜੇ ਤੇਰੀ ਭਗਤੀ ਵਿੱਚ ਲੀਨ ਹੋ ਚੁੱਕੇ ਹਨ॥੧॥

ਆਪਣੇ ਜਿਹਬਾ ਤੋਂ ਬਿਨਾਂ ਰਾਮ ਦਾ ਨਾਮ ਨਹੀਂ ਲਿਆ ਜਾ ਸਕਦਾ ਅਤੇ ਨਾਮ ਤੋਂ ਬਿਨਾਂ ਸੁਖ ਨਹੀਂ ਮਿਲ ਸਕਦਾ॥੧॥ ਰਹਾਉ॥

ਹੇ ਨਾਨਕ ਮੈਂ ਉਹਨਾਂ ਜਾਤਕਾਂ ਤੋਂ ਸਦਕੇ ਜਾਂਦਾ ਹਾਂ ਜਿਨਾਂ ਨੇ ਨਿਸ਼ਕਾਮ ਨਿਰਵਾਸਨਾ ਪ੍ਰਭੂ ਦਾ ਨਾਮ ਜਪਿਆ॥੨॥

ਗਉੜੀ ਮਹਲਾ ੫ ॥

ਤੂੰਹੈ ਮਸਲਤਿ ਤੂੰਹੈ ਨਾਲਿ ॥ ਤੂਹੈ ਰਾਖਹਿ ਸਾਰਿ ਸਮਾਲਿ ॥੧॥ ਐਸਾ ਰਾਮੁ ਦੀਨ ਦੁਨੀ ਸਹਾਈ ॥ ਦਾਸ ਕੀ ਪੈਜ ਰਖੈ ਮੇਰੇ ਭਾਈ ॥੧॥ ਰਹਾਉ ॥ ਆਗੈ ਆਪਿ ਇਹੁ ਥਾਨੁ ਵਸਿ ਜਾ ਕੈ ॥ ਆਠ ਪਹਰ ਮਨੁ ਹਰਿ ਕਉ ਜਾਪੈ ॥੨॥ ਪਤਿ ਪਰਵਾਣੁ ਸਚੁ ਨੀਸਾਣੁ ॥ ਜਾ ਕਉ ਆਪਿ ਕਰਹਿ ਫੁਰਮਾਨੁ ॥੩॥ ਆਪੇ ਦਾਤਾ ਆਪਿ ਪ੍ਰਤਿਪਾਲਿ ॥ ਨਿਤ ਨਿਤ ਨਾਨਕ ਰਾਮ ਨਾਮੁ ਸਮਾਲਿ ॥੪॥੧੦੫॥੧੭੪॥ {ਪੰਨਾ 200}

ਭਾਵ ਅਰਥ:-

ਹੇ ਅਕਾਲ ਪੁਰਖ ਪ੍ਰਭੂ ! ਤੂੰ ਮੈਨੂੰ ਆਪ ਹੀ ਸਲਾਹ ਦੇਣ ਵਾਲਾ ਹੈਂ ਤੇ ਤੂੰ ਆਪ ਹੀ ਟੇਕ ਦੇਣ ਵਾਲਾ ਹੈਂ ਤੇ ਤੂੰ ਹੀ ਮੇਰੀ ਰੱਖਿਆ ਤੇ ਸੰਭਾਲ ਕਰਦਾ ਹੈਂ॥੧॥

ਤੂੰ ਹੀ ਦਾਤਾ, ਦੀਨਾਂ ਅਤੇ ਦੁਖੀਆਂ ਦਾ ਸਹਾਰਾ ਹੈਂ ਤੇ ਆਪਣੇ ਦਾਸਾਂ ਤੇ ਸੇਵਕਾਂ ਦੀ ਰੱਖ ਵੀ ਤੂੰ ਹੀ ਰੱਖਦਾ ਹੈਹੈਂ ॥੧॥ ਰਹਾਉ॥

ਓਹੋ ਗੋਬਿੰਦ ਪ੍ਰਭੂ ਲੋਕ ਅਤੇ ਪਰਲੋਕ ਦੋਵਾਂ ਥਾਵਾਂ ਤੇ ਵੱਸਦਾ ਹੈ ਇਸ ਲਈ ਹੇ ਬੰਦਿਆ, ਉਸਦੇ ਨਾਮ ਸਿਮਰਨ ਦੀ 24 ਘੰਟੇ ਆਦਤ ਪਾ॥੨॥

ਉਹ ਅਗਮ ਅਗੋਚਰ ਪ੍ਰਭੂ ਜਿਸ ਉਪਰ ਨਜ਼ਰ ਸਵੱਲੀ ਕਰ ਦੇਵੇ ਉਸ ਨੂੰ ਆਪਣੇ ਨਾਮ ਦੀ ਰਾਹਦਾਰੀ ਦੇ ਕੇ ਪਰਲੋਕ ਵੱਲ ਨੂੰ ਤੋਰਦਾ ਹੈ॥੩॥

ਹੇ ਨਾਨਕ! ਉਹ ਪਰਮਾਤਮਾ ਆਪ ਹੀ ਦੇਨਹਾਰ ਹੈ ਤੇ ਆਪ ਹੀ ਪਾਲਣਹਾਰ ਹੈ ,ਇਸ ਕਰਕੇ ਨਿਤਾ ਪ੍ਰਤੀ ਉਸ ਦੇ ਨਾਮ ਨੂੰ ਆਪਣੇ ਜੀਵਨ ਦਾ ਆਧਾਰ ਬਣਾ ਲੈ॥੪॥

ਗਉੜੀ ਮਹਲਾ ੫ ॥

ਸਤਿਗੁਰੁ ਪੂਰਾ ਭਇਆ ਕ੍ਰਿਪਾਲੁ ॥ ਹਿਰਦੈ ਵਸਿਆ ਸਦਾ ਗੁਪਾਲੁ ॥੧॥ ਰਾਮੁ ਰਵਤ ਸਦ ਹੀ ਸੁਖੁ ਪਾਇਆ ॥ ਮਇਆ ਕਰੀ ਪੂਰਨ ਹਰਿ ਰਾਇਆ ॥੧॥ ਰਹਾਉ ॥ ਕਹੁ ਨਾਨਕ ਜਾ ਕੇ ਪੂਰੇ ਭਾਗ ॥ ਹਰਿ ਹਰਿ ਨਾਮੁ ਅਸਥਿਰੁ ਸੋਹਾਗੁ ॥੨॥੧੦੬॥ {ਪੰਨਾ 200-201}

ਭਾਵ ਅਰਥ :-

ਹੇ ਭਾਈ ! ਜਦੋਂ ਉਸ ਨਿਰੰਜਨ ਨਿਰੰਕਾਰ ਪ੍ਰਭੂ ਦੀ ਕਿਰਪਾ ਹੋ ਗਈ ਤਾਂ ਉਹ ਆਪ ਗੋਪਾਲ ਰੂਪ ਵਿੱਚ ਮਨੁੱਖ ਦੇ ਹਿਰਦੇ ਅੰਦਰ ਵਸਣ ਦੀ ਕਿਰਪਾਲਤਾ ਕਰਦਾ ਹੈ॥੧॥

ਇਹ ਉਸੇ ਦਾਤੇ ਦੀ ਕਿਰਪਾ ਹੈ ਜੋ ਉਹ ਮੇਰੇ ਹਿਰਦੇ ਅੰਦਰ ਵੱਸ ਗਿਆ ਹੈ ਅਤੇ ਉਹਦੀ ਮੇਰੇ ਉੱਤੇ ਪੂਰਨ ਕਿਰਪਾਲਤਾ ਹੋ ਗਈ ਹੈ॥੧॥ ਰਹਾਉ॥

ਹੇ ਨਾਨਕ ! ਜਿਸਦੇ ਭਾਗਾਂ ਵਿੱਚ ਧੁਰੋਂ ਲਿਖਿਆ ਹੋਇਆ ਹੋਵੇ , ਉਸ ਨੂੰ ਹਰੀ ਪ੍ਰਭੂ ਇਕ ਸੁਹਾਗ ਦੀ ਤਰਾਂ ਸਦਾ ਚਿਰ ਵਾਸਤੇ ਮਿਲ ਜਾਂਦਾ ਹੈ॥੨॥



ਨਰੇਸ਼ ਕੁਮਾਰੀ
ਨਿਊਜ਼ੀਲੈਂਡ
+642041755894


Gillson
TRUCKING INC
NOW HIRING
TRUCK DRIVERS
CLASS A CDL
✓Signing Bonus
✓Top pay
✓Mileage Pay
✓Great Benefits
✓Over the Road or Local Routes
✓Reefers and Dry Van Operations
✓No touch freight
SKILLS
✓Responsible truck driver.
✓Experience with electronic equipment.
✓Ability to travel regularly.
✓Adaptivity and foresight to handle unexpected situations
(traffic, weather conditions and roads, etc.)
RESPONSIBILITIES
✓Safely operating assigned vehicles.
✓The Vehicles are maintained and serviced as needed.
✓Report any vehicle defects for repair.
✓Make safety a priority at all times.
✓Comply with standard federal laws and with company. policies and procedures.
PAY
✓Average pay: $0.45-$0.60 cents/mile
✓Weekly direct deposits
✓Bonuses for clean inspections
✓High mileage bonuses
NEWER EQUIPMENT
Freightliner and Volvo 2020 and present
Reset pay away from Terminals– Stockton,. CA and Dayton, Ohio
Flexible Home Time
Pet Friendly
Rider Policy
SCAN QR CODE FOR
APPLY NOW
HEALTH BENEFITS
Health
Dental
Vision
1801 E Dr. Martin Luther King Jr. Blvd.
Stockton, CA 95205
925-400-9094 ext. 116, ext. 130 and ext. 144
info@teamgillson.com
GET IN TOUCH
gillsontrucking
company/gillsontrucking
www.teamgillson.com

SANJHI SOCH TV & DAILY NEWSPAPER




TO EXPAND YOUR BUSINESS
IN INDIAN COMMUNITY

Through Newspaper & T.V,
Advertise with us just as
low as $100 PER MONTH.

Call +1 (209) 303-1260

ਆਪਣੇ ਕਾਰੋਬਾਰ ਨੂੰ ਭਾਰਤੀ ਭਾਈਚਾਰੇ ਵਿੱਚ ਅਖ਼ਬਾਰ ਅਤੇ
ਟੀਵੀ ਰਾਹੀ ਵਧਾਉਣ ਲਈ ਸਾਨੂੰ ਇਸ਼ਤਿਹਾਰ ਦਿਉ

ਇਸ਼ਤਿਹਾਰ ਲਾਉਣ ਦੀ ਕੀਮਤ ਸਿਰਫ਼ $100 ਤੋਂ ਸ਼ੁਰੂ ਹੁੰਦੀ ਹੈ

www.sanjhisoch.com
Sanjhi Soch TV NRI

ਟੀ.ਵੀ. ਪੱਤਰਕਾਰਾਂ ਦੀ ਜ਼ਰੂਰਤ

ਸਾਂਝੀ ਸੋਚ ਟੀ.ਵੀ. ਲਈ ਅੰਮ੍ਰਿਤਸਰ, ਜਲੰਧਰ, ਲੁਧਿਆਣਾ, ਚੰਡੀਗੜ੍ਹ
ਤੋਂ ਤਜ਼ੁਰਬੇਕਾਰ ਪੱਤਰਕਾਰਾਂ ਦੀ ਜ਼ਰੂਰਤ ਹੈ। ਤਨਖ਼ਾਹ ਯੋਗਤਾ ਅਨੁਸਾਰ।
ਸੰਪਰਕ: +1 (209) 303-1260